DHINDSA TRAVEL
ਬਾਜ਼ਾਰ ਨਾਲੋਂ ਸਸਤੀਆਂ ਟਿਕਟਾਂ ਦੀ ਗਰੰਟੀ
Email:dhindsatravelltd@yahoo.com
Web:www.dhindsatravels.com
3 Locations Serve You
Payal Bussiness Centre #151-8120-128St, Surrey 604-599-5599
Abbotsford #104-32059 Hillcrest Ave 604-746-2727
DUKH NIVARAN SAHIB PLAZA #111-15299 68Ave 604-744-4445

+91 77175-02848
+91 98146-12006
+91 99882-68982
+1 778-899-1576
+1 778-207-8100
EAGLE EYE
PICK & DROP
CAR RENTALS & TAXI SERVICE 24 HOURS

Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)

ਪੰਜਾਬ ਗਾਰਡੀਅਨ ਐਬਟਸਫੋਰਡ
PUNJAB GUARDIAN
B.C Greater Vancouver, Fraser Valley, Victoria, Nanaimo, Prince George, Kamloops, Kelowna, Oliver, Squamish
ALBERTA Edmonton Calgary
ONTARIO Ottawa, Brampton Toronto
QUEBEC Montreal
USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 32, Issue No. 14 Ending Date: Apr 04, 2025

LW LAKHE WALE JEWELLERS
ਲੱਖੇਵਾਲੇ ਜਿਊਲਰਜ਼ ਜਗਰਾਉਂ ਵਾਲੇ
Manufacture, Retail, Wholesaler
ਅਸੀਂ ਸੋਨੇ ਦੇ ਗਹਿਣੇ ਬਣਾਉਂਦੇ ਹਾਂ ਹੋਲਸੇਲ ਅਤੇ ਰੀਟੇਲ
(604) 503-2655
#162-12899 80 Ave, Surrey
(PAYAL BUSINESS CENTRE)
www.lakhewalejewellers.com lwjwellers@gmail.com

# ਚੋਣਾਂ ਦੇ ਐਲਾਨ ਨਾਲ ਕੈਨੇਡਾ ’ਚ ਸਿਆਸੀ ਹਲਚਲ ਤੇਜ਼



ਵੈਨਕੂਵਰ:ਕੈਨੇਡਾ ਦੀ 44ਵੀਂ ਲੋਕ ਸਭਾ ਭੰਗ ਕੀਤੇ ਜਾਣ ਤੇ 28 ਅਪਰੈਲ ਨੂੰ ਚੋਣਾਂ ਦੇ ਐਲਾਨ ਮਗਰੋਂ ਦੇਸ਼ ਵਿਚ ਸਿਆਸੀ ਹਲਚਲ ਤੇਜ਼ ਹੋ ਗਈ ਹੈ। ਪ੍ਰਧਾਨ ਮੰਤਰੀ ਮਾਰਕ ਕਾਰਨੀ ਓਟਵਾ ਦੇ ਨੇਪੀਅਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਵਜੋਂ ਮੈਦਾਨ ਵਿਚ ਉਤਰਨਗੇ। ਲਿਬਰਲਾਂ ਦਾ ਗੜ੍ਹ ਮੰਨਿਆ ਜਾਂਦਾ ਇਹ ਹਲਕਾ ਲੰਮੇ ਸਮੇਂ ਤੋਂ ਪਾਰਟੀ ਦੇ ਕਬਜ਼ੇ ਹੇਠ ਹੈ। ਇਥੋਂ ਦੇ ਵੋਟਰਾਂ ਨੇ ਭਾਰਤੀ ਮੂਲ ਦੇ ਚੰਦਰ ਆਰੀਆ ਨੂੰ ਤਿੰਨ ਵਾਰ ਜਿਤਾ ਕੇ ਸੰਸਦ ਵਿਚ ਭੇਜਿਆ। ਹਾਲਾਂਕਿ ਕੁਝ ਮਾਮਲਿਆਂ ’ਤੇ ਆਪਣੀ ਹੀ ਪਾਰਟੀ ਦੀ ਨੁਕਤਾਚੀਨੀ ਕਰਕੇ ਆਰੀਆ ਦਾ ਪੱਤਾ ਕੱਟ ਕੇ ਉਨ੍ਹਾਂ ਦੀ ਥਾਂ ਕਾਰਨੀ ਨੂੰ ਇਸ ਸੁਰੱਖਿਅਤ ਹਲਕੇ ਤੋਂ ਮੈਦਾਨ ਵਿਚ ਉਤਾਰਨ ਦਾ ਫੈਸਲਾ ਕੀਤਾ ਗਿਆ ਹੈ। ਦੇਸ਼ ਦੀ ਗਵਰਨਰ ਜਨਰਲ ਮੈਰੀ ਸਾਈਮਨ ਨੇ ਲੋਕ ਸਭਾ ਭੰਗ ਕਰਕੇ ਹੰਗਾਮੀ ਚੋਣਾਂ ਕਰਵਾਉਣ ਦੀ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਤਜਵੀਜ਼ ’ਤੇ ਜਿਵੇਂ ਹੀ ਸਹੀ ਪਾਈ ਤਾਂ ਦੇਸ਼ ਵਿਚ ਸਿਆਸੀ ਹਲਚਲ ਤੇਜ਼ ਹੋ ਗਈ। ਹਰੇਕ ਪਾਰਟੀ ਅਤੇ ਉਸ ਦੇ ਉਮੀਦਵਾਰਾਂ ਦੀਆਂ ਆਈਟੀ ਟੀਮਾਂ ਨੇ ਮੋਰਚੇ ਸੰਭਾਲਦੇ ਹੋਏ ਹਲਕੇ ਦੇ ਲੋਕਾਂ ਦੇ ਫੋਨ ਨੰਬਰਾਂ, ਈਮੇਲਾਂ ਤੇ ਸੋਸ਼ਲ ਮੀਡੀਆ ਖਾਤਿਆਂ ’ਤੇ ਆਪਣੇ ਚੋਣ ਵਾਅਦਿਆਂ ਵਾਲੀਆਂ ਪੋਸਟਾਂ ਪਾਉਣੀਆਂ ਸ਼ੁਰੂ ਕਰ ਦਿੱਤੀਆਂ। ਰੇਡੀਓ ਅਤੇ ਟੀਵੀ ਚੈਨਲਾਂ ’ਤੇ ਮੁੱਖ ਪਾਰਟੀਆਂ ਅਤੇ ਉਮੀਦਵਾਰਾਂ ਦੀ ਚਰਚਾ ਪਹਿਲਾਂ ਨਾਲੋਂ ਵਧ ਗਈ ਹੈ। ਮੰਨਿਆ ਜਾਂਦਾ ਹੈ ਕਿ ਇਸ ਵਾਰ ਦੀ ਚੋਣ ਪਹਿਲੀਆਂ ਚੋਣਾਂ ਤੋਂ ਕੁਝ ਮਹਿੰਗੀ ਹੋਵੇਗੀ, ਪਰ ਲੋਕ ਇਸ ਨੂੰ ਕਿਸ ਤਰ੍ਹਾਂ ਲੈਂਦੇ ਹਨ, ਇਸ ਦਾ ਪਤਾ 28 ਅਪਰੈਲ ਦੀ ਰਾਤ ਨੂੰ ਹੀ ਲੱਗੇਗਾ। ਮਾਰਕ ਕਾਰਨੀ ਨੇ 14 ਮਾਰਚ ਨੂੰ ਪ੍ਰਧਾਨ ਮੰਤਰੀ ਦੀ ਕੁਰਸੀ ’ਤੇ ਬੈਠਦਿਆਂ ਹੀ ਕਾਰਬਨ ਟੈਕਸ ਹਟਾਉਣ ਸਮੇਤ ਲੋਕਾਂ ਵੱਲੋਂ ਸਾਲਾਂ ਤੋਂ ਕੀਤੀਆਂ ਜਾ ਰਹੀਆਂ ਮੰਗਾਂ ਮੰਨ ਲਈਆਂ ਤਾਂ ਲਿਬਰਲ ਪਾਰਟੀ ਦਾ ਹੇਠਾਂ ਵੱਲ ਜਾ ਰਿਹਾ ਗਰਾਫ ਇਕਦਮ ਵਧ ਗਿਆ ਤੇ ਹਫਤੇ ਬਾਅਦ ਹੋਏ ਸਰਵੇਖਣਾਂ ’ਚ ਵਿਰੋਧੀ ਪਾਰਟੀ ਕੰਜ਼ਰਵੇਟਿਵ ਨੂੰ ਪਛਾੜ ਦਿੱਤਾ।

## ਸਰੀ-ਫਲੀਟਵੁੱਡ ਤੋਂ ਸੁੱਖ ਪੰਧੇਰ ਨੂੰ ਕਨਜ਼ਰਵੇਟਿਵ ਪਾਰਟੀ ਨੇ ਉਮੀਦਵਾਰ ਐਲਾਨਿਆ



ਸਰੀ:ਕਨੇਡਾ ‘ਚ ਫੈਡਰਲ ਚੋਣਾਂ ਦੇ ਐਲਾਨ ਤੋਂ ਬਾਅਦ ਫਲੀਟਵੁੱਡ ਸਰੀ ‘ਚ ਰਾਜਨੀਤਿਕ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ, ਜਿੱਥੇ 2 ਮੁੱਖ ਪਾਰਟੀਆਂ ਨੇ ਆਪਣੇ ਉਮੀਦਵਾਰ ਨਾਮਜ਼ਦ ਕਰ ਦਿੱਤੇ ਹਨ। ਤੀਜੀ ਪਾਰਟੀ ਐਨ ਡੀ ਪੀ ਉਮੀਦਵਾਰ ਐਲਾਨਣ ਦੇ ਮਾਮਲੇ ਵਿਚ ਪਛੜ ਗਈ ਪ੍ਰਤੀਤ ਹੁੰਦੀ ਹੈ। ਕੰਜਰਵੇਟਿਵ ਨੇ ਪਿੰਡ ਘਲੋਟੀ ਜਿਲ੍ਹਾ ਲੁਧਿਆਣਾ ਨਾਲ਼ ਸਬੰਧਤ ਉੱਘੇ ਕਾਰੋਬਾਰੀ ਅਤੇ ਖੇਡ ਪ੍ਰਮੋਟਰ ਸੁੱਖ ਪੰਧੇਰ ਜਦਕਿ ਲਿਬਰਲ ਪਾਰਟੀ ਨੇ ਗੁਰਬਖਸ਼ ਸੈਣੀ ਨੂੰ ਮੈਦਾਨ ’ਚ ਉਤਾਰਿਆ ਹੈ। ਹਾਲਾਤਾਂ ਨੂੰ ਵੇਖਦੇ ਹੋਏ ਸੁੱਖ ਪੰਧੇਰ ਦੀ ਪਕੜ ਨੂੰ ਮਜ਼ਬੂਤ ਪਾਇਆ ਜਾ ਰਿਹਾ ਹੈ। ਕਿਉਂਕਿ ਉਹ ਕਬੱਡੀ ਪ੍ਰੇਮੀ ਹੋਣ ਦੇ ਨਾਲ ਨਾ਼ਲ ਸਮਾਜਸੇਵੀ ਵੀ ਹਨ। ਇਸ ਕਾਰਨ ਹਰ ਵਰਗ ਨਾਲ ਜੁੜੇ ਹੋਏ ਹਨ। ਲਿਬਰਲ ਪਾਰਟੀ ਲਈ ਹੋਰ ਚੁਣੌਤੀ ਇਹ ਵੀ ਹੈ ਕਿ ਮੌਜੂਦਾ ਸੰਸਦ ਮੈਂਬਰ ਕੈਨ ਹਾਰਡੀ ਨਾ ਤਾਂ ਹਲਕੇ ਵਿੱਚ ਰਹਿੰਦੇ ਸਨ ਅਤੇ ਨਾ ਹੀ ਉਹਨਾਂ ਦਾ ਭਾਈਚਾਰੇ ਨਾ਼ਲ ਕੋਈ ਕਿਸੇ ਤਰ੍ਹਾਂ ਦਾ ਤਾਲਮੇਲ ਰਿਹਾ ਹੈ। ਦੂਜੇ ਪਾਸੇ, ਗੁਰਬਖਸ਼ ਸੈਣੀ ਵੀ ਹਲਕੇ ਵਿੱਚ ਨਵਾਂ ਚਿਹਰਾ ਹਨ, ਜਿਸ ਕਰਕੇ ਉਨ੍ਹਾਂ ਨੂੰ ਵੀ ਲੋਕਾਂ ਵਿੱਚ ਆਪਣੀ ਪਛਾਣ ਬਣਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਾਉਣਾ ਪਵੇਗਾ। ਐੱਨ ਡੀ ਪੀ ਉਮੀਦਵਾਰ ਐਲਾਨਣ ਦੀ ਦੇਰੀ ਵੀ ਕੰਜ਼ਰਵੇਟਿਵ ਪਾਰਟੀ ਦੇ ਲਈ ਫਾਇਦੇਮੰਦ ਹੈ। ਜਿਸ ਕਾਰਨ ਕਨਜ਼ਰਵੇਟਿਵ ਪਾਰਟੀ ਦੇ ਉਮੀਦਵਾਰ ਦਾ ਹੱਥ ਹਾਲ ਦੀ ਘੜੀ ਜਿੱਤ ਵੱਲ ਇਸ਼ਾਰਾ ਕਰਦਾ ਹੈ। ਆਉਣ ਵਾਲੇ ਦਿਨਾਂ ਵਿਚ ਪਤਾ ਲੱਗੇਗਾ ਕਿ ਊਠ ਕਿਸ ਕਰਵਟ ਬੈਠੇਗਾ।

The Mortgage Centre
ਮੌਰਟਗੇਜ ਦੇ ਵਧੀਆ ਰੇਟ ਅਤੇ ਸਹੀ ਸਲਾਹ ਲਈ ਸੰਪਰਕ ਕਰੋ
ਘਰਾਂ ਦੀ ਮੌਰਟਗੇਜ ਕੰਸਟਰਕਸ਼ਨ ਮੌਰਟਗੇਜ ਕਮਰਸ਼ੀਅਲ ਲੋਨ ਪ੍ਰਾਈਵੇਟ ਲੋਨ
- Purchases with 5% Down Payment
- Refinance & Renewals at Best Rates
- Self-employment - Special Programs
- Second Mortgage & Equity Loans (No Income Verification)
- Private financing - Easy Approvals
- Low Income & Bad Credit Financing
Satnam Saroya
Mortgage Specialist
604.760.9172
# 384-8148 128 St, Surrey
(Payal Buss. Centre)

ਸੁਪਰ ਵੀਜ਼ਾ ਦੇ ਲਈ ਵਿਜ਼ਟਰ ਇਨਸ਼ੋਰੈਂਸ
ਜਸਵੀਰ ਗਰੇਵਾਲ
778 317 6262
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

Colorful Painting Ltd
ਨਵੇਂ ਜਾਂ ਪੁਰਾਣੇ ਘਰ/ਵਪਾਰ ’ਤੇ ਅੰਦਰ ਜਾਂ ਬਾਹਰ ਰੰਗ ਕਰਨ ਦਾ ਕੰਮ ਤਸੱਲੀਬਖਸ਼ ਅਤੇ ਵਾਜਿਬ ਕੀਮਤ ਤੇ ਕਰਦੇ ਹਾਂ।
Commercial & Residential
Interior & Exterior
Ph:604-897-2526

TRANSWORLD TRAVEL
ਗੇੜਾ ਜਿੱਥੇ ਮਰਜੀ ਲਾਉ, ਸਸਤੀ ਟਿਕਟ ਸਾਡੇ ਕੋਲੋਂ ਹੀ ਬਣਵਾਉ
Air Canada Direct YVR to Delhi
604-852-2204

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਲੰਮੇ ਸਮੇਂ ਤੋਂ ਭਰੋਸੇ ਯੋਗ ਸੇਵਾਵਾਂ ਡਾਲਰ ਦਾ ਸਭ ਤੋਂ ਵਧੀਆ ਰੇਟ
604-562-7000, 604-314-0000
#397-8148-128 ST. (PAYAL BUSINESS CENTRE) SURREY

ਵਰਕਰਾਂ ਦੀ ਲੋੜ
ਲੋਅਰ ਮੇਨਲੈਂਡ ਦੀ ਮਸ਼ਹੂਰ ਤੇ ਪੁਰਾਣੀ ਕੰਪਨੀ ਜੈਸ ਕੰਸਟਰਕਸ਼ਨ ਨੂੰ ਫਰੇਮਿੰਗ ਦੇ ਕੰਮ ਲਈ ਤਜਰਬੇਕਾਰ ਅਤੇ ਬਿਨਾ ਤਜਰਬੇ ਤੋਂ ਵਰਕਰਾਂ ਦੀ ਤੁਰੰਤ ਲੋੜ ਹੈ। ਰਾਈਡ ਦਾ ਪ੍ਰਬੰਧ ਹੋਵੇਗਾ।
Ph:604-209-2722

A-CLASS FOREIGN EXCHANGE
ਤੁਸੀਂ ਇੰਡੀਆ ਨੂੰ ਪੈਸੇ ਜਿਸ ਰਾਹੀਂ ਮਰਜ਼ੀ ਭੇਜੋ ਪਰ ਸਾਡੇ ਨਾਲ ਰੇਟ ਜ਼ਰੂਰ ਚੈਕ ਕਰੋ
24 ਘੰਟਿਆਂ ’ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੱਡੀਆਂ
Punjab Travels
#204-2642 Ceder Park Place Abbotsford
604-825-2222

ਗੁਰੂ ਨਾਨਕ ਜਿਊਲਰਜ਼ ਲਿਮ.
24k & 22k Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

IATA Accredited Agent
SIDHU TRAVEL LTD.
Rani Sidhu:604-504-3400
Aman:604-800-3003
Email:sidhutravel13@gmail.com
BESTWAY Foreign Exchange Ltd.
www.bestwayforeignexchange.com
Sony Sidhu (Zira)
Ph: 778-246-2500
604-592-2676
Unit 109, 12830-80 Ave York Centre Surrey

J&J FRESH LOOK HOMES LTD..
Pacific Home Warranty
ਫਰੇਮਿੰਗ ਦੇ ਕਈ ਸਾਲਾਂ ਦੇ ਤਰਜਬੇ ਤੋਂ ਬਾਦ ਹੁਣ ਮੁਕੰਮਲ ਘਰ ਬਣਾਉਣ ਦਾ ਕੰਮ ਸ਼ੁਰੂ
*Custom Houses *Project Management
*Residential *Buildings
Jarnail Singh Maan:
604.832.9308
maanjarnail@gmail.com
#136-1779 Clearbrook Rd, Abbotsford

MOHIE Travel Ltd.
#136-1779 Clearbrook Rd, Abbotsford
• DOMESTIC & INTERNATIONAL TICKETS
• TOURS , CRUISES
ਅਸੀਂ ਪਾਸਪੋਰਟ ਬਣਾਉਣ ਲਈ ਹਰੇਕ ਤਰ੍ਹਾਂ ਦੇ ਫਾਰਮ ਭਰਦੇ ਹਾਂ
ਟਰੈਵਲ ਟਿਕਟ ਸਰਵਿਸਿਜ਼
Contact Jarnail S Maan
604-746-9222
Email:mohietravel@gmail.com

Universal Auto Collision Ltd.
We Moved To New Location
27441-FRASER HWY. ALDERGROVE, BC
• ICBC Claims • Private Claims • Free Courtesy Cars
• Auto Glass Replacement • Free Estimates Fax:604-596-3800 Ph. 604-596-2800
Satisfaction Guarantee

ਪੰਜਾਬ ਗਾਰਡੀਅਨ
Call to Advertise
604-590-5200


FARM AND SPICE
FARM AND SPICE
Weekly Special
Senior Citizen Discount
5% Off
Every Thursday
Except on Dairy Products
Mar 28 – Apr 03
ਸੇਬ
Apple
Ambrosia BC, per lb
$1.49
ਹਰੇ ਪਿਆਜ
Green Onion
each
$0.69
ਧਨੀਆ
Cilantro
each
$0.69
ਨਿੰਬੂ
Lemon
2 for
$0.99
ਲਸਨ
Garlic
1 Kg
$3.99
ਆਲੂ
Russet Potatoes
10 lbs
$4.99
ਪਾਲਕ
Spinach
each
$1.49
ਅਦਰਕ
Ginger
per lb
$1.49
ਬਾਸਮਤੀ
Canteen Indian Basmati
10 lbs
$10.99
ਸੇਲਰੀ
Celery
each
$1.99
ਫੁਟੂਰਾ ਕਨੋਲਾ ਤੇਲ
Futura Canola Oil
3 ltr
$7.99
ਕਨਟੀਨ ਪੇਸੀ ਗੁੜ
Canteen Pesi Gur
1Kg
$3.49
ਗੋਲਗਪੇ
Mampster Golgappa
290 gms
$8.99
ਹੀਰ ਖੰਡ
Heer Brown/Wht Sugar
8 lbs
$6.99
ਸਵੇਰਾ ਪਨੀਰ
Savera Paneer
341 gms
$4.49
ਆਸ਼ਿਰਵਾਦ ਆਟਾ
Aashirwad Atta
20 lbs
$12.99
*while supply last
Open 7 Days a Week
8:30 am to 9:00 pm
farmandspice.com
#9546-9548 Scott Town Plaza
96 Ave Scott Road Surrey
# 09-10 12830 96 Ave.
Surrey BC | Tel: 604 930 7742
# 103-104 14320 64 Ave.
Surrey BC | Tel: 604 593 6323

# ਗਿ. ਹਰਪ੍ਰੀਤ ਸਿੰਘ ਨੂੰ ਸਾਜ਼ਿਸ਼ ਤਹਿਤ ਦੋਸ਼ੀ ਕਰਾਰ ਦਿੱਤਾ ਗਿਆ:ਪੰਜਾਬ ਮਨੁੱਖੀ ਅਧਿਕਾਰ ਸੰਗਠਨ

## ਸੰਗਠਨ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਭੇਜੀ ਰਿਪੋਰਟ ਵਿਚ ਮਾਮਲੇ ਦੀ ਕਿਸੇ ਜੱਜ ਤੋਂ ਜਾਂਚ ਕਰਵਾਉਣ ਦੀ ਵਕਾਲਤ

ਅੰਮ੍ਰਿਤਸਰ:ਪੰਜਾਬ ਮਨੁੱਖੀ ਅਧਿਕਾਰ ਸੰਗਠਨ ਨੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਿਲਾਫ਼ ਲੱਗੇ ਦੋਸ਼ਾਂ ਦੇ ਮਾਮਲੇ ਦੀ ਜਾਂਚ ਕੀਤੀ ਹੈ ਅਤੇ ਇਸ ਸਬੰਧੀ ਰਿਪੋਰਟ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਭੇਜੀ ਹੈ।ਜਾਂਚ ਰਿਪੋਰਟ ਵਿੱਚ ਦੋਸ਼ ਲਾਇਆ ਗਿਆ ਕਿ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸਾਜ਼ਿਸ਼ ਤਹਿਤ ਦੋਸ਼ੀ ਕਰਾਰ ਦਿੱਤਾ ਗਿਆ ਹੈ। ਸੰਗਠਨ ਨੇ ਸ਼੍ਰੋਮਣੀ ਕਮੇਟੀ ਨੂੰ ਅਪੀਲ ਕੀਤੀ ਹੈ ਕਿ ਇਸ ਕੇਸ ਦੀ ਡੂੰਘਾਈ ਨਾਲ ਜਾਂਚ ਦੀ ਲੋੜ ਹੈ ਅਤੇ ਇਸ ਦੀ ਜਾਂਚ ਕਿਸੇ ਜੱਜ ਤੋਂ ਕਰਵਾਈ ਜਾਣੀ ਚਾਹੀਦੀ ਹੈ।ਇਹ ਜਾਂਚ ਰਿਪੋਰਟ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਮੁੱਖ ਜਾਂਚ ਕਰਤਾ ਸਰਬਜੀਤ ਸਿੰਘ ਵੇਰਕਾ, ਚੰਨਨ ਸਿੰਘ ਅਤੇ ਤਜਿੰਦਰ ਸਿੰਘ ਦੇ ਨਾਂ ਹੇਠ ਤਿਆਰ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਇਹ ਜਾਂਚ ਰਿਪੋਰਟ ਰਾਜਵਿੰਦਰ ਸਿੰਘ ਬੈਂਸ ਵੱਲੋਂ ਭੇਜੀ ਗਈ ਹੈ। ਛੇ ਸਫ਼ਿਆਂ ਦੀ ਜਾਂਚ ਰਿਪੋਰਟ ਵਿੱਚ ਦੱਸਿਆ ਗਿਆ ਕਿ ਸ਼੍ਰੋਮਣੀ ਕਮੇਟੀ ਦੇ ਅੰਤਰਿੰਗ ਕਮੇਟੀ ਮੈਂਬਰ ਅਤੇ ਚਾਰ ਹੋਰ ਮੈਂਬਰਾਂ ਵੱਲੋਂ ਸੰਗਠਨ ਕੋਲ ਇਸ ਮਾਮਲੇ ਦੀ ਜਾਂਚ ਵਾਸਤੇ ਅਪੀਲ ਕੀਤੀ ਗਈ ਸੀ। ਸੰਗਠਨ ਵੱਲੋਂ ਕੀਤੀ ਗਈ ਜਾਂਚ ਦੌਰਾਨ ਇਹ ਤੱਥ ਸਾਹਮਣੇ ਆਏ ਹਨ ਕਿ ਸਾਬਕਾ ਜਥੇਦਾਰ ਖਿਲਾਫ ਲੱਗੇ ਦੋਸ਼ਾਂ ਸਬੰਧੀ ਜਾਂਚ ਦੇ ਮਾਮਲੇ ਵਿੱਚ ਪੁਲੀਸ, ਅਦਾਲਤ ਅਤੇ ਸ਼੍ਰੋਮਣੀ ਕਮੇਟੀ ਦੇ ਰਿਕਾਰਡ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।ਸਾਬਕਾ ਜਥੇਦਾਰ ਦੀ ਸੋਸ਼ਲ ਮੀਡੀਆ ’ਤੇ ਕਿਰਦਾਰਕੁਸ਼ੀ ਕਰਨਾ ਗੰਭੀਰ ਵਿਸ਼ਾ ਹੈ ਅਤੇ ਇਸ ਦੀ ਡੂੰਘਾਈ ਨਾਲ ਜਾਂਚ ਦੀ ਲੋੜ ਹੈ।

ਮੁੱਖ ਜਾਂਚ ਕਰਤਾ ਨੇ ਦੱਸਿਆ ਕਿ ਸਾਬਕਾ ਜਥੇਦਾਰ ਖਿਲਾਫ ਉਸ ਦੇ ਇੱਕ ਰਿਸ਼ਤੇਦਾਰ ਗੁਰਪ੍ਰੀਤ ਸਿੰਘ ਵੱਲੋਂ ਦੋਸ਼ ਲਾਏ ਗਏ ਸਨ। ਇਸ ਸਬੰਧੀ ਲੱਗੇ ਦੋਸ਼ਾਂ ਦੀ ਕਾਪੀ ਸ਼੍ਰੋਮਣੀ ਕਮੇਟੀ ਕੋਲੋਂ ਪ੍ਰਾਪਤ ਕੀਤੀ ਗਈ ਹੈ ਅਤੇ ਇਸ ਮਾਮਲੇ ਵਿੱਚ ਪੁਲੀਸ, ਅਦਾਲਤ ਅਤੇ ਸ਼੍ਰੋਮਣੀ ਕਮੇਟੀ ਦਾ ਰਿਕਾਰਡ ਵੀ ਹਾਸਿਲ ਕੀਤਾ ਗਿਆ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਜਾਂਚ ਕਮੇਟੀ ਦੀ ਰਿਪੋਰਟ ਦੇ ਨਿਚੋੜ ਦੀ ਕਾਪੀ ਵੀ ਹਾਸਲ ਕੀਤੀ ਗਈ।ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਜਾਂਚ ਕਮੇਟੀ ਦੀ ਜਾਂਚ ਇੱਕਪਾਸੜ ਸੀ ਅਤੇ ਸਾਬਕਾ ਜਥੇਦਾਰ ਨੂੰ ਦੋਸ਼ੀ ਸਾਬਤ ਕਰਨ ਲਈ ਅਦਾਲਤ ਦੇ ਰਿਕਾਰਡ ਨੂੰ ਵੀ ਅੱਖੋਂ ਪਰੋਖੇ ਕਰ ਦਿੱਤਾ ਗਿਆ।ਉਨ੍ਹਾਂ ਦਾਅਵਾ ਕੀਤਾ ਕਿ 2007 ਵਿੱਚ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਸ਼ਿਕਾਇਤ ਦੇ ਆਧਾਰ ’ਤੇ ਕੀਤੀ ਪੜਤਾਲ ਅਤੇ ਉਸ ਦੀ ਰਿਪੋਰਟ ਸਬੰਧੀ ਫਾਈਲ ਵੀ ਲਾਪਤਾ ਹੈ। ਇਸ ਵਿੱਚ ਦੋਸ਼ ਲਾਉਣ ਵਾਲੇ ਦੀਆਂ ਸ਼ਿਕਾਇਤਾਂ ਨੂੰ ਝੂਠਾ ਪਾਇਆ ਗਿਆ ਸੀ।ਜਾਂਚ ਰਿਪੋਰਟ ਵਿੱਚ ਦਾਅਵਾ ਕੀਤਾ ਕਿ ਦੋਸ਼ ਲਾਉਣ ਵਾਲੇ ਗੁਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਦਾ ਆਪਸ ਵਿੱਚ ਪਰਿਵਾਰਕ ਝਗੜਾ ਸੀ। ਇਸ ਸਬੰਧੀ ਅਦਾਲਤ ਵਿੱਚ ਵੀ ਕੇਸ ਚੱਲਿਆ ਅਤੇ ਪੁਲੀਸ ਕੇਸ ਵੀ ਦਰਜ ਹੋਇਆ ਸੀ। ਉਨ੍ਹਾਂ ਕਿਹਾ ਕਿ 2016 ਵਿੱਚ ਦੋਵਾਂ ਦਾ ਤਲਾਕ ਹੋਇਆ ਸੀ ਅਤੇ ਉਸ ਵੇਲੇ ਤੱਕ ਸਾਬਕਾ ਜਥੇਦਾਰ ਖਿਲਾਫ ਨਜਾਇਜ਼ ਸਬੰਧਾਂ ਬਾਰੇ ਕਦੇ ਵੀ ਉਂਗਲ ਨਹੀਂ ਉੱਠੀ। ਉਨ੍ਹਾਂ ਕਿਹਾ ਕਿ ਜੇਕਰ 2007 ਵਿੱਚ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਲੱਗੇ ਦੋਸ਼ ਸਾਬਤ ਹੁੰਦੇ ਤਾਂ ਉਸ ਤੋਂ ਬਾਅਦ ਉਨ੍ਹਾਂ ਦੀ ਹੈਡ ਗ੍ਰੰਥੀ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਵਜੋਂ ਨਿਯੁਕਤੀ ਸੰਭਵ ਨਹੀਂ ਸੀ।

# 1984 ਸਿੱਖ ਨਸਲਕੁਸ਼ੀ ਸਬੰਧੀ ਨਿਊਯਾਰਕ ਸਟੇਟ ਸੈਨੇਟ ‘ਚ ਮਤਾ ਪਾਸ



ਨਿਊਯਾਰਕ- ਨਿਊਯਾਰਕ ਸਟੇਟ ਸੈਨੇਟ ‘ਚ 1984 ਸਿੱਖ ਨਸਲਕੁਸ਼ੀ ਸਬੰਧੀ ਮਤਾ ਪਾਸ ਕੀਤਾ ਗਿਆ। ਵਰਲਡ ਸਿੱਖ ਪਾਰਲੀਮੈਂਟ ਦੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਖਾਲਸਾ ਯੂ.ਕੇ. ਨੇ ਦੱਸਿਆ ਕਿ ਅਮਰੀਕਨ ਸਿਆਸਤ ਵਿਚ ਸਰਗਰਮ ਨੌਜਵਾਨ ਆਗੂ ਜਪਨੀਤ ਸਿੰਘ ਦੀ ਸਖ਼ਤ ਮਿਹਨਤ ਅਤੇ ਸਟੇਟ ਸੈਨੇਟਰ ਜੈਸਿਕਾ ਰੇਮੋਸ ਅਤੇ ਹੋਰਨਾਂ ਦੇ ਯਤਨਾਂ ਸਦਕਾ ਸਿੱਖ ਕੌਮ ਦੀ ਨਸਲਕੁਸ਼ੀ ਸਬੰਧੀ ਬਿੱਲ ਪਾਸ ਹੋਣ ਦਾ ਇਹ ਕਾਰਜ ਪੂਰਾ ਹੋਇਆ।ਵਰਲਡ ਸਿੱਖ ਪਾਰਲੀਮੈਂਟ ਦੇ ਸਮੂਹ ਮੈਂਬਰਾਂ ਨੇ ਇਸ ਇਤਿਹਾਸਕ ਪਲ ਮੌਕੇ ਨਿਊਯਾਰਕ ਸਟੇਟ ਕੈਪੀਟਲ ਵਿਚ ਨਿਊਯਾਰਕ ਸਟੇਟ ਦੀ ਸਮੁੱਚੀ ਸਿੱਖ ਲੀਡਰਸ਼ਿਪ, ਜਥੇਬੰਦੀਆਂ ਅਤੇ ਸਿੱਖ ਸੰਗਤਾਂ ਨੇ ਭਰਪੂਰ ਹਾਜ਼ਰੀ ਲਵਾਈ ਅਤੇ ਉਨ੍ਹਾਂ ਦਾ ਇਸ ਕਾਰਜ ਵਿਚ ਭਰਵਾਂ ਯੋਗਦਾਨ ਪਾਉਣ ‘ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਵਰਲਡ ਸਿੱਖ ਪਾਰਲੀਮੈਂਟ ਦੇ ਨੁਮਾਇੰਦਿਆਂ ਵੱਲੋਂ ਸਿੱਖ ਨਸਲਕੁਸ਼ੀ ਸਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸਨੂੰ ਸਟੇਟ ਦੇ ਮੌਜੂਦਾ ਨੁਮਾਇੰਦੇ ਤੇ ਹੋਰ ਲੋਕਾਂ ਨੇ ਬਹੁਤ ਧਿਆਨ ਨਾਲ ਵੇਖਿਆ ਅਤੇ ਇਸ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ ਗਈ।

# ਕੈਨੇਡਾ ਵੱਲੋਂ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ

ਵਿਨੀਪੈੱਗ:ਕੈਨੇਡਾ ਨੇ ਅਮਰੀਕਾ ਅਤੇ ਚੀਨ ਜਾਣ ਵਾਲੇ ਆਪਣੇ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ। ਐਡਵਾਈਜ਼ਰੀ ਵਿਚ ਕਿਹਾ ਗਿਆ ਹੈ ਕਿ ਕੈਨੇਡਿਆਈ ਅਤੇ ਹੋਰ ਵਿਦੇਸ਼ੀ ਨਾਗਰਿਕ, ਜੋ ਅਮਰੀਕਾ ਵਿਚ 30 ਦਿਨਾਂ ਤੋਂ ਵੱਧ ਸਮੇਂ ਲਈ ਜਾ ਰਹੇ ਹਨ, ਨੂੰ ਉੱਥੋਂ ਦੀ ਸਰਕਾਰ ਕੋਲ ਰਜਿਸਟਰਡ ਕਰਵਾਉਣ ਲਾਜ਼ਮੀ ਹੈ। ਰਜਿਸਟ੍ਰੇਸ਼ਨ ਦੀ ਸ਼ਰਤ ਦੀ ਉਲੰਘਣਾ ਕਰਨ ਵਾਲਿਆਂ ਨੂੰ ਸਜ਼ਾ, ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਕੈਨੇਡਿਆਈ ਨਾਗਰਿਕਾਂ ਨੂੰ ਚੀਨ ਵਿੱਚ ਬਹੁਤ ਜ਼ਿਆਦਾ ਸਾਵਧਾਨੀ ਵਰਤਣੀ ਲਈ ਕਿਹਾ ਗਿਆ ਹੈ, ਖ਼ਾਸ ਕਰ ਦੋਹਰੀ ਨਾਗਰਿਕਤਾ ਵਾਲੇ ਨਾਗਿਰਕਾਂ ਨੂੰ। ਜ਼ਿਕਰਯੋਗ ਹੈ ਚੀਨ ਵੱਲੋਂ ਇਸ ਸਾਲ ਦੇ ਸ਼ੁਰੂ ਵਿਚ ਚਾਰ ਕੈਨੇਡਿਆਈ ਨਾਗਰਿਕਾਂ ਨੂੰ ਮੌਤ ਦੀ ਸਜ਼ਾ ਦਿੱਤੇ ਜਾਣ ਮਗਰੋਂ ਕੈਨੇਡਾ ਦੀ ਵਿਦੇਸ਼ ਮੰਤਰੀ ਮੈਲੋਨੀ ਜੌਲੀ ਨੇ ਚੀਨ ਦੀ ਨਿਖੇਧੀ ਕੀਤੀ ਸੀ। ਜੌਲੀ ਨੇ ਦੱਸਿਆ ਸੀ ਕਿ ਇਨ੍ਹਾਂ ਚਾਰਾਂ ਕੋਲ ਦੋਹਰੀ ਨਾਗਰਿਕਤਾ ਸੀ ਅਤੇ ਇਨ੍ਹਾਂ ਨੂੰ ਚੀਨ ਅਨੁਸਾਰ, ਨਸ਼ਿਆਂ ਨਾਲ ਸਬੰਧਿਤ ਅਪਰਾਧਿਕ ਗਤੀਵਿਧੀਆਂ ਦੇ ਮਾਮਲਿਆਂ ਵਿਚ ਸਜ਼ਾ ਦਿੱਤੀ ਗਈ ਹੈ।









# ਖਨੌਰੀ ਬਾਰਡਰ 'ਤੇ ਸ੍ਰੀ ਜਪੁਜੀ ਸਾਹਿਬ ਦੇ ਚੱਲ ਰਹੇ ਅਖੰਡ ਜਾਪ ਦੀ ਪੁਲਿਸ ਨੇ ਕੀਤੀ ਮਰਿਆਦਾ ਭੰਗ:ਕਿਸਾਨ ਜਥੇਬੰਦੀਆਂ

ਖਨੌਰੀ-ਖਨੌਰੀ 'ਤੇ ਲੱਗੇ ਮੋਰਚੇ ਨੂੰ ਚੁਕਾਉਣ ਬਾਰੇ ਚੰਡੀਗੜ੍ਹ ਤੋਂ ਕਿਸਾਨਾਂ ਦੀ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ। ਕਾਨਫ਼ਰੰਸ 'ਚ ਸਿੱਖ ਧਰਮ ਦੀ ਸਰਵਉਚ ਅਦਾਲਤ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਜੀ ਬੇਨਤੀ ਹੈ ਕਿ ਖਨੌਰੀ ਬਾਰਡਰ ਵਿਖੇ ਜੋ ਚੱਲ ਰਹੇ ਕਿਸਾਨੀ ਸੰਘਰਸ਼ ਵਿਚ ਪਿੱਛਲੇ ਚਾਰ ਮਹੀਨਿਆਂ ਤੋਂ ਸ਼੍ਰੀ ਜਪੁਜੀ ਸਾਹਿਬ ਦੇ ਲਗਾਤਾਰ ਅਖੰਡ ਜਾਪ ਚੱਲ ਰਹੇ ਸਨ, ਵੱਡੇ ਆਕਾਰ ਦੀ ਜਪੁਜੀ ਸਾਹਿਬ ਦੀ ਪੋਥੀ ਸਾਹਿਬ ਜੀ ਤੋਂ ਕੀਤੇ ਜਾ ਰਹੇ ਸਨ। ਜਿਹਨਾਂ ਦਾ ਤਕਰੀਬਨ 48 ਘੰਟਿਆਂ ਤੋਂ ਬਾਅਦ ਭੋਗ ਪਾਕੇ ਫੇਰ ਜਾਪ ਆਰੰਭ ਕਰ ਦਿੱਤੇ ਜਾਂਦੇ ਸਨ। ਇਹ ਜਾਪ ਗੁਰਮਤਿ ਮਰਿਆਦਾ ਅਨੁਸਾਰ ਇੱਕ ਪੱਕਾ ਸ਼ੈਡ ਬਣਾ ਕੇ ਉਸ ਦੇ ਥੱਲੇ ਟਰਾਲੀ 'ਚ ਸੁਸ਼ੋਭਿਤ ਪਾਲਕੀ ਸਾਹਿਬ ਵਿੱਚ ਕੀਤੇ ਜਾ ਰਹੇ ਸਨ, ਜਿਸ ਦਿਨ ਪੁਲਿਸ ਨੇ ਮੋਰਚੇ ਉੱਪਰ ਹਮਲਾ ਕਰ ਕਿਸਾਨਾਂ ਦੀ ਫੜੋ ਫੜੀ ਸ਼ੁਰੂ ਕੀਤੀ ਤਾਂ ਉਸ ਸਮੇਂ ਦਿਨ ਬੁੱਧਵਾਰ, 19 ਮਾਰਚ ਰਾਤ 8:30 ਵਜੇ ਦੇ ਕਰੀਬ ਬੀਬੀ ਦਲਜੀਤ ਕੌਰ, ਪਿੰਡ ਮੋਠ, ਜ਼ਿਲ੍ਹਾ ਹਿਸਾਰ (ਹਰਿਆਣਾ) ਪੋਥੀ ਸਾਹਿਬ ਤੋਂ ਪਾਠ ਕਰ ਰਹੇ ਸਨ, ਉਹਨਾਂ ਨੂੰ ਧੱਕੇ ਨਾਲ ਤਾਬਿਆ ਤੋਂ ਉਠਾਇਆ ਗਿਆ। ਜਪੁਜੀ ਸਾਹਿਬ ਦੇ ਅਖੰਡ ਜਾਪ ਦੇ ਵੀਰਵਾਰ, 20 ਮਾਰਚ, ਸਵੇਰੇ 10 ਵਜੇ ਸੰਪੂਰਨ ਭੋਗ ਪਾਏ ਜਾਣੇ ਸਨ ਪਰ ਅੱਧ ਵਿਚਾਲੇ ਹੀ ਗੁਰਬਾਣੀ ਨੂੰ ਰੁਕਵਾ ਦਿੱਤਾ ਗਿਆ ਅਤੇ ਸੰਗਤਾਂ ਨੂੰ ਭੋਗ ਨਹੀਂ ਪਾਉਣ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਦੀ ਸ਼ੈਅ ਪ੍ਰਾਪਤ ਪੁਲਿਸ ਵੱਲੋਂ ਜਪੁਜੀ ਸਾਹਿਬ ਦੇ ਕੀਤੇ ਜਾ ਰਹੇ ਅਖੰਡ ਜਾਪ ਦੀ ਮਰਿਯਾਦਾ ਭੰਗ ਕੀਤੀ ਗਈ, ਪੁਲਿਸ ਪ੍ਰਸਾਸ਼ਨ ਦੀ ਇਸ ਕਾਰਵਾਈ ਨਾਲ ਸੰਗਤਾਂ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਹੈ। ਸੋ ਆਪ ਜੀ ਨੂੰ ਬੇਨਤੀ ਕਰਦੇ ਹਾਂ ਜਿਨਾਂ ਦੇ ਹੁਕਮਾਂ ਨਾਲ ਇਹ ਸਭ ਕੀਤਾ ਗਿਆ ਹੈ ਉਹਨਾਂ ਦੇ ਖਿਲਾਫ਼ ਅਤੇ ਉਸ ਮੌਕੇ ਤੇ ਹਾਜ਼ਰ ਉਹਨਾਂ ਅਫਸਰਾਂ ਨੂੰ ਸ਼੍ਰੀ ਆਕਾਲ ਤਖਤ ਸਾਹਿਬ ਉੱਪਰ ਤਲਬ ਕੀਤਾ ਜਾਵੇ। ਕਿਉਂਕਿ ਉਹ ਅਫਸਰ ਸਿੱਖੀ ਸਰੂਪ ਚ ਸਨ ਅਤੇ ਉਹ ਮਰਿਯਾਦਾ ਬਾਰੇ ਚੰਗੀ ਤਰ੍ਹਾਂ ਜਾਣੂ ਸਨ। ਉਹਨਾਂ ਨੇ ਜਾਣਬੁੱਝ ਕੇ ਮਰਿਯਾਦਾ ਦਾ ਖੰਡਣ ਕੀਤਾ ਹੈ, ਉਹਨਾਂ ਨੂੰ ਆਪਣੀ ਕੀਤੀ ਗਲਤੀ ਦਾ ਕੋਈ ਪਛਚਾਤਾਪ ਨਹੀਂ ਹੈ ਆਪ ਜੀ ਉਹਨਾਂ ਨੂੰ ਜਲਦੀ ਤਲਬ ਕਰਕੇ ਉਹਨਾਂ ਨੂੰ ਸਿੱਖੀ ਸਿਧਾਂਤਾਂ ਅਨੁਸਾਰ ਤਨਖ਼ਾਹ ਲਗਾਉ ਅਤੇ ਉਨ੍ਹਾਂ ਉੱਪਰ ਕਾਨੂੰਨੀ ਕਾਰਵਾਈ ਵੀ ਕਰਵਾਈ ਜਾਵੇ। ਇਸ ਸਬੰਧੀ ਪਾਠੀ ਦਲਜੀਤ ਕੌਰ ਨੇ ਕਿਹਾ ਕਿ ਮੈਂ ਪਲਿਸ ਅਫਸਰ ਅੱਗੇ ਅਪੀਲ ਕੀਤੀ ਸੀ ਮਰਿਆਦਾ ਮੁਤਾਬਿਕ ਜਾਪ ਜਾਰੀ ਰੱਖਿਆ ਜਾਵੇ, ਪਰ ਮੈਨੂੰ ਪਾਠ ਕਰਦੀ ਨੂੰ ਵਿੱਚ ਵਿਚਾਲੇ ਹੀ ਉਠਾ ਦਿੱਤਾ ਗਿਆ। ਚਾਰ ਮਹੀਨੇ ਤੋਂ ਲਗਾਤਾਰ ਆਖੰਡ ਪਾਠ ਜਾਪ ਚੱਲ ਰਹੇ ਸੀ। ਪਰ ਪਾਠ ਰੁਕਵਾ ਕੇ ਬੇਅਦਬੀ ਕੀਤੀ ਗਈ। ਖਨੌਰੀ ਮੋਰਚੇ ਉੱਤੇ ਸੜਕ ਦੇ ਇੱਕ ਪਾਸੇ ਟਰਾਲੀ ਵਿੱਚ ਪਾਲਕੀ ਬਣਾ ਕੇ ਆਖੰਡ ਪਾਠ ਦਾ ਜਾਪ ਚੱਲ ਰਿਹਾ ਸੀ, ਇਸ ਦੌਰਾਨ 19 ਮਾਰਚ ਜਾਪ ਕਰ ਰੁਕਵਾਇਆ ਗਿਆ। ਕਾਰਵਾਈ ਲਈ ਸ੍ਰੀ ਅਕਾਲ ਤਖਤ ਸਾਹਿਬ ਨੂੰ ਲਿਖੀ ਹੈ। ਸ੍ਰੀ ਅਕਾਲ ਤਖਤ ਤੋਂ ਅਪੀਲ ਕਰਦੇ ਹਾਂ ਇਹਨਾਂ ਨੂੰ ਮਰਿਆਦਾ ਦੀ ਉਲੰਘਣਾ ਕਰਨ 'ਤੇ ਤਲਬ ਕੀਤਾ ਜਾਵੇ।

# ਵਿਦੇਸ਼ ਮੰਤਰਾਲੇ ਨੇ ਖੇਤੀ ਮੰਤਰੀ ਖੁੱਡੀਆਂ ਨੂੰ ਅਮਰੀਕਾ ਜਾਣ ਦੀ ਨਹੀਂ ਦਿੱਤੀ ਪ੍ਰਵਾਨਗੀ

ਨਵੀਂ ਦਿੱਲੀ-ਵਿਦੇਸ਼ ਮੰਤਰਾਲੇ ਨੇ ਪੰਜਾਬ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਅਮਰੀਕਾ ਜਾਣ ਦੀ ਰਾਜਸੀ ਪ੍ਰਵਾਨਗੀ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਖੁੱਡੀਆਂ ਨੇ 29 ਮਾਰਚ ਨੂੰ ਅਮਰੀਕਾ ਲਈ ਸਰਕਾਰੀ ਦੌਰੇ 'ਤੇ ਰਵਾਨਾ ਹੋਣਾ ਸੀ। ਉਨ੍ਹਾਂ ਨਾਲ ਜਾਣ ਵਾਲੇ ਵਫ਼ਦ ਨੂੰ ਵੀ ਦੌਰੇ ਦੀ ਪ੍ਰਵਾਨਗੀ ਨਹੀਂ ਮਿਲੀ ਹੈ। ਇਹ ਪਹਿਲੀ ਦਫ਼ਾ ਨਹੀਂ ਹੈ ਜਦੋਂ ਕੇਂਦਰ ਤੋਂ ਪੰਜਾਬ ਦੇ ਕਿਸੇ ਆਗੂ ਨੂੰ ਵਿਦੇਸ਼ ਦੌਰੇ ਦੀ ਮਨਜ਼ੂਰੀ ਨਹੀਂ ਮਿਲੀ ਹੈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਹੋਰ ਵਜ਼ੀਰਾਂ ਨੂੰ ਵੀ ਵਿਦੇਸ਼ ਜਾਣ ਵਾਸਤੇ ਕੇਂਦਰ ਨੇ ਹਰੀ ਝੰਡੀ ਨਹੀਂ ਦਿੱਤੀ ਸੀ। ਪੰਜਾਬ ਸਰਕਾਰ ਨੇ ਵਿਦੇਸ਼ ਮੰਤਰਾਲੇ ਤੋਂ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਅਮਰੀਕਾ ਦੌਰੇ ਲਈ ਕੁੱਝ ਦਿਨ ਪਹਿਲਾਂ ਰਾਜਸੀ ਪ੍ਰਵਾਨਗੀ ਮੰਗੀ ਸੀ। ਵਿਦੇਸ਼ ਮੰਤਰਾਲੇ ਨੇ ਹੁਣ ਸੂਬਾ ਸਰਕਾਰ ਨੂੰ ਸੂਚਨਾ ਭੇਜ ਕੇ ਖੁੱਡੀਆਂ ਨੂੰ ਵਿਦੇਸ਼ ਦੌਰੇ ਲਈ ਰਾਜਸੀ ਪ੍ਰਵਾਨਗੀ ਨਾ ਦੇਣ ਦੇ ਫ਼ੈਸਲੇ ਤੋਂ ਜਾਣੂ ਕਰਾਇਆ ਹੈ। ਵਿਦੇਸ਼ ਮੰਤਰਾਲੇ ਨੇ ਦੌਰੇ ਦੀ ਪ੍ਰਵਾਨਗੀ ਨਾ ਦੇਣ ਦੇ ਕਾਰਨਾਂ ਦਾ ਕੋਈ ਹਵਾਲਾ ਨਹੀਂ ਦਿੱਤਾ ਹੈ। ਖੁੱਡੀਆਂ ਨੇ 29 ਮਾਰਚ ਤੋਂ 6 ਅਪਰੈਲ ਤੱਕ ਅਮਰੀਕਾ ਦੇ ਸਰਕਾਰੀ ਦੌਰੇ 'ਤੇ ਜਾਣਾ ਸੀ। ਉਨ੍ਹਾਂ ਦੌਰੇ ਦੀ ਰਾਜਸੀ ਪ੍ਰਵਾਨਗੀ ਨਾ ਮਿਲਣ ਦੀ ਪੁਸ਼ਟੀ ਕੀਤੀ ਹੈ।

Punjab TRAVELS
Special offer!
ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।



ਜੀਵਨ ਸਿੰਘ ਮੋਗਾ
ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5

SAVVY
Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases
Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday



SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

CANRISE IMMIGRATION
www.canriseimmigration.com
778-565-1717
CANRISE IMMIGRATION
SPOUSAL SPONSORSHIP ਸਪਾਊਜ਼ਲ ਸਪਾਂਸਰਸ਼ਿਪ
ਅਗਰ ਤੁਸੀਂ ਇੰਡੀਆ ਵਿਆਹ ਕਰਵਾਉਣ ਜਾ ਰਹੇ ਹੋ ਤਾਂ ਜਾਣ ਤੋਂ ਪਹਿਲਾਂ ਆਪਣਾ ਪੇਪਰ ਵਰਕ ਪੂਰਾ ਕਰਵਾਉਣ ਲਈ ਸਾਡੇ ਨਾਲ ਅੱਜ ਹੀ ਸੰਪਰਕ ਕਰੋ
BCPNP ਬੀ ਸੀ ਪੀ ਐਨ ਪੀ
• New BCPNP program is Open. Get FREE Assessment.
• To bring your relatives or friends in your business contact us.
• Students on Open Work Permit can apply in this program.
ਨਵਾਂ ਬੀ ਸੀ ਪੀ ਐਨ ਪੀ ਪ੍ਰੋਗਰਾਮ ਖੁੱਲ੍ਹ ਗਿਆ ਹੈ। ਫਰੀ ਅਸੈਸਮੈਂਟ ਲਉ। ਆਪਣੇ ਬਿਜਨਸ ਵਿਚ ਆਪਣੇ ਰਿਸ਼ਤੇਦਾਰ ਜਾਂ ਦੋਸਤਾਂ ਨੂੰ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ। ਓਪਨ ਵਰਕ ਪਰਮਿਟ ਤੇ ਵਿਦਿਆਰਥੀ ਇਸ ਪ੍ਰੋਗਰਾਮ ਲਈ ਅਪਲਾਈ ਕਰ ਸਕਦੇ ਹਨ।
• ਐਲ ਐਮ ਆਈ ਏ / ਵਰਕ ਪਰਮਿਟ
• ਮਾਤਾ-ਪਿਤਾ ਅਤੇ ਗਰੈਂਡ ਪੇਰੈਂਟਸ ਸਪਾਂਸਰਸ਼ਿਪ / ਸੁਪਰਵੀਜ਼ਾ
• ਸਪਾਊਜ਼ਲ ਸਪਾਂਸਰਸ਼ਿਪ (ਵਿਆਹ ਦੇ ਕੇਸ)
• ਬੀ. ਸੀ. ਪੀ. ਐਨ. ਪੀ.
• ਆਪਨੇ ਬਿਜਨਸ ਵਿੱਚ ਆਪਨੇ ਰਿਸ਼ਤੇਦਾਰ ਨੂੰ ਵਰਕ ਪਰਮਿਟ ਤੇ ਬੁਲਾ ਸਕਦੇ ਹੋ
• ਇਨ-ਹੋਮ ਕੇਅਰਗਿਵਰਜ (ਨੈਨੀ)
• ਸਟੂਡੈਂਟ ਵੀਜ਼ਾ
• LMIA / Work Permit
• PARENTS & GRANDPARENTS SPONSORSHIP
• SPOUSAL SPONSORSHIP (MARRIAGE CASES)
• BCPNP
• In Home Caregivers (Nanny)
• SUPER VISA FOR PARENTS
• Student Visa
OUR SERVICES:
• Visitors Visa / Skilled Workers
• Temporary Workers
• Quebec Immigration
• Family Sponsorship
• Provincial Nominees
• Canadian Experience Class
• Business / Entrepreneurs / Investor Immigration
• Extension Of Temporary Visa
• Restoration Of Status
• Refugee Claims
• Citizenship Application
• Immigration & Investment Programs For Farmers / Businessmen
Ranjeet S. Sohi
Registered Canadian Immigration Consultant
ICCRC Membership # R422751
#223-8028 128 St. Surrey BC V3W4E9 (Little India Plaza)

UNI GLOBAL IMMIGRATION
Consulting Services Ltd.
Your Dream......Our Passion
For all your Immigration Related Needs:
Express Entry (PR)
FSW, FST
Canadian Experience Class
LMIA & Work Permit
PNP
Spousal (Marriage) Sponsorship
Business (Investor) Visa
Study Visa
Care-giver (Nanny)
Visitor Visa
Super Visa
Citizenship Application
Refusal Cases
IEC
We also help employers in hiring temporary foreign workers (TFW). We help employers in each and every step of acquring Temporary Foreign Workers
Tel. : 604-338-4975
778-323-3141
#12387-75 Avenue Surrey, BC V3W 2S7
E-mail: contactuniglobal@gmail.com

# ਮੋਦੀ ਵੱਲੋਂ ਅਕਾਲ ਤਖ਼ਤ ਦੀ ਕਮੇਟੀ ਨੂੰ ਮਿਲਣ ਲਈ ਸਮਾਂ ਨਾ ਦੇਣ ਤੋਂ ਸ਼੍ਰੋਮਣੀ ਕਮੇਟੀ ਨਾਰਾਜ਼



ਅੰਮ੍ਰਿਤਸਰ:ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਕਮੇਟੀ ਨੂੰ ਮਿਲਣ ਲਈ ਸਮਾਂ ਨਾ ਦੇਣ ਦੀ ਨੀਤੀ ਦੀ ਕਰੜੀ ਆਲੋਚਨਾ ਕੀਤੀ ਹੈ।

ਕੇਂਦਰ ਸਰਕਾਰ ਦੀ ਇਸ ਪ੍ਰਤੀ ਉਦਾਸੀਨ ਨੀਤੀ ਦੀ ਸਖ਼ਤ ਆਲੋਚਨਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਸਰਕਾਰ ਦੀ ਇਸ ਪਹੁੰਚ ਨੂੰ ਮਨੁੱਖੀ ਹੱਕਾਂ ਦੀ ਉਲੰਘਣਾ, ਨਿਆਂ ਦੀਆਂ ਕਦਰਾਂ ਕੀਮਤਾਂ ਦੀ ਤੌਹੀਨ ਅਤੇ ਸਿੱਖਾਂ ਨਾਲ ਬੇਇਨਸਾਫ਼ੀ ਕਰਾਰ ਦਿੱਤਾ ਹੈ। ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਪੁੱਜੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੇ ਇਸ ਸੰਜੀਦਾ ਮਾਮਲੇ ਉੱਤੇ ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਯਤਨ ਕਰ ਰਹੀ ਹੈ ਪਰ ਕੇਂਦਰ ਸਰਕਾਰ ਦਾ ਨਾਂਹਦਰੂ ਰਵੱਈਆ ਇਸ ਵਿੱਚ ਅੜਿੱਕਾ ਬਣਿਆ ਹੋਇਆ ਹੈ।

ਉਨ੍ਹਾਂ ਆਖਿਆ ਬੀਤੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਸੀ, ਪਰ ਦੁਖਦ ਪਹਿਲੂ ਇਹ ਹੈ ਕਿ ਪ੍ਰਧਾਨ ਮੰਤਰੀ ਵੱਲੋਂ ਸਿੱਖਾਂ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨੁਮਾਇੰਦਗੀ ਵਾਲੀ ਕਮੇਟੀ ਨੂੰ ਸਮਾਂ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਲਈ ਕਈ ਯਤਨ ਕੀਤੇ ਗਏ ਪਰ ਡੇਢ ਸਾਲ ਤੋਂ ਵੱਧ ਸਮਾਂ ਬੀਤਣ ਤੋਂ ਬਾਅਦ ਸਰਕਾਰ ਵੱਲੋਂ ਨਿਰਾਸ਼ਾਜਨਕ ਜਵਾਬ ਮਿਲਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੂੰ ਬੀਤੇ ਦਿਨੀਂ ਕੇਂਦਰ ਸਰਕਾਰ ਵੱਲੋਂ ਭੇਜੀ ਗਈ ਸੂਚਨਾ ਅਨੁਸਾਰ ਬੰਦੀ ਸਿੰਘਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਨੇ ਜੋ ਸਮਾਂ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਲਈ ਦਸੰਬਰ 2023 ਵਿੱਚ ਮੰਗਿਆ ਸੀ, ਜਿਸ ਨੂੰ 21 ਮਾਰਚ 2025 ਨੂੰ ਇਹ ਕਹਿੰਦਿਆਂ ਰੱਦ ਕਰ ਦਿੱਤਾ ਗਿਆ ਹੈ ਕਿ ਇਹ ਮਾਮਲਾ ਕੇਂਦਰੀ ਗ੍ਰਹਿ ਮੰਤਰਾਲੇ ਪਾਸ ਵਿਚਾਰ ਅਧੀਨ ਹੈ।

ਉਨ੍ਹਾਂ ਕਿਹਾ ਕਿ ਜੇ ਇਹ ਮਾਮਲਾ ਕੇਂਦਰੀ ਗ੍ਰਹਿ ਮੰਤਰਾਲੇ ਪਾਸ ਵਿਚਾਰ ਅਧੀਨ ਹੈ ਤਾਂ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਆਦੇਸ਼ਾਂ ਦੇ ਬਾਵਜੂਦ ਸਰਕਾਰ ਵੱਲੋਂ ਫੈਸਲਾ ਕਿਉਂ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਪ੍ਰਧਾਨ ਮੰਤਰੀ ਦਫ਼ਤਰ ਵੱਲੋਂ ਇਹ ਕਿਹਾ ਗਿਆ ਸੀ ਕਿ ਇਸ ਮਾਮਲੇ ਸਬੰਧੀ ਗ੍ਰਹਿ ਮੰਤਰੀ ਨਾਲ ਗੱਲਬਾਤ ਕੀਤੀ ਜਾਵੇ ਪਰ ਗ੍ਰਹਿ ਮੰਤਰਾਲੇ ਵੱਲੋਂ ਵੀ ਕੋਈ ਹਾਂ ਪੱਖੀ ਹੁੰਗਾਰਾ ਨਹੀਂ ਭਰਿਆ ਗਿਆ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਮਾਮਲੇ ਸਿੱਖ ਭਾਵਨਾਵਾਂ ਨਾਲ ਜੁੜੇ ਹੋਏ ਹਨ ਅਤੇ ਇਨ੍ਹਾਂ ਬੰਦੀਆਂ ਨੇ ਲੰਮੀਆਂ ਸਜ਼ਾਵਾਂ ਵੀ ਭੁਗਤ ਲਈਆਂ ਹਨ, ਇਸ ਲਈ ਭਾਰਤ ਸਰਕਾਰ ਨੂੰ ਬਿਨਾਂ ਦੇਰੀ ਫੈਸਲਾ ਲੈਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਨਿਆਂ ਦਾ ਨਿਯਮ ਸਭ ਲਈ ਇਕਸਾਰ ਲਾਗੂ ਕਰਨਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਅਤੇ ਇਸ ’ਤੇ ਰਾਜਸੀ ਪਹੁੰਚ ਠੀਕ ਨਹੀਂ ਹੈ।

# ਰੱਖਿਆ ਮੰਤਰਾਲੇ ਵੱਲੋਂ ਤੋਪਾਂ ਦੀ ਖ਼ਰੀਦ ਲਈ 6,900 ਕਰੋੜ ਦਾ ਸੌਦਾ ਸਹੀਬੰਦ




ਦਿੱਲੀ:ਰੱਖਿਆ ਮੰਤਰਾਲੇ ਨੇ ਤੋਪਾਂ ਨੂੰ ਖਿੱਚਣ ਵਾਲੇ ਵਿਸ਼ੇਸ਼ ਵਾਹਨਾਂ ਸਮੇਤ ਐਡਵਾਂਸਡ ਟੋਅਡ ਆਰਟਿਲਰੀ ਗਨ ਸਿਸਟਮ ਦੀ ਖ਼ਰੀਦ ਲਈ ਨਿੱਜੀ ਕੰਪਨੀਆਂ ਭਾਰਤ ਫੋਰਜ ਲਿਮਟਿਡ ਅਤੇ ਟਾਟਾ ਐਡਵਾਂਸਡ ਸਿਸਟਮ ਲਿਮਟਿਡ ਨਾਲ 6,900 ਕਰੋੜ ਰੁਪਏ ਦੇ ਇਕਰਾਰਨਾਮੇ ‘ਤੇ ਦਸਤਖ਼ਤ ਕੀਤੇ ਹਨ।ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਦੀ ਮੌਜੂਦਗੀ ‘ਚ ਬੁੱਧਵਾਰ ਨੂੰ ਇਸ ਸਬੰਧੀ ਸਮਝੌਤਿਆਂ ‘ਤੇ ਦਸਤਖ਼ਤ ਕੀਤੇ ਗਏ। ਜਾਣਕਾਰੀ ਮੁਤਾਬਕ ATAGS ਵਿਚ 155 ਮਿਲੀਮੀਟਰ ਅਤੇ 52 ਕੈਲੀਬਰ ਤੋਪਾਂ ਸ਼ਾਮਲ ਹਨ ਅਤੇ ਇਹ ਸਿਸਟਮ ਪੁਰਾਣੀਆਂ ਅਤੇ ਛੋਟੀਆਂ-ਕੈਲੀਬਰ ਤੋਪਾਂ ਦੀ ਥਾਂ ਲਵੇਗਾ ਅਤੇ ਇਸ ਤਰ੍ਹਾਂ ਭਾਰਤੀ ਫ਼ੌਜ ਦੇ ਤੋਪਖਾਨੇ ਦੀ ਸਮਰੱਥਾ ਨੂੰ ਵਧਾਏਗਾ।ਇਸ ਤੋਪ ਪ੍ਰਣਾਲੀ ਦੀ ਖ਼ਰੀਦ ਤੋਪਖ਼ਾਨਾ ਰੈਜੀਮੈਂਟਾਂ ਦੇ ਆਧੁਨਿਕੀਕਰਨ ਵਿੱਚ ਇੱਕ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ, ਜਿਸ ਨਾਲ ਸੰਚਾਲਨ ਦੀ ਤਿਆਰੀ ਵਿੱਚ ਵਾਧਾ ਹੁੰਦਾ ਹੈ। ATAGS ਸਟੀਕ ਅਤੇ ਲੰਬੀ ਦੂਰੀ ਦੇ ਹਮਲੇ ਨੂੰ ਸਮਰੱਥ ਬਣਾ ਕੇ ਫੌਜ ਦੀ ਹਮਲਾਵਰ ਤਾਕਤ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।


HI-PEAK Railing & Gates Ltd.

Commercial & Residential



*Aluminium *Picket Railing *Glass Railing
*Driveway Gates *Window Security Bars
*Patio Covers *Aluminium Steps

ਐਲੂਮਿਨੀਅਮ: *ਪਿਕੇਟ ਰੇਲਿੰਗ *ਸ਼ੀਸ਼ੇ ਦੀ ਰੇਲਿੰਗ
*ਡਰਾਈਵਵੇਅ ਗੇਟਸ *ਵਿੰਡੋ ਸਕਿਓਰਟੀ ਬਾਰਸ
*ਪੈਟੀਓ ਕਵਰ *ਐਲੂਮਿਨੀਅਮ ਦੀਆਂ ਪੌੜੀਆਂ



CONSUMER CHOICE AWARD BUSINESS EXCELLENCE

ਤਸੱਲੀਬਖਸ਼ ਸੇਵਾਵਾਂ ਅਤੇ ਵਧੀਆ ਰੇਟ ਲੈਣ ਸੰਪਰਕ ਕਰੋ

Hi Peak Railings and Gates | Consumer Choice Award Abbotsford 2023

Call for more Info: Ravi Singh

778-242-6974

info@hipeakrailing.com www.hipeakrailing.com

703 Clearbrook Road, Abbotsford, BC V2T 5X1



## ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ

11267-125A St, Surrey, BC

## ਇਸ ਹਫਤੇ ਦੇ ਪ੍ਰੋਗਰਾਮ

*28 ਮਾਰਚ ਦਿਨ ਸ਼ੁੱਕਰਵਾਰ ਨਗਰ ਬਾੜਾ ਸਿੱਧਪੁਰ ਦੀਆਂ ਸਮੂਹ ਸੰਗਤਾਂ ਵੱਲੋਂ ਅਖੰਡਪਾਠ ਸਾਹਿਬ ਆਰੰਭ ਹੋਣਗੇ।


*29 ਮਾਰਚ ਦਿਨ ਸ਼ਨਿੱਚਰਵਾਰ ਢਿੱਲੋਂ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰਾਂ ਦੀ ਸੇਵਾ ਹੋਵੇਗੀ।


*30 ਮਾਰਚ ਦਿਨ ਐਤਵਾਰ ਸਵੇਰੇ ਅਖੰਡਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਹਫਤਾਵਾਰੀ ਦੀਵਾਨ ਸਜਣਗੇ।

*30 ਮਾਰਚ ਦਿਨ ਐਤਵਾਰ ਸਵੇਰੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ।

*30 ਮਾਰਚ ਦਿਨ ਐਤਵਾਰ ਸ਼ਾਮ 4 ਵਜੇ ਤਜਿੰਦਰ ਸਿੰਘ ਸਰੋਏ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰਾਂ ਦੀ ਸੇਵਾ ਹੋਵੇਗੀ।





## ਰੋਜ਼ਾਨਾ ਦੇ ਪ੍ਰੋਗਰਾਮ

### ਸਵੇਰੇ

5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ

### ਸ਼ਾਮ

6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ

ਰਾਗੀ ਜੱਥਾ
ਭਾਈ ਗੁਰਧਿਆਨ ਸਿੰਘ
ਸੰਗਰੂਰ ਵਾਲੇ

ਕਥਾਵਾਚਕ
ਗਿਆਨੀ ਮਨਜੀਤ ਸਿੰਘ
ਮਸਤਾਨਾ

ਤਬਲਾ ਸਿੱਖਣ ਲਈ ਸੰਪਰਕ ਕਰੋ:
604-413-7171

ਗੁਰੂਘਰ ਵਿਖੇ ਤਬਲਾ, ਕੀਰਤਨ ਅਤੇ ਗੁਰਬਾਣੀ ਸੰਥਿਆ ਦੀਆਂ ਕਲਾਸਾਂ ਸ਼ੁਰੂ ਹਨ

ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ: ਗੁਰਦੁਆਰਾ ਸਾਹਿਬ:604-413-7171
ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007

# ਪਾਕਿਸਤਾਨ ਦਾ ਜੰਮੂ ਕਸ਼ਮੀਰ ਦੇ ਕੁਝ ਇਲਾਕੇ ’ਤੇ ਨਾਜਾਇਜ਼ ਕਬਜ਼ਾ:ਭਾਰਤ

ਸੰਯੁਕਤ ਰਾਸ਼ਟਰ, 25 ਮਾਰਚਭਾਰਤ ਨੇ ਸੰਯੁਕਤ ਰਾਸ਼ਟਰ (ਯੂਐੱਨ) ਵਿੱਚ ਪਾਕਿਸਤਾਨ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਸ ਦਾ ਜੰਮੂ ਕਸ਼ਮੀਰ ਦੇ ਕੁੱਝ ਇਲਾਕੇ ’ਤੇ ਨਾਜਾਇਜ਼ ਕਬਜ਼ਾ ਜਾਰੀ ਹੈ, ਜੋ ਉਸ ਨੂੰ ਛੱਡਣਾ ਪਵੇਗਾ। ਇਹ ਟਿੱਪਣੀ ਸੋਮਵਾਰ ਨੂੰ ਸੰਯੁਕਤ ਰਾਸ਼ਟਰ ’ਚ ਭਾਰਤ ਦੇ ਸਥਾਈ ਨੁਮਾਇੰਦੇ ਰਾਜਦੂਤ ਪਰਵਤਾਨੇਨੀ ਹਰੀਸ਼ ਨੇ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ (ਯੂਐੱਨਐੱਸਸੀ) ਵਿੱਚ ਯੂਐੱਨ ਦੇ ਸ਼ਾਂਤੀ ਕਾਰਜਾਂ ਸਬੰਧੀ ਵਿਸ਼ੇ ’ਤੇ ਖੁੱਲ੍ਹੀ ਬਹਿਸ ਦੌਰਾਨ ਕੀਤੀ। ਹਰੀਸ਼ ਨੇ ਆਖਿਆ, ‘‘ਜੰਮੂ ਕਸ਼ਮੀਰ ਭਾਰਤ ਦਾ ਅਨਿੱਖੜਵਾਂ ਅੰਗ ਸੀ, ਹੈ ਅਤੇ ਹਮੇਸ਼ਾ ਰਹੇਗਾ। ਪਾਕਿਸਤਾਨ ਨੇ ਜੰਮੂ ਕਸ਼ਮੀਰ ਦੇ ਕੁੱਝ ਇਲਾਕੇ ’ਤੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਜੋ ਉਸ ਨੂੰ ਖਾਲੀ ਕਰਨਾ ਪਵੇਗਾ।’’ ਭਾਰਤੀ ਰਾਜਦੂਤ ਦੀ ਇਹ ਪ੍ਰਤੀਕਿਰਿਆ ਪਾਕਿਸਤਾਨ ਵੱਲੋਂ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਦੀ ਖੁੱਲ੍ਹੀ ਬਹਿਸ ਦੌਰਾਨ ਜੰਮੂ ਕਸ਼ਮੀਰ ਦਾ ਮੁੱਦਾ ਉਠਾਏ ਜਾਣ ਤੋਂ ਬਾਅਦ ਆਈ ਹੈ। ਉਨ੍ਹਾਂ ਕਿਹਾ, ‘‘ਇਸ ਤਰ੍ਹਾਂ ਵਾਰ-ਵਾਰ ਜ਼ਿਕਰ ਨਾ ਤਾਂ ਉਨ੍ਹਾਂ (ਪਾਕਿਸਤਾਨ) ਦੇ ਨਾਜਾਇਜ਼ ਦਾਅਵਿਆਂ ਨੂੰ ਮਾਨਤਾ ਦਿੰਦਾ ਹੈ ਤੇ ਨਾ ਹੀ ਉਨ੍ਹਾਂ ਵੱਲੋਂ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਹੱਲਾਸ਼ੇਰੀ ਦੇਣ ਨੂੰ ਜਾਇਜ਼ ਠਹਿਰਾਉਂਦਾ ਹੈ।’’

ਹਰੀਸ਼ ਨੇ ਕਿਹਾ, ‘‘ਅਸੀਂ ਪਾਕਿਸਤਾਨ ਨੂੰ ਸਲਾਹ ਦੇਵਾਂਗੇ ਕਿ ਉਹ ਆਪਣੇ ਸੌੜੇ ਤੇ ਫੁੱਟਪਾਊ ਏਜੰਡੇ ਨੂੰ ਅੱਗੇ ਵਧਾਉਣ ਲਈ ਇਸ ਪਲੈਟਫਾਰਮ ਦਾ ਧਿਆਨ ਭਟਕਾਉਣ ਦੀ ਕੋਸ਼ਿਸ਼ ਨਾ ਕਰੇ।’’ ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਭਾਰਤ ਹੋਰ ਤਫ਼ਸੀਲ ਵਿੱਚ ਜਵਾਬ ਦੇਣ ਦੇ ਅਧਿਕਾਰ ਦੀ ਵਰਤੋਂ ਕਰਨ ਤੋਂ ਦੂਰ ਰਹੇਗਾ। ਭਾਰਤ ਵੱਲੋਂ 5 ਅਗਸਤ 2019 ਨੂੰ ਧਾਰਾ 370 ਰੱਦ ਕਰਨ, ਜੰਮੂ ਕਸ਼ਮੀਰ ਦਾ ਵਿਸ਼ੇਸ਼ ਦਰਜਾ ਰੱਦ ਕਰਨ ਅਤੇ ਸੂਬੇ ਨੂੰ ਦੋ ਕੇਂਦਰੀ ਸ਼ਾਸਿਤ ਪ੍ਰਦੇਸ਼ਾਂ ਵਿੱਚ ਵੰਡੇ ਜਾਣ ਮਗਰੋਂ ਦੋਵਾਂ ਮੁਲਕਾਂ ਦੇ ਸਬੰਧਾਂ ’ਚ ਨਿਘਾਰ ਆਇਆ ਹੈ।

# ਬੰਗਲਾਦੇਸ਼ ’ਚ ਤਖਤਾ ਪਲਟ ਦੇ ਚਰਚੇ



ਨਵੀਂ ਦਿੱਲੀ :ਬੰਗਲਾਦੇਸ਼ ਵਿੱਚ ਹਾਲ ਹੀ ਵਿੱਚ ਹੋਏ ਘਟਨਾਕ੍ਰਮ ਤੋਂ ਬਾਅਦ ਦੇਸ਼ ਭਰ ਵਿੱਚ ਫੌਜੀਆਂ ਅਤੇ ਨੀਮ ਫੌਜੀ ਦਸਤਿਆਂ ਦੀ ਤਾਇਨਾਤੀ ਵਧਾ ਦਿੱਤੀ ਗਈ ਹੈ। ਤਖਤਾ ਪਲਟ ਦੀਆਂ ਅਫਵਾਹਾਂ ਸੋਸ਼ਲ ਮੀਡੀਆ ’ਤੇ ਬਹੁਤ ਫੈਲੀਆਂ ਹੋਈਆਂ ਹਨ, ਖਾਸ ਕਰਕੇ ਦੇਸ਼ ਦੀ ਰਾਜਧਾਨੀ ਢਾਕਾ ਵਿੱਚ ਫੌਜੀਆਂ ਦੀ ਤਾਇਨਾਤੀ ਕਾਰਨ।ਹਾਲਾਂਕਿ, ਅੰਤਰਮ ਸਰਕਾਰ ਦੇ ਮੁਖੀ ਪ੍ਰੋਫੈਸਰ ਮੁਹੰਮਦ ਯੂਨਸ ਅਤੇ ਫੌਜ ਮੁਖੀ ਵਕਾਰ-ਉਜ਼-ਜ਼ਮਾਨ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਗਈ।ਮੁਹੰਮਦ ਯੂਨਸ ਨੂੰ ਲਗਾਤਾਰ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਫੌਜ ਮੁਖੀ ਵਕਾਰ-ਉਜ਼-ਜ਼ਮਾਨ ਨੇ ਪਿਛਲੇ ਹਫ਼ਤੇ ਆਪਣੇ ਉੱਚ ਸਹਿਯੋਗੀਆਂ ਨਾਲ ਇੱਕ ਮੀਟਿੰਗ ਕੀਤੀ। ਸੂਤਰਾਂ ਦੀ ਮੰਨੀਏ ਤਾਂ ਉਸਨੇ ਦੇਸ਼ ਵਿੱਚ ਵਧ ਰਹੇ ਕੱਟੜਵਾਦ ਦੇ ਵਿਚਕਾਰ ਸੁਰੱਖਿਆ ਉਪਾਵਾਂ ’ਤੇ ਚਰਚਾ ਕੀਤੀ।ਵਿਦਿਆਰਥੀ ਅਗਵਾਈ ਵਾਲੀ ਅਮਰ ਬੰਗਲਾਦੇਸ਼ ਪਾਰਟੀ ਦੇ ਜਨਰਲ ਸਕੱਤਰ ਅਸਦੁਜ਼ਮਾਨ ਫੁਆਦ ਨੇ ਦੋਸ਼ ਲਗਾਇਆ ਕਿ ਫੌਜ ਮੁਖੀ ਰਾਸ਼ਟਰਪਤੀ ਮੁਹੰਮਦ ਸ਼ਹਾਬੂਦੀਨ ਨਾਲ ਮਿਲ ਕੇ ਨਵੀਂ ਅੰਤਰਮ ਸਰਕਾਰ ਬਣਾਉਣ ਦੀ ਸਾਜ਼ਿਸ਼ ਰਚ ਰਹੇ ਹਨ। ਫੌਜ ਮੁਖੀ ਅਖੌਤੀ ਮੀਟਿੰਗਾਂ ਕਰ ਰਹੇ ਹਨ ਅਤੇ ਇੱਕ ਨਵੀਂ ਸਾਜ਼ਿਸ਼ ਵਿੱਚ ਸ਼ਾਮਲ ਹਨ।


THANDI AUTO CARE CENTRE LTD

WE DO REPAIR OF ALL MAKES & MODELS

- General Repairs
- Transmission- Brakes
- Tune Ups - Mufflers
- Electrical Problems
-We also do Diesel Repairs

ਅਸੀ ਹਰ ਤਰਾਂ ਦੀਆਂ ਡੋਮੇਸਟਿਕ ਅਤੇ ਇਨਪੋਟੀਡ ਕਾਰਾਂ ਅਤੇ ਵੈਨਾਂ ਦੀ ਰੀਪੇਅਰ ਕਰਦੇ ਹਾਂ





Bhupinder Singh Thandi
Certified Auto Mechanic
604.503.0713
Fax:604.503.0712
Harp_t@hotmail.com

#106-12465 82 Ave , Surrey BC



GOLDEN STAR PAINTING

ਨਵੇਂ/ਪੁਰਾਣੇ ਘਰ ਜਾਂ ਵਪਾਰ ਦੇ ਅੰਦਰ ਜਾਂ ਬਾਹਰ ਪੇਂਟ ਕਰਨ ਦਾ ਕੰਮ ਤਸੱਲੀਬਖਸ਼ ਅਤੇ ਵਾਜਿਬ ਕੀਮਤ ਤੇ ਕਰਦੇ ਹਾਂ



Free Estimate

ਪੁਰਾਣੇ ਘਰਾਂ ਤੇ ਸਪੈਸ਼ਲ ਡਿਸਕਾਊਂਟ

ਭੁਪਿੰਦਰ ਸਿੰਘ ਗਿੱਲ:604-897-5750



TMG LOGISTICS INC.

Need Owner Operators

*Vancouver to California *California to Alberta Back Vancouver
*Vancouver to East USA Return

NOW HIRING

Good Paying Loads



Need Company Drivers

*Single Driver Pay 52cents/mile*
*Team Drivers 32 cents/mile*

FOR MORE INFORMATION CALL AT:

(604) 598-3680 Fax: 604-596-3681 Cell: 778-838-3680

#121-13140-80Ave Surrey, BC V3W 3B2

# ਭਾਰਤ ਤੋਂ ਬਾਹਰ ਜਾਣਾ ਚਾਹੁੰਦੈ ਅਮੀਰਾਂ ਦਾ ਪੰਜਵਾਂ ਹਿੱਸਾ:ਸਰਵੇਖਣ

## ਵਿਦੇਸ਼ ਮੰਤਰਾਲੇ ਅਨੁਸਾਰ ਹਰ ਸਾਲ 25 ਲੱਖ ਭਾਰਤੀ ਦੂਜੇ ਦੇਸ਼ਾਂ ਵਿਚ ਜਾਂਦੇ ਹਨ

ਮੁੰਬਈ:ਘੱਟੋ-ਘੱਟ 22 ਫ਼ੀ ਸਦੀ ਅਮੀਰ ਭਾਰਤੀ ਇੱਥੇ ਰਹਿਣ-ਸਹਿਣ ਦੇ ਹਾਲਾਤ, ਵਿਦੇਸ਼ਾਂ 'ਚ ਬਿਹਤਰ ਜੀਵਨ ਪੱਧਰ ਅਤੇ ਦੂਜੇ ਦੇਸ਼ਾਂ 'ਚ ਆਸਾਨ ਕਾਰੋਬਾਰੀ ਮਾਹੌਲ ਵਰਗੇ ਕਾਰਕਾਂ ਕਾਰਨ ਦੇਸ਼ ਛੱਡਣਾ ਚਾਹੁੰਦੇ ਹਨ। 150 ਬਹੁਤ ਅਮੀਰ ਵਿਅਕਤੀਆਂ 'ਤੇ ਕੀਤੇ ਗਏ ਸਰਵੇਖਣ 'ਚ ਕਿਹਾ ਗਿਆ ਹੈ ਕਿ ਗੋਲਡਨ ਵੀਜ਼ਾ ਸਕੀਮ ਕਾਰਨ ਅਮਰੀਕਾ, ਬਰਤਾਨੀਆਂ, ਆਸਟਰੇਲੀਆ, ਕੈਨੇਡਾ ਅਤੇ ਇਥੋਂ ਤਕ ਕਿ ਯੂ.ਏ.ਈ. ਵੀ ਪਸੰਦੀਦਾ ਸਥਾਨ ਹਨ, ਜਿੱਥੇ ਅਮੀਰ ਲੋਕ ਵਸਣਾ ਚਾਹੁੰਦੇ ਹਨ।ਦੇਸ਼ ਦੇ ਪ੍ਰਮੁੱਖ ਦੌਲਤ ਪ੍ਰਬੰਧਕ ਕੋਟਕ ਪ੍ਰਾਈਵੇਟ ਨੇ ਕਿਹਾ ਕਿ ਵਿਦੇਸ਼ ਮੰਤਰਾਲੇ ਅਨੁਸਾਰ ਹਰ ਸਾਲ 25 ਲੱਖ ਭਾਰਤੀ ਦੂਜੇ ਦੇਸ਼ਾਂ ਵਿਚ ਜਾਂਦੇ ਹਨ। ਸਰਵੇਖਣ ਦੇ ਨਤੀਜਿਆਂ ਵਿਚ ਕਿਹਾ ਗਿਆ ਹੈ ਕਿ ਸਰਵੇਖਣ ਵਿਚ ਸ਼ਾਮਲ ਪੰਜ ਵਿਚੋਂ ਇਕ ਬਹੁਤ ਅਮੀਰ ਲੋਕ ਇਸ ਸਮੇਂ ਪ੍ਰਵਾਸ ਕਰਨ ਦੀ ਪ੍ਰਕਿਰਿਆ ਵਿਚ ਹਨ ਜਾਂ ਪ੍ਰਵਾਸ ਕਰਨ ਦੀ ਯੋਜਨਾ ਬਣਾ ਰਹੇ ਹਨ। ਸਰਵੇਖਣ 'ਚ ਕਿਹਾ ਗਿਆ ਹੈ ਕਿ ਉਹ ਜੀਵਨ ਪੱਧਰ 'ਚ ਸੁਧਾਰ, ਸਿਹਤ ਸੰਭਾਲ, ਹੱਲ, ਸਿੱਖਿਆ ਜਾਂ ਜੀਵਨ ਸ਼ੈਲੀ ਚਾਹੁੰਦੇ ਹਨ। ਪ੍ਰਵਾਸ ਦੇ ਫੈਸਲੇ ਨੂੰ ਭਵਿੱਖ 'ਚ ਨਿਵੇਸ਼ ਦਸਦੇ ਹੋਏ ਸਰਵੇਖਣ 'ਚ ਇਹ ਵੀ ਕਿਹਾ ਗਿਆ ਹੈ ਕਿ ਅਪਣੇ ਬੱਚਿਆਂ ਲਈ ਸ਼ਾਨਦਾਰ ਉੱਚ ਸਿੱਖਿਆ ਦੀ ਭਾਲ ਉਨ੍ਹਾਂ ਨੂੰ ਚੋਣ ਕਰਨ ਲਈ ਪ੍ਰੇਰਿਤ ਕਰਦੀ ਹੈ।

ਕੋਟਕ ਮਹਿੰਦਰਾ ਬੈਂਕ ਦੀ ਪ੍ਰਧਾਨ ਗੌਤਮੀ ਗਵਾਂਕਰ ਨੇ ਕਿਹਾ ਕਿ ਪਰਵਾਸ ਦੇ ਫੈਸਲੇ ਨੂੰ ਦੇਸ਼ ਤੋਂ ਬਾਹਰ ਪੂੰਜੀ ਦੀ ਉਡਾਣ ਵਜੋਂ ਨਹੀਂ ਵੇਖਿਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ 'ਤੇ ਪਾਬੰਦੀਆਂ ਇਹ ਯਕੀਨੀ ਕਰਦੀਆਂ ਹਨ ਕਿ ਪੈਸਾ ਭਾਰਤ 'ਚੋਂ ਬਾਹਰ ਨਾ ਜਾਵੇ, ਭਾਵੇਂ ਵਿਅਕਤੀ ਕਿਸੇ ਹੋਰ ਦੇਸ਼ ਦਾ ਵਾਸੀ ਬਣ ਜਾਵੇ। ਉਨ੍ਹਾਂ ਕਿਹਾ, ''ਹਰ ਭਾਰਤੀ ਨਾਗਰਿਕ ਸਾਲ 'ਚ ਸਿਰਫ 2,50,000 ਡਾਲਰ ਹੀ ਬਾਹਰ ਲਿਜਾ ਸਕਦਾ ਹੈ ਜਦਕਿ ਗੈਰ-ਨਿਵਾਸੀ ਨੂੰ 10 ਲੱਖ ਡਾਲਰ ਲੈ ਦੇ ਜਾਣ ਦੀ ਇਜਾਜ਼ਤ ਹੈ, ਜਿਸ ਨਾਲ ਇਹ ਯਕੀਨੀ ਬਣਦਾ ਹੈ ਕਿ ਪੂੰਜੀ ਦੇਸ਼ ਤੋਂ ਬਾਹਰ ਨਾ ਜਾਵੇ।''ਸਰਵੇਖਣ ਵਿਚ ਕਿਹਾ ਗਿਆ ਹੈ ਕਿ ਉੱਦਮੀਆਂ ਜਾਂ ਵਾਰਸਾਂ ਦੀ ਤੁਲਨਾ ਵਿਚ ਪੇਸ਼ੇਵਰ ਪ੍ਰਵਾਸ ਕਰਨ ਦੀ ਵਧੇਰੇ ਪ੍ਰਵਿਰਤੀ ਵਿਖਾਉਂਦੇ ਹਨ, ਜਦਕਿ ਉਮਰ ਸਮੂਹ ਦੇ ਨਜ਼ਰੀਏ ਤੋਂ ਇਹ 36-40 ਸਾਲ ਅਤੇ 61 ਸਾਲ ਤੋਂ ਵੱਧ ਉਮਰ ਦੇ ਯੂ.ਐਚ. ਆਈ.ਐਨ. ਹਨ ਜੋ ਪ੍ਰਵਾਸ ਕਰਨ ਲਈ ਵਧੇਰੇ ਉਤਸੁਕ ਹਨ। 2023 'ਚ 2.83 ਲੱਖ ਭਾਰਤੀ ਸਨ ਜਿਨ੍ਹਾਂ ਨੂੰ ਯੂ.ਐਚ.ਐਨ.ਆਈ. ਵਜੋਂ ਪਛਾਣਿਆ ਜਾ ਸਕਦਾ ਹੈ, ਹਰ ਕਿਸੇ ਦੀ ਕੁਲ ਜਾਇਦਾਦ 25 ਕਰੋੜ ਰੁਪਏ ਤੋਂ ਵੱਧ ਹੈ ਅਤੇ ਉਨ੍ਹਾਂ ਦੀ ਕੁਲ ਜਾਇਦਾਦ 2.83 ਲੱਖ ਕਰੋੜ ਰੁਪਏ ਹੈ। ਸਰਵੇਖਣ ਅਨੁਸਾਰ 2028 ਤਕ 359 ਲੱਖ ਕਰੋੜ ਰੁਪਏ ਦੀ ਦੌਲਤ ਰੱਖਣ ਵਾਲੇ 4.3 ਲੱਖ ਵਿਅਕਤੀਆਂ ਤਕ ਇਹ ਵਧਣ ਦੀ ਉਮੀਦ ਹੈ।

ਸਰਵੇਖਣ ਵਿਚ ਕਿਹਾ ਗਿਆ ਹੈ ਕਿ ਉੱਚ ਖਪਤ, ਜਨਸੰਖਿਆ ਅਤੇ ਮਜ਼ਬੂਤ ਆਰਥਕ ਵਿਕਾਸ ਵਰਗੇ ਕਾਰਕ ਇਸ ਹਿੱਸੇ ਦੇ ਵਿਕਾਸ ਵਿਚ ਸਹਾਇਤਾ ਕਰਨਗੇ।ਖਰਚ ਦੇ ਨਜ਼ਰੀਏ ਤੋਂ, ਸਿਹਤ ਅਤੇ ਤੰਦਰੁਸਤੀ ਇਕ ਮਹੱਤਵਪੂਰਣ ਖੇਤਰ ਵਜੋਂ ਉੱਭਰੀ ਹੈ, ਖ਼ਾਸਕਰ ਮਹਾਂਮਾਰੀ ਤੋਂ ਬਾਅਦ, 81 ਫ਼ੀ ਸਦੀ ਨੇ ਇਸ ਸ਼੍ਰੇਣੀ ਦੇ ਤਹਿਤ ਅਪਣੇ ਖਰਚਿਆਂ ਵਿਚ ਵਾਧਾ ਦਰਜ ਕੀਤਾ ਹੈ।


ਲਰਨਿੰਗ ਲਾਇਸੈਂਸ

ਕਾਰ, ਟਰੱਕ/ ਮੋਟਰਸਾਈਕਲ
ਟੈਕਸੀ ਜਾਂ ਏਅਰ ਬਰੇਕ ਦਾ ਲਾਇਸੈਂਸ
ਪੰਜਾਬੀ ਵਿਚ ਲੈਣ ਲਈ ਸੰਪਰਕ ਕਰੋ

- ਲੇਡੀਜ਼ ਵਾਸਤੇ ਸੁਨਹਿਰੀ ਮੌਕਾ, ਹੁਣ ਤੁਸੀਂ ਕਾਰ ਦੀ ਤਰ੍ਹਾਂ ਬਿਨਾ ਗੇਅਰਾਂ ਤੋਂ ਕਲਾਸ 1 ਦਾ ਲਾਇਸੈਂਸ ਲੈ ਸਕਦੇ ਹੋ
- ਜੇ ਟਰੱਕ ਦਾ ਲਾਇਸੈਂਸ ਲੈਣਾ ਚਾਹੁੰਦੇ ਹੋ ਪਰ ਅੰਗਰੇਜੀ ਨਹੀਂ ਆਉਂਦੀ ਜਾਂ ਘੱਟ ਆਉਂਦੀ ਹੈ ਬੁੱਕ ਦੇਖ ਕੇ ਘਬਰਾ ਜਾਂਦੇ ਹੋ ਤਾਂ ਡਰੋ ਨਾ, ਹੁਣੇ ਫੋਨ ਕਰੋ




ਅਸੀਂ ਸਿਟੀਜਨਸ਼ਿਪ, ਨੈਸ਼ਨਲ ਸੇਫਟੀ ਕੋਡ ਦੀਆਂ ਕਲਾਸਾਂ ਲਗਾਉਂਦੇ ਹਾਂ

WE DO:
*CITIZENSHIP CLASSES
*NATIONAL SAFETY CODE (NSC) CLASSES

A to Z DRIVING SCHOOL
Lucky: 604-614-5365
Unit 15 - 8388 128 St., Surrey


## ਸੈਮਸੰਗ ਇਲੈਕਟ੍ਰਾਨਿਕਸ ਦੇ ਸਹਿ-ਸੀਈਓ ਹਾਨ ਦਾ 63 ਸਾਲ ਦੀ ਉਮਰ ਵਿੱਚ ਦਿਹਾਂਤ



ਸੈਮਸੰਗ ਇਲੈਕਟ੍ਰਾਨਿਕਸ ਦੇ ਸਹਿ-ਸੀਈਓ ਹਾਨ ਜੋਂਗ-ਹੀ ਦਾ 63 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਹੈ।ਹਸਪਤਾਲ ਵਿੱਚ ਇਲਾਜ ਦੌਰਾਨ ਹਾਨ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ।

ਹਾਨ ਸੈਮਸੰਗ ਦੇ ਖ਼ਪਤਕਾਰ ਇਲੈਕਟ੍ਰਾਨਿਕਸ ਅਤੇ ਮੋਬਾਈਲ ਡਿਵਾਈਸ ਡਿਵੀਜ਼ਨ ਦੇ ਮੁਖੀ ਸਨ। ਉਹਨਾਂ ਨੂੰ 2022 ਵਿੱਚ ਸੈਮਸੰਗ ਇਲੈਕਟ੍ਰਾਨਿਕਸ ਦਾ ਵਾਈਸ ਚੇਅਰਮੈਨ ਅਤੇ ਸੀਈਓ ਨਿਯੁਕਤ ਕੀਤਾ ਗਿਆ ਸੀ।ਉਹ ਕੰਪਨੀ ਦੇ ਬੋਰਡ ਮੈਂਬਰ ਵੀ ਸਨ। ਕੰਪਨੀ ਨੇ ਅਜੇ ਤੱਕ ਹਾਨ ਦੇ ਉੱਤਰਾਧਿਕਾਰੀ ਬਾਰੇ ਫ਼ੈਸਲਾ ਨਹੀਂ ਕੀਤਾ ਹੈ।ਹਾਨ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਕੰਪਨੀ ਨੇ ਕਿਹਾ ਕਿ ਉਸ ਨੇ ਆਪਣੀ ਜ਼ਿੰਦਗੀ ਦੇ 37 ਸਾਲ ਸੈਮਸੰਗ ਦੇ ਟੀਵੀ ਕਾਰੋਬਾਰ ਨੂੰ ਇੱਕ ਗਲੋਬਲ ਲੀਡਰ ਬਣਾਉਣ ਲਈ ਸਮਰਪਿਤ ਕੀਤੇ। ਇਲੈਕਟ੍ਰਾਨਿਕਸ ਅਤੇ ਉਪਕਰਣ ਕਾਰੋਬਾਰ ਦੇ ਮੁਖੀ ਹੋਣ ਦੇ ਨਾਤੇ, ਉਨ੍ਹਾਂ ਨੇ "ਚੁਣੌਤੀਪੂਰਨ ਵਪਾਰਕ ਮਾਹੌਲ" ਦੇ ਵਿਚਕਾਰ ਕੰਪਨੀ ਦੇ ਵਿਕਾਸ ਵਿੱਚ ਯੋਗਦਾਨ ਪਾਇਆ।1962 ਵਿੱਚ ਜਨਮੇ, ਹਾਨ ਨੇ ਇਨਹਾ ਯੂਨੀਵਰਸਿਟੀ ਤੋਂ ਇਲੈਕਟ੍ਰੀਕਲ ਇੰਜੀਨੀਅਰਿੰਗ ਵਿੱਚ ਗ੍ਰੈਜੂਏਸ਼ਨ ਕੀਤੀ।1988 ਵਿੱਚ ਸੈਮਸੰਗ ਇਲੈਕਟ੍ਰਾਨਿਕਸ ਵਿੱਚ ਵਿਜ਼ੂਅਲ ਡਿਸਪਲੇ ਡਿਵੀਜ਼ਨ ਵਿੱਚ ਕੰਮ ਕਰਨਾ ਸ਼ੁਰੂ ਕੀਤਾ।ਉਸਨੂੰ ਸੈਮਸੰਗ ਇਲੈਕਟ੍ਰਾਨਿਕਸ ਦੇ ਟੀਵੀ ਕਾਰੋਬਾਰ ਨੂੰ ਵਿਕਸਤ ਕਰਨ ਵਿੱਚ ਇੱਕ ਮੁੱਖ ਹਸਤੀ ਵਜੋਂ ਦੇਖਿਆ ਜਾਂਦਾ ਹੈ।


PACIFIC NURSERIES

ਬਲਿਊਬੇਰੀ (ਡਿਊਕ) ਅਤੇ ਸੀਡਰ ਹੈਜਿੰਗ ਪਲਾਂਟ ਵਿਕਾਊ



*Blueberry (Duke) Plants FOR SALE
*Certified Imported from USA
*Potted in One Gallon Pots
*High Quality & Healty Plants
*Limited Quantity
*Will Be Ready to Plant in September

*Cedar Hedging Plants FOR SALE
*Potted in One Gallon
*Very Healty & High Quality
*Will be Ready to Plant in September

ONLY FOR WHOLESALERS

TO BOOK YOUR ORDER CONTACT:
778-552-0305

# ਬਜਟ ਇਜਲਾਸ ਵਿਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਅਤੇ ਸਨਅਤੀ ਵਿਕਾਸ ਦਾ ਅਹਿਦ

ਚੰਡੀਗੜ੍ਹ-ਇਸ ਵਾਰ ਪੰਜਾਬ ਦਾ ਬਜਟ ਬਦਲਦੇ ਪੰਜਾਬ ਦੇ ਵਿਸ਼ੇ 'ਤੇ ਸੀ। ਸੂਬਾ ਸਰਕਾਰ ਨੇ ਅੱਜ ਆਪਣਾ ਚੌਥਾ ਬਜਟ ਪੇਸ਼ ਕੀਤਾ। ਇਸ ਵਾਰ ਪੰਜਾਬ ਸਰਕਾਰ 2 ਲੱਖ 36 ਹਜ਼ਾਰ 80 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ ਸੀ। ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਔਰਤਾਂ ਲਈ ਮੁਫ਼ਤ ਬੱਸ ਯਾਤਰਾ ਰਹੇਗੀ ਜਾਰੀ। ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ 'ਚ 115 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਜਾਵੇਗਾ। ਪੰਜਾਬ ਸਰਕਾਰ ਨੇ ਸਿੱਖਿਆ ਲਈ ਬਜਟ ਵਿੱਚ 17,975 ਕਰੋੜ ਰੁਪਏ ਅਲਾਟ ਕੀਤੇ ਹਨ। ਸਰਕਾਰ ਦਾ ਧਿਆਨ ਸਿੱਖਿਆ ਤੇ ਖੇਡਾ ਨੂੰ ਉਤਸ਼ਾਹਿਤ ਕਰਨਾ ਹੈ। ਲਗਪਗ 2 ਘੰਟੇ ਬਾਅਦ ਬਜਟ ਭਾਸ਼ਣ ਖਤਮ ਹੋਇਆ। ਸਦਨ ਵੀਰਵਾਰ ਸਵੇਰੇ 10 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ। ਬਜਟ ਭਾਸ਼ਣ ਖਤਮ ਹੋਇਆ। ਸਦਨ ਵੀਰਵਾਰ ਸਵੇਰੇ 10 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਖਰੀਦੇਗੀ 347 ਈ-ਬੱਸਾਂ। ਪਰਾਲੀ ਨੂੰ ਸਾੜਨ ਤੋਂ ਰੋਕਣ ਲਈ, ਬਾਇਲਰਾਂ ਲਈ 60 ਕਰੋੜ ਰੁਪਏ ਦਾ ਐਲਾਨ। 30 ਲੱਖ ਟਨ ਪਰਾਲੀ ਦਾ ਨਿਪਟਾਰਾ ਕੀਤਾ ਜਾ ਸਕਦਾ ਹੈ। ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ 110 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ, ਜਿਸ ਵਿੱਚ ਬੀਐਸਐਫ ਨਾਲ 5,000 ਹੋਮ ਗਾਰਡ ਤਾਇਨਾਤ ਕੀਤੇ ਜਾਣਗੇ ਅਤੇ ਉੱਨਤ ਐਂਟੀ-ਡਰੋਨ ਸਿਸਟਮ ਲਗਾਏ ਜਾਣਗੇ। ਪਹਿਲੀ ਵਾਰ, ਪੰਜਾਬ ਵਿੱਚ 'ਡਰੱਗ ਜਨਗਣਨਾ' ਕੀਤੀ ਜਾਵੇਗੀ, ਜਿਸ ਲਈ 150 ਕਰੋੜ ਦਾ ਬਜਟ ਅਲਾਟ ਕੀਤਾ ਗਿਆ ਹੈ। 'ਡਾਇਲ 112' ਸੇਵਾ ਨੂੰ ਮਜ਼ਬੂਤ ਕਰਨ ਲਈ 758 ਚਾਰ-ਪਹੀਆ ਵਾਹਨ ਅਤੇ 916 ਦੋ-ਪਹੀਆ ਵਾਹਨ ਖਰੀਦੇ ਜਾਣਗੇ, ਜਿਸ ਨਾਲ ਜਵਾਬ ਸਮਾਂ 8 ਮਿੰਟ ਘੱਟ ਜਾਵੇਗਾ। ਮੋਹਾਲੀ ਵਿੱਚ ਨਵੇਂ 'ਡਾਇਲ 112' ਹੈੱਡਕੁਆਰਟਰ ਲਈ 53 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਐਮਰਜੈਂਸੀ ਰਿਸਪਾਂਸ ਵਹੀਕਲ ਲਈ ?125 ਕਰੋੜ ਅਲਾਟ ਕੀਤੇ ਗਏ ਹਨ। ਬਜਟ ਵਿੱਚ ਕੋਈ ਨਵਾਂ ਟੈਕਸ ਨਹੀਂ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਔਰਤਾਂ ਲਈ 1000 ਰੁਪਏ ਦਾ ਕੋਈ ਵੱਡਾ ਐਲਾਨ ਨਹੀਂ ਕੀਤਾ ਗਿਆ। ਪੰਜਾਬ ਸਰਕਾਰ ਨੇ ਰੁਜ਼ਗਾਰ ਪੈਦਾ ਕਰਨ ਲਈ ਬਜਟ ਵਿੱਚ 230 ਕਰੋੜ ਰੁਪਏ ਦਾ ਫੰਡ ਅਲਾਟ ਕੀਤਾ ਹੈ। ਇਹ ਪਿਛਲੇ ਸਾਲ ਨਾਲੋਂ 50 ਪ੍ਰਤੀਸ਼ਤ ਵੱਧ ਹੈ। ਪੰਜਾਬ ਸਰਕਾਰ ਨੇ ਸਿੱਖਿਆ ਲਈ ਬਜਟ ਵਿੱਚ 17,975 ਕਰੋੜ ਰੁਪਏ ਅਲਾਟ ਕੀਤੇ ਹਨ। ਇਹ ਕੁੱਲ ਬਜਟ ਦਾ 12 ਪ੍ਰਤੀਸ਼ਤ ਹੈ। ਸ੍ਰੀ ਆਨੰਦਪੁਰ ਸਾਹਿਬ ਵਿੱਚ ਸਥਿਤ ਈਕੋ-ਟੂਰਿਜ਼ਮ ਲਈ ਵਿਕਸਤ ਕੀਤਾ ਜਾਵੇਗਾ। ਇਹ ਪੰਜਾਬ ਦਾ ਪਹਿਲਾ ਵਾਈਲਡਲਾਈਫ ਸੈਂਚੂਰੀ ਬਣ ਜਾਵੇਗਾ ਜਿੱਥੇ ਤੇਂਦੂਏ ਅਤੇ ਹੋਰ ਜੰਗਲੀ ਜੀਵਾਂ ਨੂੰ ਦੇਖਿਆ ਜਾ ਸਕੇਗਾ। ਨਵਾਂਸ਼ਹਿਰ ਮੈਡੀਕਲ ਕਾਲਜ ਲਈ ਫੰਡ ਮਨਜ਼ੂਰ ਕੀਤਾ ਗਿਆ। ਮੁੱਖ ਮੰਤਰੀ ਨੇ ਤਿੰਨ ਸੌ ਕਰੋੜ ਰੁਪਏ ਦਾ ਪਹਿਲਾਂ ਹੀ ਕੀਤਾ ਸੀ ਐਲਾਨ। ਔਰਤਾਂ ਲਈ ਮੁਫ਼ਤ ਬੱਸ ਯਾਤਰਾ ਰਹੇਗੀ ਜਾਰੀ, ਇਸ ਲਈ 450 ਕਰੋੜ ਰੁਪਏ ਦਾ ਹੋਵੇਗਾ ਪ੍ਰਬੰਧ। ਤਿੰਨ ਜ਼ਿਲ੍ਹਿਆਂ ਵਿੱਚ ਮੱਕੀ ਦੀ ਪੈਦਾਵਾਰ ਲਈ 17,500 ਪ੍ਰਤੀ ਹੈਕਟੇਅਰ ਦਿੱਤੇ ਜਾਣਗੇ। ਅਨੁਸੂਚਿਤ ਵਲੋਂ 31.3.2020 ਤੱਕ ਦੇ ਕਾਰਪੋਰੇਸ਼ਨਾਂ ਤੋਂ ਲਏ ਗਏ ਸਾਰੇ ਕਰਜ਼ੇ ਮੁਆਫ਼ ਕਰ ਦਿੱਤੇ ਗਏ ਹਨ। 4650 ਲੋਕਾਂ ਨੂੰ ਮਿਲੇਗਾ ਇਸ ਦਾ ਲਾਭ। ਪੰਜਾਬ ਨੂੰ ਹੁਣ ਬੱਤੀ ਪੂਰਾ ਪੰਜਾਬ ਕਿਹਾ ਜਾਂਦਾ ਹੈ। ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ 'ਚ 115 ਕਰੋੜ ਰੁਪਏ ਦਾ ਪ੍ਰਬੰਧ। ਉਦਯੋਗ ਨੂੰ 250 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਾ ਪ੍ਰਬੰਧ। ਪੰਜਾਬ ਵਿੱਚ ਹਰੇਕ ਨੂੰ ਇੱਕ ਹੈਲਥ ਕਾਰਡ ਜਾਰੀ ਕੀਤਾ ਜਾਵੇਗਾ, ਜਿਸ ਨਾਲ ਸੂਬੇ ਦੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਸੰਭਵ ਹੋਵੇਗਾ। ਪੰਜਾਬ ਵਿੱਚ, ਬੀਮਾ ਕਵਰੇਜ ਹੁਣ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਕਰ ਦਿੱਤੀ ਗਈ ਹੈ। ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਸਿਹਤ ਬੀਣਾ ਯੋਜਨਾ ਅਧੀਨ ਲਿਆਂਦਾ ਜਾਵੇਗਾ। ਰਾਜ ਦੇ ਅਮੀਰ ਅਤੇ ਗਰੀਬ ਪਰਿਵਾਰਾਂ ਨੂੰ ਇਸਦਾ ਲਾਭ ਮਿਲੇਗਾ। ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰੇਗੀ। ਪਿਛਲੇ ਬਜਟ ਵਿੱਚ ਵਿੱਤ ਮੰਤਰੀ ਹਰਪਾਲ ਚੀਮਾ ਨੇ ਖੇਡਾਂ ਲਈ 272 ਕਰੋੜ ਰੁਪਏ ਅਲਾਟ ਕੀਤੇ ਸਨ, ਜਿਸ ਨੂੰ ਇਸ ਵਾਰ ਚਾਰ ਗੁਣਾ ਵਧਾ ਕੇ 979 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਰੰਗਲਾ ਪੰਜਾਬ ਵਿਕਾਸ ਯੋਜਨਾ। ਹਰੇਕ ਹਲਕੇ ਲਈ 5 ਕਰੋੜ ਰੁਪਏ ਦਾ ਐਲਾਨ। 65 ਲੱਖ ਪਰਿਵਾਰਾਂ ਲਈ ਬੀਮਾ ਕਵਰ 5 ਲੱਖ ਤੋਂ ਵਧਾ ਕੇ 10 ਲੱਖ ਕੀਤਾ ਗਿਆ। ਚੀਮਾ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਨੇ ਪੰਜਾਬ ਨੂੰ ਨਸ਼ੇ-ਆਦੀ ਅਤੇ ਰਲਿਆ-ਮਿਲਿਆ ਪੰਜਾਬ ਬਣਾ ਕੇ ਧੋਖਾ ਕੀਤਾ ਹੈ। ਸਾਨੂੰ ਪੰਜਾਬ ਵਿੱਚੋਂ ਨਸ਼ਾ ਖਤਮ ਕਰਨਾ ਪਵੇਗਾ। ਪੰਜਾਬ ਸਰਕਾਰ ਨੇ 2 ਲੱਖ 36 ਹਜ਼ਾਰ 080 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ ਹੈ। ਸਰਕਾਰ ਨੂੰ ਟੈਕਸ ਮਾਲੀਏ ਵਿੱਚ 14 ਪ੍ਰਤੀਸ਼ਤ ਵਾਧਾ ਹੋਇਆ ਹੈ। ਇਸ ਸਾਲ ਦੇ ਬਜਟ ਦਾ ਥੀਮ ਬਦਲਦਾ ਪੰਜਾਬ ਰੱਖਿਆ ਗਿਆ ਹੈ। ਇਹ ਪਿਛਲੇ ਤਿੰਨ ਸਾਲਾਂ ਵਿੱਚ ਸੂਬੇ ਦੀ ਬਦਲੀ ਹੋਈ ਤਸਵੀਰ ਪੇਸ਼ ਕਰੇਗਾ। ਵਿੱਤ ਮੰਤਰੀ ਨੇ ਕਿਹਾ ਕਿ ਪਿਛਲੇ ਕੁਝ ਦਹਾਕਿਆਂ ਵਿੱਚ ਹੋਰ ਪਾਰਟੀਆਂ ਨੇ ਸਿਰਫ਼ 'ਉੜਤਾ ਪੰਜਾਬ' ਬਣਾਇਆ ਹੈ। ਮੁੱਖ ਮੰਤਰੀ ਭਗਵੰਤ ਮਾਨ ਤੇ ਵਿੱਤ ਮੰਤਰੀ ਹਰਪਾਲ ਚੀਮਾ ਸਦਨ ਪਹੁੰਚ ਗਏ ਹਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਬਜਟ 2025-26 ਪੇਸ਼ ਕਰਨ ਤੋਂ ਪਹਿਲਾਂ ਬਜਟ ਦੀਆਂ ਕਾਪੀਆਂ 'ਤੇ ਕੀਤੇ ਦਸਤਖਤ। ਪੰਜਾਬ ਸਰਕਾਰ ਨੇ ਬੁੱਧਵਾਰ ਨੂੰ ਆਪਣਾ ਬਜਟ ਪੇਸ਼ ਕੀਤਾ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜ ਦਾ ਬਜਟ ਪੇਸ਼ ਕੀਤਾ। ਇਸ ਬਜਟ ਦੌਰਾਨ ਸਾਰੀਆਂ ਦੀਆਂ ਨਜ਼ਰਾਂ ਪੰਜਾਬ ਦੀਆਂ ਮਹਿਲਾਵਾਂ ਨੂੰ ਦਿੱਤੇ ਜਾਣ ਵਾਲੇ ਇੱਕ ਹਜ਼ਾਰ ਰੁਪਏ ਸਕੀਮ 'ਤੇ ਸੀ। ਇਹ ਪੰਜਾਬ ਸਰਕਾਰ ਦਾ ਚੌਥਾ ਬਜਟ ਹੈ ਪਰ ਇਸ ਬਜਟ 'ਚ ਵੀ ਮਹਿਲਾਵਾਂ ਲਈ 1100 ਰੁਪਏ ਦੇਣ ਦੀ ਸਕੀਮ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ। ਆਮ ਆਦਮੀ ਪਾਰਟੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਹ ਵਾਅਦਾ ਕੀਤਾ ਸੀ, ਪਰ ਸੱਤਾ ਵਿੱਚ ਆਉਣ ਦੇ ਤਿੰਨ ਸਾਲ ਬਾਅਦ ਵੀ, ਔਰਤਾਂ ਅਜੇ ਵੀ ਇੰਤਜ਼ਾਰ ਕਰ ਰਹੀਆਂ ਹਨ। 'ਆਪ' ਨੇ ਵਾਅਦਾ ਕੀਤਾ ਸੀ ਕਿ ਜੇਕਰ ਪੰਜਾਬ ਵਿੱਚ ਸਰਕਾਰ ਬਣੀ ਤਾਂ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਦਿੱਤੇ ਜਾਣਗੇ ਅਤੇ ਇਹ ਰਕਮ ਸਿੱਧੀ ਉਨ੍ਹਾਂ ਦੇ ਖਾਤੇ ਵਿੱਚ ਟਰਾਂਸਫਰ ਕੀਤੀ ਜਾਵੇਗੀ। ਪਰ ਸੀਐੱਮ ਭਗਵੰਤ ਮਾਨ ਨੇ ਸੱਤਾ ਵਿੱਚ ਆਉਣ ਤੋਂ ਬਾਅਦ ਹੀ ਇਸ ਯੋਜਨਾ 'ਤੇ ਚੁੱਪੀ ਧਾਰੀ ਹੋਈ ਹੈ। ਇਸ ਵਾਰ ਕੁਝ ਐਲਾਨ ਹੋਣ ਦੀ ਉਮੀਦ ਸੀ, ਪਰ ਬਜਟ ਵਿੱਚ ਵੀ ਇਸ ਮੁੱਦੇ 'ਤੇ ਚੁੱਪੀ ਧਾਰੀ ਹੋਈ ਸੀ। ਮਾਨ ਸਰਕਾਰ ਨੇ ਚੋਣਾਂ ਦੌਰਾਨ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਸੀ। ਸੂਬੇ ਦੀਆਂ ਇੱਕ ਕਰੋੜ ਔਰਤਾਂ ਨੂੰ ਸਰਕਾਰ ਦੇ ਇਸ ਬਜਟ ਤੋਂ ਸਭ ਤੋਂ ਵੱਡੀ ਉਮੀਦ ਸੀ ਜੋ ਚਕਨਾਚੂਰ ਹੋ ਗਈ। ਸਰਕਾਰ ਨੇ ਇਸ ਵਾਰ ਵੀ ਆਪਣਾ ਵਾਅਦਾ ਪੂਰਾ ਨਹੀਂ ਕੀਤਾ। ਪਰ ਗੁਆਂਢੀ ਸੂਬਿਆਂ ਵੱਲੋਂ ਆਪਣੇ ਕੀਤੇ ਵਾਅਦੇ ਪੂਰੇ ਜਾ ਰਹੇ ਹਨ। ਦਰਅਸਲ, ਹਿਮਾਚਲ ਪ੍ਰਦੇਸ਼ ਸਰਕਾਰ ਨੇ ਔਰਤਾਂ ਲਈ ਵਿੱਤੀ ਮਦਦ ਦਾ ਐਲਾਨ ਕੀਤਾ ਹੈ। ਇਸ ਤੋਂ ਇਲਾਵਾ, ਗੁਆਂਢੀ ਰਾਜ ਹਰਿਆਣਾ ਨੇ ਔਰਤਾਂ ਦੀ ਮਦਦ ਲਈ ਇੱਕ ਫੰਡ ਬਣਾਇਆ ਹੈ। ਦਿੱਲੀ ਵਿੱਚ ਵੀ, ਭਾਜਪਾ ਸਰਕਾਰ ਨੇ ਇਹ ਵਾਅਦਾ ਪੂਰਾ ਕੀਤਾ ਹੈ। ਕਾਬਿਲੇਗੌਰ ਹੈ ਕਿ ਸੂਬੇ ਭਰ ਵਿੱਚ 18 ਸਾਲ ਤੋਂ ਵੱਧ ਉਮਰ ਦੀਆਂ ਲਗਭਗ ਇੱਕ ਕਰੋੜ ਔਰਤਾਂ ਹਨ। 2022 ਵਿੱਚ ਸੱਤਾ ਵਿੱਚ ਆਉਣ ਤੋਂ ਪਹਿਲਾਂ, ਆਮ ਆਦਮੀ ਪਾਰਟੀ ਨੇ ਰਾਜ ਦੀਆਂ ਇੱਕ ਕਰੋੜ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੀ ਵਿੱਤੀ ਮਦਦ ਦੇਣ ਦਾ ਐਲਾਨ ਕੀਤਾ ਸੀ। ਪੰਜਾਬ ਦੀ ਮਾਨ ਸਰਕਾਰ ਨੇ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦਾ ਵਜ਼ੀਫ਼ਾ ਦੇਣ ਦਾ ਵਾਅਦਾ ਕੀਤਾ ਸੀ। ਹਾਲਾਂਕਿ ਜਦੋਂ ਲੋਕਾਂ ਨੇ ਇਸ ਯੋਜਨਾ ਨੂੰ ਲਾਗੂ ☞




AKALI SINGH SIKH SOCIETY
1890- SKEENA STREET, VANCOUVER, B.C., CANADA
PHONE (604) 254-2117, FAX: (604) 254-5309
www.akalisinghgurdwara.ca
Email: akalisinghsikhsociety@gmail.com

ਗੁਰੂ ਪਿਆਰੀ ਸਾਧ ਸੰਗਤ ਜੀਓ

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥

ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰੂ ਘਰ ਦੇ ਸ਼ਰਧਾਲੂ ਬੀਬੀ ਚਰਨ ਕੌਰ ਨਿੱਜਰ (ਪਿੰਡ ਛਮੋਲੀ) ਅਤੇ ਪਰਿਵਾਰ ਵਲੋਂ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਤੇ ਪਰਿਵਾਰ ਦੀ ਚੜ੍ਹਦੀ ਕਲਾ ਦੀ ਅਰਦਾਸ ਕਰਨ ਹਿੱਤ ਅਕਾਲੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਅਕਾਲੀ ਸਿੰਘ ਸਿੱਖ ਸੁਸਾਇਟੀ, ਵੈਨਕੂਵਰ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ।
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਤਿੰਨੇ ਦਿਨ ਗੁਰੂਘਰ ਪਹੁੰਚ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਤੋਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਸ੍ਰੀ ਅਖੰਡ ਪਾਠ ਸਾਹਿਬ ਦਾ ਪ੍ਰੋਗਰਾਮ
ਅਰੰਭ ਸ੍ਰੀ ਅਖੰਡ ਪਾਠ ਸਾਹਿਬ- 28 ਮਾਰਚ 2025, ਦਿਨ ਸ਼ੁੱਕਰਵਾਰ ਸਵੇਰ 10:00 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ- 30 ਮਾਰਚ 2025, ਦਿਨ ਐਤਵਾਰ ਸਵੇਰ 9:30 ਵਜੇ
ਗੁਰੂ ਕਾ ਲੰਗਰ ਤਿੰਨੇ ਦਿਨ ਅਤੁੱਟ ਵਰਤੇਗਾ

28 ਮਾਰਚ, ਦਿਨ ਸ਼ੁੱਕਰਵਾਰ...........ਸਵੇਰ 10:00 ਵਜੇ ਭਾਈ ਜਗਤਾਰ ਸਿੰਘ ਨਿੱਜਰ ਅਤੇ ਪਰਿਵਾਰ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 30 ਮਾਰਚ ਦਿਨ ਐਤਵਾਰ ਸਵੇਰੇ 9:30 ਵਜੇ ਪਾਏ ਜਾਣਗੇ।
29 ਮਾਰਚ, ਦਿਨ ਸ਼ਨਿੱਚਰਵਾਰ........ਸ਼ਾਮ ਨੂੰ ਨੰਬਰ 1 ਦਰਬਾਰ ਹਾਲ ਵਿਚ ਲੰਗਰ ਦੀ ਸੇਵਾ ਭਾਈ ਨਵਤੇਜ ਸਿੰਘ ਭੰਗਲ ਵਲੋਂ ਹੋਵੇਗੀ।
30 ਮਾਰਚ, ਦਿਨ ਐਤਵਾਰ............ਸ਼ਾਮ ਨੂੰ ਲੰਗਰ ਦੀ ਸੇਵਾ ਭਾਈ ਲਖਵੀਰ ਸਿੰਘ ਚਾਹਲ ਅਤੇ ਪਰਿਵਾਰ ਵਲੋਂ ਹੋਵੇਗੀ।
5 ਅਪ੍ਰੈਲ, ਦਿਨ ਸ਼ਨਿੱਚਰਵਾਰ..........ਸ਼ਾਮ ਨੂੰ ਲੰਗਰ ਦੀ ਸੇਵਾ ਬੀਬੀ ਸਿਮਰਨ ਕੌਰ ਅਤੇ ਪਰਿਵਾਰ ਵਲੋਂ ਹੋਵੇਗੀ।
6 ਅਪ੍ਰੈਲ, ਦਿਨ ਐਤਵਾਰ.............ਸਵੇਰ ਨੂੰ ਸਵਰਗਵਾਸੀ ਬਜ਼ੁਰਗਾਂ ਦੀ ਯਾਦ ਵਿਚ ਦੀਵਾਨ ਸਜਣਗੇ, ਲੰਗਰ ਦੀ ਸੇਵਾ ਸਰਾਏ ਪਰਿਵਾਰ ਤੇ ਮੰਡ ਪਰਿਵਾਰ ਵਲੋਂ ਹੋਵੇਗੀ।
11 ਅਪ੍ਰੈਲ, ਦਿਨ ਸ਼ੁੱਕਰਵਾਰ..........ਸਵੇਰ ਨੂੰ ਅਨੰਦ ਕਾਰਜ ਹੋਵੇਗਾ।

11, 12, 13 ਅਪ੍ਰੈਲ ਖਾਲਸਾ ਪੰਥ ਦਾ ਜਨਮ ਦਿਹਾੜਾ ਮਨਾਉਣ ਹਿਤ ਸ੍ਰੀ ਅਖੰਡ ਪਾਠ ਸਾਹਿਬ ਹੋਣਗੇ, ਲੰਗਰ ਦੀ ਸੇਵਾ ਭਾਈ ਸੋਹਣ ਸਿੰਘ ਮੇਟ ਅਤੇ ਪਰਿਵਾਰ ਵਲੋਂ ਹੋਵੇਗੀ।
12 ਅਪ੍ਰੈਲ, ਦਿਨ ਸ਼ਨਿੱਚਰਵਾਰ.......ਸ਼ਾਮ ਨੂੰ ਲੰਗਰ ਦੀ ਸੇਵਾ ਬੀਬੀ ਇੰਦਰਜੀਤ ਕੌਰ ਮਾਹਲ ਅਤੇ ਪਰਿਵਾਰ ਵਲੋਂ ਹੋਵੇਗੀ।

ਅੰਮ੍ਰਿਤ ਸੰਚਾਰ: 12 ਅਪ੍ਰੈਲ 2025, ਦਿਨ ਸ਼ਨਿੱਚਰਵਾਰ ਨੂੰ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਜਾਵੇਗਾ।
ਅੰਮ੍ਰਿਤ ਅਭਿਲਾਖੀ ਆਪਣੇ ਨਾਮ ਪ੍ਰਬੰਧਕਾਂ ਪਾਸ ਲਿਖਵਾਉਣ ਦੀ ਕ੍ਰਿਪਾਲਤਾ ਕਰਨ ਜੀ।

ਨਿਸ਼ਾਨ ਸਾਹਿਬ ਦੀ ਸੇਵਾ: 13 ਅਪ੍ਰੈਲ 2025, ਦਿਨ ਐਤਵਾਰ ਨੂੰ ਬਾਅਦ ਦੁਪਹਿਰ 1:00 ਵਜੇ ਨਿਸ਼ਾਨ ਸਾਹਿਬ ਦਾ ਚੋਲਾ ਬਦਲੀ ਕੀਤਾ ਜਾਵੇਗਾ। ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਇਸ ਸਮੇਂ ਵੀ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਹਰ ਬੁੱਧਵਾਰ ਬੀਬੀਆਂ ਵਲੋਂ ਸੁਖਮਨੀ ਸਾਹਿਬ ਦਾ ਪਾਠ ਸਵੇਰੇ 10:00 ਵਜੇ ਤੋਂ 12:30 ਵਜੇ ਤੱਕ ਕੀਤਾ ਜਾਂਦਾ ਹੈ।
ਹਰ ਮੰਗਲਵਾਰ ਅਤੇ ਵੀਰਵਾਰ ਸ਼ਾਮ ਨੂੰ 7:00 ਵਜੇ ਤੋਂ 8:00 ਵਜੇ ਤੱਕ ਯੋਗਾ ਦੀਆਂ ਕਲਾਸਾਂ ਲੱਗਦੀਆਂ ਹਨ। ਪੰਜਾਬੀ ਦੀਆਂ ਕਲਾਸਾਂ ਵੀ ਸ਼ੁਰੂ ਹੋ ਚੁੱਕੀਆਂ ਹਨ।


ਗੁਰਦੁਆਰਾ ਸਾਹਿਬ ਸਵੇਰੇ 5 ਵਜੇ ਤੋਂ ਸ਼ਾਮ 7:30 ਵਜੇ ਤੱਕ ਖੁੱਲ੍ਹਾ ਰਹੇਗਾ। ਸਵੇਰੇ ਨਿੱਤ ਨੇਮ ਤੇ ਸ਼ਾਮ ਨੂੰ ਰਹਿਰਾਸ ਦਾ ਪ੍ਰੋਗਰਾਮ ਹੋਵੇਗਾ। ਸੋਮਵਾਰ ਤੋਂ ਸ਼ਨਿੱਚਰਵਾਰ ਤੱਕ ਸਵੇਰੇ 10:00 ਵਜੇ ਤੋਂ 11:00 ਵਜੇ ਤੱਕ ਕੀਰਤਨ ਹੁੰਦਾ ਹੈ ਅਤੇ ਐਤਵਾਰ ਨੂੰ ਸਵੇਰੇ 9:30 ਵਜੇ ਤੋਂ 12:30 ਵਜੇ ਤੱਕ ਦਿਵਾਨ ਸਜਾਏ ਜਾਂਦੇ ਹਨ।

ਰਾਗੀ ਜਥਾ: ਭਾਈ ਰਕਮ ਸਿੰਘ ਕਾਨ੍ਹਪੁਰ ਵਾਲੇ, ਭਾਈ ਅਜੀਤ ਸਿੰਘ ਦੇਹਰਾਦੂਨ ਵਾਲੇ ਕੀਰਤਨ ਕਰਦੇ ਹਨ।

ਹੋਰ ਜਾਣਕਾਰੀ ਲਈ ਤੁਸੀਂ ਹੇਠ ਲਿਖੇ ਫੋਨ ਨੰਬਰਾਂ 'ਤੇ ਕਾਲ ਕਰ ਸਕਦੇ ਹੋ।
ਪਿਆਰਾ ਸਿੰਘ ਬੱਸਨ: 604-254-2117, 604-254-3572, 604-325-0891

ਸੰਗਤਾਂ ਦੇ ਦਾਸ: ਪ੍ਰਬੰਧਕ ਕਮੇਟੀ, ਅਕਾਲੀ ਸਿੰਘ ਸਿੱਖ ਸੁਸਾਇਟੀ    ਗੁਰਦੁਆਰਾ ਸਾਹਿਬ ਦਾ ਫੋਨ ਨੰਬਰ: (604) 254-2117

ਕਰਨ ਵਿੱਚ ਦੇਰੀ ਬਾਰੇ ਸਵਾਲ ਉਠਾਏ, ਤਾਂ ਇਸਨੂੰ ਸ਼ੁਰੂ ਕਰਨ ਦੀ ਬਜਾਏ, ਸੀਐਮ ਮਾਨ ਨੇ ਮਈ 2024 ਵਿੱਚ ਐਲਾਨ ਕੀਤਾ ਕਿ ਇਹ ਰਕਮ ਵਧਾ ਕੇ 1100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ। ਪਰ ਹੁਣ ਤੱਕ ਇਹ ਵਾਅਦਾ ਪੂਰਾ ਨਹੀਂ ਹੋਇਆ। ਸਰਕਾਰ ਸੂਬੇ ਵਿੱਚੋਂ ਨਸ਼ੀਲੇ ਪਦਾਰਥਾਂ ਦੇ ਗੱਠਜੋੜ ਨੂੰ ਜੜ੍ਹੋਂ ਪੁੱਟਣ ਤੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਵਪਾਰ ਨੂੰ ਰੋਕਣ ਲਈ ਇੱਕ ਡਰੱਗ ਸੈਂਸਸ ਕਰਨ ਜਾ ਰਹੀ ਹੈ। ਸੂਬੇ ਵਿੱਚ ਪਹਿਲੀ ਵਾਰ ਡਰੱਗ ਸੈਂਸਸ ਹੋਣ ਜਾ ਰਹੀ ਹੈ। ਇਸ ਲਈ ਬਜਟ ਵਿੱਚ 150 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਜਨਗਣਨਾ ਹਰ ਘਰ ਨੂੰ ਕਵਰ ਕਰੇਗੀ ਅਤੇ ਲੋਕਾਂ ਦੀ ਸਮਾਜਿਕ-ਆਰਥਿਕ ਸਥਿਤੀ ਤੋਂ ਇਲਾਵਾ ਨਸ਼ਿਆਂ ਦੇ ਪ੍ਰਚਲਨ, ਨਸ਼ਾ ਛੁਡਾਊ ਕੇਂਦਰਾਂ ਦੀ ਵਰਤੋਂ ਨੂੰ ਸਮਝਣ ਲਈ ਡੇਟਾ ਇਕੱਠਾ ਕਰੇਗੀ। ਇਸ ਡੇਟਾ ਦੀ ਵਰਤੋਂ ਅਗਲੇ ਦੋ ਸਾਲਾਂ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਲਈ ਇੱਕ ਪ੍ਰਭਾਵਸ਼ਾਲੀ ਅਤੇ ਵਿਗਿਆਨਕ ਰਣਨੀਤੀ ਬਣਾਉਣ ਲਈ ਕੀਤੀ ਜਾਵੇਗੀ। ਵਿੱਤ ਮੰਤਰੀ ਹਰਪਾਲ ਚੀਮਾ ਨੇ ਕਿਹਾ ਕਿ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ ਸੀਮਾ ਸੁਰੱਖਿਆ ਬਲ (ਬੀਐਸਐਫ) ਦੇ ਜਵਾਨਾਂ ਦੇ ਨਾਲ ਹੋਮ ਗਾਰਡ ਜਵਾਨ ਤਾਇਨਾਤ ਕੀਤੇ ਜਾਣਗੇ। ਸਰਹੱਦ ’ਤੇ ਤਾਇਨਾਤ ਕੀਤੇ ਜਾਣ ਵਾਲੇ ਹੋਮ ਗਾਰਡ ਕਰਮਚਾਰੀ ਦੂਜੀ ਰੱਖਿਆ ਲਾਈਨ ਵਜੋਂ ਕੰਮ ਕਰਨਗੇ। ਚੀਮਾ ਨੇ ਕਿਹਾ ਕਿ ਇਸ ਲਈ 5000 ਹੋਮ ਗਾਰਡ ਜਵਾਨ ਤਾਇਨਾਤ ਕੀਤੇ ਜਾਣਗੇ। ਇਸ ਲਈ ਪੰਜਾਬ ਦੇ ਉਨ੍ਹਾਂ ਨੌਜਵਾਨਾਂ ਨੂੰ ਚੁਣਿਆ ਜਾਵੇਗਾ ਜਿਨ੍ਹਾਂ ਵਿੱਚ ਪੰਜਾਬ ਦੀ ਰੱਖਿਆ ਕਰਨ ਦਾ ਜਨੂੰਨ ਹੈ ਅਤੇ ਉਹ ਦੁਸ਼ਮਣਾਂ ’ਤੇ ਤਿੱਖੀ ਨਜ਼ਰ ਰੱਖ ਸਕਦੇ ਹਨ। ਸਰਹੱਦ ’ਤੇ ਡਰੋਨਾਂ ਰਾਹੀਂ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਸਪਲਾਈ ਨੂੰ ਰੋਕਣ ਲਈ ਐਂਟੀ-ਡਰੋਨ ਸਿਸਟਮ ਲਗਾਏ ਜਾਣਗੇ। ਵਿੱਤ ਮੰਤਰੀ ਨੇ ਕਿਹਾ ਕਿ ਇਸ ਲਈ 110 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਇਹ ਸਿਸਟਮ ਸਰਹੱਦ ’ਤੇ ਡਰੋਨਾਂ ਨੂੰ ਟਰੈਕ ਅਤੇ ਬੇਅਸਰ ਕਰੇਗਾ। ਇਸ ਸਬੰਧੀ ਸਿਖਲਾਈ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਗਈ ਹੈ। ਇਨ੍ਹਾਂ ਦੀ ਸਥਾਪਨਾ ਦਾ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ। ਇਹ ਯਕੀਨੀ ਬਣਾਉਣ ਲਈ ਕਿ ਲੋਕਾਂ ਨੂੰ ਤੁਰੰਤ ਪੁਲਿਸ ਸਹਾਇਤਾ ਮਿਲੇ, ਅਗਲੇ ਸਾਲ 758 ਚਾਰ ਪਹੀਆ ਵਾਹਨ ਅਤੇ 916 ਦੋਪਹੀਆ ਵਾਹਨ ਖਰੀਦੇ ਜਾਣਗੇ। ਜਿਸ ਤੋਂ ਬਾਅਦ ਡਾਇਲ 112 ਫਲੀਟ ਵਿੱਚ ਸ਼ਾਮਲ ਵਾਹਨਾਂ ਦੀ ਗਿਣਤੀ 6 ਗੁਣਾ ਵਧ ਜਾਵੇਗੀ।


Bhola
Car Seat Cover Ltd.
Specialize in Custom & Universal Seat Covers
• Leather Car Seat Covers
• Leather Truck Covers
• Truck Lino
• ਲੈਦਰ ਕਾਰ ਸੀਟ ਕਵਰ
• ਲੈਦਰ ਟਰੱਕ ਕਵਰ
• ਟਰੱਕ ਲਾਇਨੋ

Great Deals On CAR MATS & ACCESSORIES
ਪਿਛਲੇ 30 ਸਾਲਾਂ ਤੋਂ ਸੀਟ-ਕਵਰ ਬਿਜਨਸ 'ਚ

Call:Simranjeet Singh
778-926-2662
#104-13119-84Ave, Surrey, BC

ਮਨ ਮਨੁੱਖ ਦੀ ਕੁੰਜੀ ਹੈ
Mind is the key to the man.
NATURAL HOMEOPATHIC SOLUTIONS
Homeopathic Natural Products And Consultations
• Stress • Obesity & Weight Management & much more
2nd Location at Abbotsford also
#1, 32056 Cedar Park
(Above Dr. Chan Medical Clinic)
CALL Dr. Shveta : 604-304-2236
MBBS, MD & DHMHS (ONT.)
• Children & Ladies Problems and much more

We Have Effective New Medicines Based On Latest Research For The Cure Of:
• Allergy Conditions
• Colitis • De-addiction
• Migraine • Sexual Problems
• Arthritis • Stress Anxiety
• All Auto-Immune Diseases
"Homeopath R S Saini receiving International Award"
Director, West coast Homeopathic Society of Canada
Dr.R S Saini & Dr. Shveta Has The Latest Knowledge For The Cure Of These Diseases.
ਹੋਮਿਉਪੈਥ ਆਰ. ਐਸ. ਸੈਣੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ
For Abbotsford
#1, 32056 Cedar Park (Above Dr. Chan Medical Clinic)
Appointments Call Dr. Shveta
MBBS, MD & DHMHS (ONT.)
604-304-2236
For Surrey
231-8138-128 ST., SURREY
(2ND FLOOR PAYAL BUSINESS CENTER)
604-502-9579
www.homeopathsaini.com

Grow Your Business with
A1 PROMOTIONS.
ਏ ਵੰਨ ਪਰੋਮੋਸ਼ਨਸ
Torphy Awards
Custom T Shirts
Team Uniforms
Custom Printed Tents, Flags
ਕਸਟਮ ਪਰਿੰਟਡ ਟੀ ਸ਼ਰਟਾਂ, ਜਰਸੀਆਂ, ਜੈਕਟਾਂ
ਵਿਆਹ ਸ਼ਾਦੀ ਦੇ ਸਾਈਨ ਸਕੂਲ ਯੂਨੀਫੌਰਮ
www.a1promotions.ca
604-763-1500
13375-72 AVE SURREY, BC
sales@a1promotions.ca
Mon - Fri 9:30 am to 5:30 pm Sat 10 am - 5 pm

# ਪਾਕਿਸਤਾਨ ਵੱਲੋਂ ਮਨੁੱਖੀ ਅਧਿਕਾਰ ਕਾਰਕੁਨ ਮਹਿਰੰਗ ਬਲੋਚ ਵਿਰੁੱਧ ਅਤਿਵਾਦ ਦੇ ਦੋਸ਼ਾਂ ’ਚ ਮਾਮਲਾ ਦਰਜ

ਪਾਕਿਸਤਾਨ ਦੀ ਪੁਲਿਸ ਨੇ ਬਲੋਚ ਯਾਕਜੇਹਤੀ ਕਮੇਟੀ (ਬੀਵਾਈਸੀ) ਦੀ ਮੁੱਖ ਪ੍ਰਬੰਧਕ ਮਹਿਰੰਗ ਬਲੋਚ ਅਤੇ 150 ਹੋਰਾਂ ਵਿਰੁੱਧ ਲਾਸ਼ਾਂ ਨੂੰ ਮੁਰਦਾਘਰ ਵਿੱਚੋਂ ਜ਼ਬਰਦਸਤੀ ਹਟਾਉਣ, ਹਿੰਸਾ ਭੜਕਾਉਣ ਅਤੇ ਹੋਰ ਕਥਿਤ ਅਪਰਾਧਾਂ ਲਈ ਐਫ਼ਆਈਆਰ ਦਰਜ ਕੀਤੀ ਹੈ। ਇਹ ਮਾਮਲਾ ਸਿਵਲ ਹਸਪਤਾਲ ਕਵੇਟਾ ਦੀ ਇੱਕ ਘਟਨਾ ਨਾਲ ਸਬੰਧਤ ਹੈ, ਜਿੱਥੇ ਬੀਵਾਈਸੀ ਮੈਂਬਰਾਂ ਨੇ ਕਥਿਤ ਤੌਰ ’ਤੇ ਮੁਰਦਾਘਰ ਵਿੱਚ ਧਾਵਾ ਬੋਲਿਆ ਅਤੇ ਜਾਫਰ ਰੇਲ ਹਾਦਸੇ ਦੌਰਾਨ ਮਾਰੇ ਗਏ ਪੰਜ ਲੋਕਾਂ ਦੀਆਂ ਲਾਸ਼ਾਂ ਨੂੰ ਚੁੱਕ ਕੇ ਲੈ ਗਏ।



22 ਮਾਰਚ ਨੂੰ ਸਰਿਆਬ ਪੁਲਿਸ ਸਟੇਸ਼ਨ ਵਿੱਚ ਦਰਜ ਕੀਤੀ ਗਈ ਐਫ਼ਆਈਆਰ ਵਿੱਚ ਅਤਿਵਾਦ ਵਿਰੋਧੀ ਐਕਟ (ਏਟੀਏ) ਅਤੇ ਪਾਕਿਸਤਾਨ ਪੀਨਲ ਕੋਡ (ਪੀਪੀਸੀ) ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ ਸ਼ਾਮਲ ਹਨ। ਐਫ਼ਆਈਆਰ ਵਿੱਚ ਕਈ ਹੋਰ ਪ੍ਰਮੁੱਖ ਬੀਵਾਈਸੀ ਨੇਤਾਵਾਂ ਦੇ ਨਾਮ ਵੀ ਹਨ, ਜਿਨ੍ਹਾਂ ਵਿੱਚ ਬੀਬੋ ਬਲੋਚ, ਗੁਲਜ਼ਾਦੀ ਸਤਕਜ਼ਈ, ਸਬੀਹਾ ਬਲੋਚ, ਸਬਤੁੱਲਾ ਬਲੋਚ, ਗੁਲਜ਼ਾਰ ਦੋਸਤ, ਰਿਆਜ਼ ਗਸ਼ਕੋਰੀ ਅਤੇ ਸ਼ਾਲੀ ਬਲੋਚ ਸ਼ਾਮਲ ਹਨ। ਰਿਪੋਰਟ ਅਨੁਸਾਰ, ਪਾਕਿਸਤਾਨੀ ਅਧਿਕਾਰੀਆਂ ਨੇ ਸਨਿਚਰਵਾਰ ਸਵੇਰੇ ਮਹਿਰੰਗ ਬਲੋਚ ਅਤੇ 17 ਹੋਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਨੂੰ ਜਨਤਕ ਵਿਵਸਥਾ (ਐਮਪੀਓ) ਆਰਡੀਨੈਂਸ ਦੀ ਧਾਰਾ 3 ਦੇ ਤਹਿਤ ਕਵੇਟਾ ਜ਼ਿਲ੍ਹਾ ਜੇਲ੍ਹ ਵਿੱਚ ਬੰਦ ਕਰ ਦਿੱਤਾ। ਐਫ਼ਆਈਆਰ ਅਨੁਸਾਰ, ਬੀਵਾਈਸੀ ਲੀਡਰਸ਼ਿਪ ਨੇ ਕਥਿਤ ਤੌਰ ’ਤੇ ਦੰਗਾਕਾਰੀਆਂ ਨੂੰ ਪੁਲਿਸ ਅਧਿਕਾਰੀਆਂ, ਰਾਹਗੀਰਾਂ ਅਤੇ ਆਪਣੇ ਹੀ ਪ੍ਰਦਰਸ਼ਨਕਾਰੀਆਂ ’ਤੇ ਗੋਲੀਬਾਰੀ ਕਰਨ ਲਈ ਉਕਸਾਇਆ, ਜਿਸ ਦੇ ਨਤੀਜੇ ਵਜੋਂ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਅਤੇ 15 ਪੁਲਿਸ ਅਧਿਕਾਰੀ ਜ਼ਖ਼ਮੀ ਹੋ ਗਏ। ਰਿਪੋਰਟ ਮੁਤਾਬਕ, ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿੱਚ ਦਰਜ ਇੱਕ ਹੋਰ ਐਫ਼ਆਈਆਰ ਵਿੱਚ 100 ਤੋਂ 150 ਬੀਵਾਈਸੀ ਸਮਰਥਕਾਂ ’ਤੇ ਸਿਵਲ ਹਸਪਤਾਲ ਵਿੱਚ ਧਾਵਾ ਬੋਲਣ, ਮੁਰਦਾਘਰ ਵਿੱਚ ਭੰਨਤੋੜ ਕਰਨ ਅਤੇ ਲਾਸ਼ਾਂ ਨੂੰ ਜ਼ਬਰਦਸਤੀ ਲਿਜਾਣ ਦਾ ਦੋਸ਼ ਲਗਾਇਆ ਗਿਆ ਹੈ। ਐਫ਼ਆਈਆਰ ਵਿੱਚ ਕਿਹਾ ਗਿਆ ਹੈ ਕਿ ਮੁਲਜ਼ਮਾਂ ਨੇ ਹਾਕੀ ਚੌਕ ’ਤੇ ਇੱਕ ਨਿੱਜੀ ਐਂਬੂਲੈਂਸ ਨੂੰ ਵੀ ਰੋਕਿਆ, ਡਰਾਈਵਰ ’ਤੇ ਹਮਲਾ ਕੀਤਾ ਅਤੇ ਲਾਸ਼ਾਂ ਨੂੰ ਗੱਡੀ ਵਿੱਚ ਲੱਦਿਆ। ਸਨਿਚਰਵਾਰ ਨੂੰ ਕਵੇਟਾ ਵਿੱਚ ਪੱਛਮੀ ਬਾਈਪਾਸ ਰੋਡ ਨੂੰ ਜਾਮ ਕਰਨ, ਰਾਜ ਵਿਰੋਧੀ ਨਾਹਰੇ ਲਗਾਉਣ ਅਤੇ ਜਨਤਕ ਅਸ਼ਾਂਤੀ ਭੜਕਾਉਣ ਦੇ ਦੋਸ਼ ਵਿੱਚ ਬੀਵਾਈਸੀ ਆਗੂਆਂ ਗੁਲਜ਼ਾਦੀ ਬਲੋਚ, ਅਲੀ ਜਾਨ, ਸ਼ੋਏਬ, ਸਈਦ ਨੂਰ ਸ਼ਾਹ, ਵਹੀਦ, ਜਹਾਂਜ਼ੇਬ, ਜ਼ੋਹੈਬ ਬਲੋਚ ਅਤੇ 100 ਤੋਂ ਵੱਧ ਹੋਰਾਂ ਵਿਰੁੱਧ ਬਰੂਅਰੀ ਪੁਲਿਸ ਸਟੇਸ਼ਨ ਵਿੱਚ ਤੀਜੀ ਐਫ਼ਆਈਆਰ ਦਰਜ ਕੀਤੀ ਗਈ। ਇਸ ਦੌਰਾਨ ਐਤਵਾਰ ਨੂੰ ਲਗਾਤਾਰ ਚੌਥੇ ਦਿਨ ਕਵੇਟਾ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਇੰਟਰਨੈਟ ਸੇਵਾਵਾਂ ਮੁਅੱਤਲ ਰਹੀਆਂ। ਭਾਵੇਂ ਪੀਟੀਸੀਐਲ ਦੇ ਅਧਿਕਾਰੀਆਂ ਨੇ ਐਤਵਾਰ ਦੇਰ ਸ਼ਾਮ ਦਾਅਵਾ ਕੀਤਾ ਕਿ ਸੇਵਾਵਾਂ ਬਹਾਲ ਕਰ ਦਿੱਤੀਆਂ ਗਈਆਂ ਹਨ, ਪਰ ਉਪਭੋਗਤਾਵਾਂ ਨੂੰ ਰੁਕਾਵਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਗੈਂਗਸਟਰ ਜੱਗੂ ਭਗਵਾਨਪੁਰੀਆ ਬਠਿੰਡਾ ਦੀ ਕੇਂਦਰੀ ਜੇਲ੍ਹ ਤੋਂ ਅਸਾਮ ਦੀ ਸਿਲਚਰ ਜੇਲ੍ਹ ‘ਚ ਤਬਦੀਲ



ਬਠਿੰਡਾ- ਗੈਂਗਸਟਰ ਜੱਗੂ ਭਗਵਾਨਪੁਰੀਆ ਨੂੰ ਬਠਿੰਡਾ ਦੀ ਕੇਂਦਰੀ ਜੇਲ੍ਹ ਤੋਂ ਅਸਾਮ ਸਥਿਤ ਸਿਲਚਰ ਜੇਲ੍ਹ ‘ਚ ਭੇਜਿਆ ਗਿਆ ਹੈ। ਸੂਤਰਾਂ ਅਨੁਸਾਰ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ.ਸੀ.ਬੀ.) ਵੱਲੋਂ ਇਹ ਕਾਰਵਾਈ ਪੀ.ਆਈ.ਟੀ.-ਐੱਨ.ਡੀ.ਪੀ.ਐੱਸ. ਐਕਟ ਅਧੀਨ ਕੀਤੀ ਗਈ ਹੈ। ਕਾਨੂੰਨੀ ਮਾਹਿਰਾਂ ਮੁਤਾਬਿਕ ਇਹ ਕਾਨੂੰਨ ਵੀ ਕੌਮੀ ਸੁਰੱਖਿਆ ਐਕਟ ਵਾਂਗ ਕਾਫ਼ੀ ਸਖ਼ਤ ਹੈ। ਇਸ ਕਾਨੂੰਨ ਨੂੰ ਇਕ ਸਾਲ ਤੱਕ ਚੁਣੌਤੀ ਨਹੀਂ ਦਿੱਤੀ ਜਾ ਸਕਦੀ ਅਤੇ ਨਾ ਹੀ ਜ਼ਮਾਨਤ ਸੰਭਵ ਹੈ। ਭਗਵਾਨਪੁਰੀਆ ਨੂੰ ਸਖ਼ਤ ਸੁਰੱਖਿਆ ਛਤਰੀ ਹੇਠ ਬਠਿੰਡਾ ਤੋਂ ਚੰਡੀਗੜ੍ਹ ਲਿਜਾਇਆ ਗਿਆ ਅਤੇ ਅੱਗੇ ਉਸ ਨੂੰ ਜਹਾਜ਼ ਰਾਹੀਂ ਅਸਾਮ ਭੇਜਿਆ ਜਾਵੇਗਾ। ਸੂਤਰਾਂ ਅਨੁਸਾਰ ਜੱਗੂ ਭਗਵਾਨਪੁਰੀਆ ‘ਤੇ 128 ਕੇਸ ਦਰਜ ਹਨ ਅਤੇ ਇਨ੍ਹਾਂ ‘ਚੋਂ 13 ਕੇਸ ਐੱਨ.ਡੀ.ਪੀ.ਐੱਸ. ਐਕਟ ਨਾਲ ਸਬੰਧਤ ਹਨ। ਇਸ ਤੋਂ ਪਹਿਲਾਂ ਵੀ ਪੰਜ ਵੱਡੇ ਨਸ਼ਾ ਤਸਕਰ ਪੰਜਾਬ ਤੋਂ ਆਸਾਮ ਭੇਜੇ ਜਾ ਚੁੱਕੇ ਹਨ। ਜ਼ਿਕਰਯੋਗ ਹੈ ਕਿ ਭਗਵਾਨਪੁਰੀਆ ਦਾ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਵਿਚ ਵੀ ਨਾਂਅ ਬੋਲਦਾ ਹੈ। ਜੱਗੂ ਭਗਵਾਨਪੁਰੀਆ, ਜਿਸ ਦਾ ਅਸਲ ਨਾਮ ਜਗਦੀਪ ਸਿੰਘ ਹੈ। ਉਸ ਖ਼ਿਲਾਫ਼ ਪਿਸਟਲ, ਰਿਵਾਲਵਰ ਅਤੇ ਗੋਲੀ-ਸਿੱਕਾ ਸਮੇਤ ਗ਼ੈਰਕਾਨੂੰਨੀ ਹਥਿਆਰ ਰੱਖਣ ਦੇ ਵੀ ਕੇਸ ਦਰਜ ਹਨ। ਸੂਤਰਾਂ ਮੁਤਾਬਕ ਤਫ਼ਸੀਲੀ ਜਾਂਚ ਤੋਂ ਬਾਅਦ ਹੀ ਗੈਂਗਸਟਰ ਖ਼ਿਲਾਫ਼ ਪੀ.ਆਈ.ਟੀ.-ਐੱਨ.ਡੀ.ਪੀ.ਐੱਸ. ਐਕਟ ਲਾਇਆ ਗਿਆ ਹੈ। ਖ਼ੁਫ਼ੀਆ ਰਿਪੋਰਟਾਂ ਜੱਗੂ ਭਗਵਾਨਪੁਰੀਆ ਦੀ ਪਾਕਿਸਤਾਨ ਆਧਾਰਿਤ ਸਪਲਾਇਰਾਂ ਅਤੇ ਕੈਨੇਡਾ ਤੇ ਅਮਰੀਕਾ ਦੇ ਕੌਮਾਂਤਰੀ ਨੈੱਟਵਰਕਾਂ ਨਾਲ ਸ਼ਮੂਲੀਅਤ ਦਰਸਾਉਂਦੀਆਂ ਹਨ। ਕੇਂਦਰ ਸਰਕਾਰ ਦੇ ਸੰਯੁਕਤ ਸਕੱਤਰ (ਪੀ.ਆਈ.ਟੀ.-ਐੱਨ.ਡੀ.ਪੀ.ਐੱਸ.) ਦੇ 21 ਮਾਰਚ ਦੇ ਨਿਰਦੇਸ਼ਾਂ ਤੋਂ ਬਾਅਦ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ.ਸੀ.ਬੀ.) ਨੇ ਗੈਂਗਸਟਰ ਨੂੰ ਬਠਿੰਡਾ ਤੋਂ ਅਸਾਮ ਦੀ ਸਿਲਚਰ ਕੇਂਦਰੀ ਜੇਲ੍ਹ ਵਿਚ ਤਬਦੀਲ ਕੀਤਾ ਹੈ। ਸੂਤਰਾਂ ਨੇ ਕਿਹਾ ਕਿ ਇਸ ਪੇਸ਼ਕਦਮੀ ਦਾ ਮੁੱਖ ਮੰਤਵ ਪੰਜਾਬ ਤੇ ਨੇੜਲੇ ਖੇਤਰਾਂ ਵਿਚ ਵਧ ਰਹੇ ਅਪਰਾਧਿਕ ਨੈੱਟਵਰਕਾਂ ਨੂੰ ਤੋੜਨਾ ਹੈ।


FARM MORTGAGE SPECIALIST
Please Call:
SARBJIT DUBB, AMP
Mortgage Consultant
604-780-4497
Verico A.K. Mortgage Plus Inc.
AK Mortgage Professional Mortgage Consultants Plus
A.K. Mortgage Plus
103-7337-137th St., Surrey
604.501.7700 • 604.780.4497
Email: Sarbjit@mtg-plus.com
www.DubbMortgages.ca
5 YEAR FIXED
4.69 %*
Insured Only
QUICK & EASY APPROVALS



*Rates are subject to change. O.A.C. Some Conditions Apply. VERICO A.K. MORTGAGE PLUS INC

Come join Pierre Poilievre, leader of Canada's common sense Conservatives, for a Canada First Rally as he comes through the Surrey area.

RSVP here to attend:
https://www.conservative.ca/canada-first-rally-with-pierre-poilievre-in-surrey/




conservative.ca
Canada First Rally in Surrey
Get Tickets

Our Package Starts from
$50 per month
ਪੰਜਾਬ ਗਾਰਡੀਅਨ
Call to Advertise
604.590.5200

Shaadi Shop
Exclusive Indian Wedding Accessories
Ladies Tailoring Service *Lining Suit $70 *Simple Suit $40
Shagun/Rangoli Supplies
Sahe Chiti, Choora/Jewelery Box
Maiyan Fati, Haldi Sets & More
Rentals:Jago-dholki, stools
Fresh Fruit-Dry Fruit-Shagun Baskets
ਵਿਆਹ ਸ਼ਾਦੀ ਤੇ ਸ਼ਗਨ/ਰੰਗੋਲੀ ਸਪਲਾਈ, ਸਾਹੇ ਚਿੱਠੀ/ਚੂੜਾ/ਜਿਊਲਰੀ ਬਾਕਸ, ਜਾਗੋ-ਢੋਲਕੀ-ਸਟੂਲ ਰੈਂਟਲ ਆਦਿ ਲਈ ਸਾਡੇ ਨਾਲ ਸੰਪਰਕ ਕਰੋ
Serving All Areas from Blaine WA to Seattle WA
360-201-0240


SAMARA FRAMING LTD
RESIDENTIAL & COMMERCIAL
ਵਰਕਰਾਂ ਦੀ ਲੋੜ
ਸਾਡੇ ਕੋਲ LMIA ਉਪਲਬਧ ਹਨ
ਸਰੀ ਦੀ ਮਸ਼ਹੂਰ ਫਰੇਮਿੰਗ ਕੰਪਨੀ (ਸਮਾਰਾ ਫਰੇਮਿੰਗ ਲਿੰਮ:) ਵਾਲਿਆਂ ਨੂੰ ਵਰਕਰਾਂ ਦੀ ਤੁਰੰਤ ਲੋੜ ਹੈ। ਤਨਖਾਹ ਤਜਰਬੇ ਅਨੁਸਾਰ ਵਧੀਆ ਦਿੱਤੀ ਜਾਵੇਗੀ। ਨਵੇਂ ਵੀ ਅਪਲਾਈ ਕਰ ਸਕਦੇ ਹਨ। ਸਰੀ ਅਤੇ ਡੈਲਟਾ ਤੋਂ ਰਾਈਡ ਦਾ ਪ੍ਰਬੰਧ। ਕੰਮ ਫੁੱਲ ਟਾਈਮ ਹਫਤੇ ਵਿਚ 6 ਦਿਨ ਚੱਲੇਗਾ।
ਹੋਰ ਜਾਣਕਾਰੀ ਲਈ ਸੰਪਰਕ ਕਰੋ
ਬਲਜੀਤ 604-561-5467, ਗੈਰੀ 604-816-8422

• ਇੰਸ਼ੋਰੈਂਸ ਦੀਆਂ ਸਾਰੀਆਂ ਵੱਡੀਆਂ ਪਲੈਨਾਂ ਲੈਂਦੇ ਹਾਂ • ਅਸੀਂ ਪੰਜਾਬੀ, ਹਿੰਦੀ ਅਤੇ ਉਰਦੂ ਬੋਲਦੇ ਹਾਂ
• ਸ਼ਾਮ ਅਤੇ ਵੀਕਐਂਡ ਦੀਆਂ ਅਪਾਇੰਟਮੈਂਟਾਂ ਉਪਲਬੱਧ ਹਨ • ਸਕਾਟ ਰੋਡ ਗੁਰਦਵਾਰਾ ਦੇ ਨੇੜੇ, ਸਤਨਾਮ ਪਲਾਜ਼ਾ ਵਿੱਚ
ਪਿਛਲੇ 10 ਸਾਲਾਂ ਤੋਂ ਉੱਪਰ ਸੇਵਾਵਾਂ ਪ੍ਰਦਾਨ ਕਰਦੇ ਆ ਰਹੇ ਹਾਂ



ਸੇਵਾਵਾਂ :
• ਜਾੜ ਭਰਨੀ
• ਦੰਦ ਕੱਢਣੇ
• ਕਰਾਊਨ ਤੇ ਬ੍ਰਿਜ
• ਡਿਜੀਟਲ ਐਕਸਰੇ
• ਵਾਈਟ ਫਿਲਿੰਗਸ
• ਦੰਦਾਂ ਦੀ ਸਫਾਈ ਅਤੇ ਚੈੱਕਅੱਪ
SERVICES:
• Extractions
• White Fillings
• Root Canals
• Crown & Bridge
• Digital X-Rays
• Teeth Cleaning & Checkup
• All Major Insurance Plans Accepted
• Punjabi, Hindi, Urdu Spoken
• New Patients Welcome
Evening & Weekend Appointment Available
Practising For Over 10 Years
ਇਮਰਜੈਂਸੀ ਅਪਾਇੰਟਮੈਂਟਾਂ ਉਪਲਬੱਧ ਹਨ
EVERSHINE FAMILY DENTISTRY
ਤੁਹਾਡੇ ਪਰਿਵਾਰ ਲਈ...ਤੰਦਰੁਸਤ ਤੇ ਸੁੰਦਰ ਮੁਸਕਾਨ


604.593.6515
#111 - 7130 120th Street, Surrey, BC
Near Guru Nanak Sikh Gurdwara
Ground Floor of Satnam Plaza
(FREE AMPLE PARKING)

Dr. Anjanpal Kaur Bhalla
www.evershinedental.ca
ਡਾ. ਅੰਜਨਪਾਲ ਕੌਰ ਭੱਲਾ

www.deltondentures.com
DELTON DENTURE CLINIC LTD.
Denturists Are Denture Specialist
ਤੁਹਾਡੇ ਜੁਬਾੜੇ ਦੀਆਂ ਹਰ ਤਰ੍ਹਾਂ ਦੀਆਂ ਸੇਵਾਵਾਂ
"We accept CANADIAN DENTAL CARE PLAN for Dentures"
- Complete Dentures
- Immediate Dentures
- Partial Dentures
- Dentures Over Implants
- Same Day Relines
- Repairs, Soft Linings
- Sport Guards
ਅਸੀਂ ਦੰਦ ਬਣਾਉਣ 'ਚ ਮਾਹਿਰ ਹਾਂ
WE ARE DENTURISTS
CONSUMER CHOICE AWARD 2018 VANCOUVER
Business Category Denturist
ਅਸੀਂ ਜੁਬਾੜੇ ਬਣਾਉਂਦੇ ਹਾਂ
Get a Beautiful Smile


Chris Kozakiewicz
BSc., R.D.
Mon-Fri: 9am-5pm, Saturdays By Appointment
Scott 72 Shopping Centre
#209- 7313-120th St., Delta ( Above London Drugs & Staples )
604.590.1111

GAUTAM & ASSOCIATES
TRIAL LAWYERS


OUR AREAS OF EXPERTISE
*PERSONAL INJURY LAW
*VISA REFUSALS
*IMMEDIATE ROADSIDE
*PROHIBITIONS *FAMILY LAW
*CIVIL AND COMMERCIAL
*LITIGATION *WILLS AND ESTATES
ਅੱਜ ਹੀ ਸੰਪਰਕ ਕਰੋ
604-593-5310
Email:dkgautam@galawyers.ca
#210-8028-128St, Surrey, BC

ੴ

TRUTH IS THE HIGHEST OF ALL THINGS:
HIGHER STILL IS TRUTHFUL LIVING -GURU NANAK DEV JI

ੴ ਸਤਿਗੁਰ ਪ੍ਰਸਾਦਿ

# ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ

12885-85Ave. Surrey, BC V3W 0K8 Canada




## ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵਿਖੇ ਹੋ ਰਹੇ ਇਸ ਹਫਤੇ ਦੇ ਪ੍ਰੋਗਰਾਮਾਂ ਦਾ ਵੇਰਵਾ

ਇਸ ਹਫਤੇ ਦੇ ਸਮਾਗਮ ਸ਼ਹੀਦੀ ਭਾਈ ਸੁਬੇਗ ਸਿੰਘ. ਭਾਈ ਸ਼ਹਿਬਾਜ ਸਿੰਘ. ਭਾਈ ਜਸਪਾਲ ਸਿੰਘ ਚੌੜ ਸਿਧਵਾਂ. ਭਾਈ ਬਲਵੀਰ ਸਿੰਘ ਖੈਹਰਾ ਮਨਾਏ ਜਾਣਗੇ।

ਭਾਈ ਮਹਿਲ ਸਿੰਘ ਬੱਬਰ ਜਿਨ੍ਹਾਂ ਖਾਲਿਸਤਾਨ ਦੀ ਪ੍ਰਾਪਤੀ ਲਈ ਸਮੁੱਚਾ ਜੀਵਨ ਸਮਰਪਿਤ ਕੀਤਾ ਅਤੇ ਪਾਕਿਸਤਾਨ ਵਿਖੇ ਅਕਾਲ ਚਲਾਣਾ ਕਰ ਗਏ ਹਨ, ਉਹਨਾਂ ਦੀ ਆਤਮਾ ਦੇ ਭਲੇ ਲਈ 28 ਮਾਰਚ ਦਿਨ ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ 30 ਮਾਰਚ ਦਿਨ ਐਤਵਾਰ ਭੋਗ ਪਾਏ ਜਾਣਗੇ।

*25 ਮਾਰਚ ਦਿਨ ਮੰਗਲਵਾਰ ਭਾਈ ਕੇਸ਼ਵ ਵੱਲੋਂ ਅਨੰਦ ਕਾਰਜ ਦੀ ਰਸਮ ਹੋਵੇਗੀ।

*27 ਮਾਰਚ ਦਿਨ ਵੀਰਵਾਰ ਸੁਖਮਨੀ ਸਾਹਿਬ ਦੇ ਪਾਠ ਤੇ ਲੰਗਰ ਦੀ ਸੇਵਾ ਭਾਈ ਗਗਨਦੀਪ ਸਿੰਘ ਪਰਿਵਾਰ ਵੱਲੋਂ ਹੋਵੇਗੀ।

*28 ਮਾਰਚ ਦਿਨ ਸ਼ੁੱਕਰਵਾਰ 6 ਪਰਿਵਾਰਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ:
(1) ਭਾਈ ਜੋਗਾ ਸਿੰਘ (2) ਭਾਈ ਇਕਬਾਲ ਸਿੰਘ (3) ਸ਼ਹੀਦ ਭਾਈ ਬਲਵੰਤ ਸਿੰਘ ਖੁਰਦਪੁਰ ਦੀ ਯਾਦ ਵਿੱਚ
(4) ਭਾਈ ਗੁਰਲਾਭ ਸਿੰਘ ਖੈਹਰਾ (5) ਭਾਈ ਜਸਵੰਤ ਸਿੰਘ (6) ਭਾਈ ਜੋਗਿੰਦਰ ਸਿੰਘ ਕੰਗ

*28 ਮਾਰਚ ਦਿਨ ਸ਼ੁੱਕਰਵਾਰ ਅਨੰਦ ਕਾਰਜ ਦੀ ਰਸਮ ਬੀਬੀ ਦੀਪਕਾ ਕਾਲੜਾ।

*29 ਮਾਰਚ ਸ਼ਨਿੱਚਰਵਾਰ 3 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਤੇ ਲੰਗਰ ਸੇਵਾ ਹੋਵੇਗੀ:
(1) ਭਾਈ ਅਰਸ਼ਦੀਪ ਸਿੰਘ ਸੰਧੂ (2) ਭਾਈ ਸਤਵਿੰਦਰ ਸਿੰਘ (3) ਭਾਈ ਵਿਸ਼ਾਲ ਸਿੰਘ ਪਰਿਵਾਰ।

*30 ਮਾਰਚ ਦਿਨ ਐਤਵਾਰ 4 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਤੇ ਲੰਗਰ ਸੇਵਾ ਹੋਵੇਗੀ:
(1) ਭਾਈ ਗੁਰਦੀਪ ਸਿੰਘ ਔਜਲਾ (2) ਭਾਈ ਸੰਤੋਖ ਸਿੰਘ (3) ਭਾਈ ਰਣਜੀਤ ਸਿੰਘ (4) ਭਾਈ ਅਜੈਮੀਤ ਸਿੰਘ

**ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ 13 ਅਪ੍ਰੈਲ ਦਿਨ ਐਤਵਾਰ**


**20 ਅਪ੍ਰੈਲ ਦਿਨ ਐਤਵਾਰ ਸਵੇਰੇ ਅੰਮ੍ਰਿਤ ਸੰਚਾਰ ਹੋਵੇਗਾ**

**ਸਾਲਾਨਾ ਮਹਾਨ ਨਗਰ ਕੀਰਤਨ 19 ਅਪ੍ਰੈਲ ਦਿਨ ਸ਼ਨਿੱਚਰਵਾਰ ਹੋਣਗੇ**

**ਸਮੂਹ ਸਾਧ ਸੰਗਤ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਦਰਬਾਰ ਵਿਚ ਹਾਜਰੀ ਭਰ ਕੇ ਤਨ, ਮਨ, ਧਨ ਨਾਲ ਸੇਵਾ ਕਰ ਕੇ ਜੀਵਨ ਸਫਲਾ ਕਰੋ ਜੀ**

**ਗੁਰਦੁਆਰਾ ਸਾਹਿਬ ਵਿਖੇ ਕੋਈ ਵੀ ਸੇਵਾ ਲੈਣ ਅਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ 604-594-2574 ਤੇ ਸੰਪਰਕ ਕਰੋ ਜੀ**

# LANGLEY BANQUET HALL




ਵਿਆਹ-ਸ਼ਾਦੀ, ਜਨਮ ਦਿਨ ਜਾਂ ਹੋਰ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਪਾਰਟੀ ਆਦਿ ਲਈ

ਲੈਂਗਲੀ ਬੈਂਕੁਇਟ ਹਾਲ

ਬੁੱਕ ਕਰੋ।

• Wedding • Corporate Events
• Private Dinner • Bithday Parties
• Gurudwara and Live Catering

ਅਸੀਂ ਗੁਰਦੁਆਰਾ, ਮੰਦਰ, ਵਿਆਹ ਸ਼ਾਦੀਆਂ ਜਾਂ ਹੋਰ ਕਿਸੇ ਵੀ ਤਰ੍ਹਾਂ ਦੇ ਫੰਕਸ਼ਨ ਲਈ ਵਾਜਿਬ ਕੀਮਤਾਂ ਤੇ ਕੇਟਰਿੰਗ ਵੀ ਕਰਦੇ ਹਾਂ।



Call:Davinder S. Grewal

604-537-9759

info@langleybanquethall.com

3227 264 St UNIT #6, Aldergrove, BC V4W 2X3



ਪੰਜਾਬ ਦੀ ਤੁਹਾਡੀ ਜ਼ਮੀਨ ਨਾਲ ਜੁੜਿਆ ਕੋਈ ਵੀ ਕੰਮ ਜਾਂ ਮਸਲਾ ਹੋਵੇ
ਅਤੇ ਵਿਦੇਸ਼ ਵਿੱਚ ਬੈਠਿਆਂ ਹੀ ਉਸਦਾ ਹੱਲ ਲੱਭਣਾ ਹੋਵੇ
ਜਾਂ ਇੰਡੀਆ ਵਿੱਚ ਆਪਣੀ ਜ਼ਮੀਨ ਵੇਚਣੀ ਹੋਵੇ ਤਾਂ

ਸਾਬਕਾ ਸੀਨੀਅਰ ਅਧਿਕਾਰੀ ਅਤੇ ਪੰਜਾਬ ਰੈਵੇਨਿਊ ਦੇ ਮਾਹਿਰ
ਸ. ਹਰਚਰਨ ਸਿੰਘ ਸੰਧੂ ਪੀ ਸੀ ਐੱਸ (ਰਿਟਾ:)
ਨੂੰ ਫੋਨ ਕਰੋ: ਕਨੇਡਾ:604-518-3637(ਵਟਸਐਪ)
ਇੰਡੀਆ:91-81467-00026(ਵਟਸਐਪ)
ਜਾਂ ਈਮੇਲ ਕਰੋ hssandhupcs@gmail.com





# FOR ALL DENTAL NEEDS

Of Your Family & Friends



Dr. Inderpreet Sandhu
DDS

CLOVERDALE VILLAGE DENTAL

Services Provided

· Dental Exams/X-rays · Extractions/Oral Surgery · Cleaning & Polishing · Root Canal Treatment
· Dentures & Mouth Guards · Dental Fillings · Teeth Whitening · Crowns & Bridges

Ph:604-579-0102

5635 - 176A Street, Surrey, BC (across the street from Cloverdale Library)
Cloverdalevillagedental@gmail.com



# MB BRAR & Co.

Accounting & Business Professionals

INCOME TAX ਇਨਕਮ ਟੈਕਸ

Nil Income Still Eligible For Refunds. E-file For Faster Refunds

ਸਾਨੂੰ ਵਧੀਆ ਅਤੇ ਭਰੋਸੇਯੋਗ ਸੇਵਾਵਾਂ ਲਈ ਮਿਲੋ:

For Prompt, Polite And Professional Services, Please See Us

| | |
|---|---|
| • Personal Tax (T1) | • ਪਰਸਨਲ ਟੈਕਸ |
| • Sole Proprietor | • ਪ੍ਰੋਪਰਾਇਟਰ |
| • Corporate Tax (T2) | • ਕੋਰਪੋਰੇਟ ਟੈਕਸ |
| • Partnerships | • ਪਾਰਟਨਰਸ਼ਿਪ |
| • GST, PST & HST | • ਜੀ.ਐਸ.ਟੀ., ਪੀ.ਐਸ.ਟੀ. ਅਤੇ ਐਚ.ਐਸ.ਟੀ. |
| • WCB | • ਡਬਲਿਊ.ਸੀ.ਬੀ. |
| • CRA Reviews | • ਸੀ.ਆਰ.ਏ. ਰਿਵੀਉਜ਼ |
| • Business Planning | • ਬਿਜਨਿਸ ਪਲੈਨਿੰਗ |

All Revenue Canada applications and inquiries.

Mandeep Brar: 778-908-3317
mandeep@brarco.ca





# Continental Immigration Solutions

"Helping Make Canada Home"

| | |
|---|---|
| · Super Visa | • ਸੁਪਰ ਵੀਜ਼ਾ |
| · Permanent Residence | • ਪਰਮਾਨੈਂਟ ਰੇਜੀਡੈਂਸ |
| · Study Permit | • ਸਟੱਡੀ ਪਰਮਿਟ |
| · Work Permit | • ਵਰਕ ਪਰਮਿਟ |
| · Provincial Nominations | • ਪ੍ਰੋਵਿੰਸ਼ੀਅਲ ਨੌਮੀਨੇਸ਼ਨਜ |
| · Spousal Sponsorship | • ਪਤੀ/ਪਤਨੀ ਸਪੌਂਸਰਸ਼ਿਪ |

Sukhvir Chand
RCIC, BBA
778-549-6851
sukh@cisonline.ca

CAPIC ACCP
www.cisonline.ca
Commissioner of Oaths for British Columbia
Member of CAPIC
iccrc crcic

Unit 101 32883 South Fraser Way Abbotsford British Columbia V2S 2A6 | Tel: 604-852-3201 | Fax: 604-852-3284



DREAM BANQUET HALL
Birthday, Wedding, Reception, anniversary, Jago, Kitty Parties,
Graduation, Seminars, Fund Raising, Business Meeting, Corporate Events
Capacity 350-375 seats
Dream Catering "Your Venue, Our Food"
We provide various Menu Options to choose
ਜਨਮਦਿਨ, ਵਿਆਹ, ਰਿਸੈਪਸ਼ਨ, ਐਨਵਰਸਰੀ, ਜਾਗੋ,
ਸੈਮੀਨਾਰ, ਫੰਡ ਰੇਜਿੰਗ, ਬਿਜਨਸ ਮੀਟਿੰਗ, ਕਾਰਪੋਰੇਟ ਈਵੈਂਟ
ਆਦਿ ਬੁੱਕ ਕਰਨ ਲਈ ਸਾਡੇ ਨਾਲ ਸੰਪਰਕ ਕਰੋ
For Bookings, Contact: 604-203-7272
7236 -120St, Surrey, BC
Email:info@dreambanquethall.ca




.Ck Auto.
CK AUTO SERVICES LTD.
«Tune Ups «Oil Change
«Wheel alignment
«Transmission «Electrical
«Air Condition
«Electronic Fuel Injection
«Brakes «Repairs
«Propane & Natural Gas
«Computerized Wheel Alignment
«Tires & Wheel Balancing
AUTO REPAIR SERVICES
-REASONABLE RATES
-EXPERIENCED -QUALITY WORK
.Ck Auto.
TARSHOTAM BIRAN
Cell: 778-322-1610
Tel: 604-592-2667
#106-13112-84th Ave.,Surrey
Open Mon to Sat 9 am to 6pm
SUNDAY CLOSED




ODS
ORIENT
Driving School Ltd.
*Air Brake Course
*Individual Lessons
*Corporate Training
Class 1, Class 3, Class 4, Class 5, Class 7
We speak English, Punjabi & Hindi
* ਘਰ ਤੋਂ ਫਰੀ ਲੈ ਕੇ ਜਾਣ ਅਤੇ ਛੱਡਣ ਦਾ ਪ੍ਰਬੰਧ ਹੈ
* ਘੱਟ ਸਮੇਂ ਵਿਚ ਵਾਜਿਬ ਰੇਟਾਂ ਤੇ ਵਧੀਆ ਸਿਖਲਾਈ
* ਰੋਡ ਟੈਸਟ ਵਾਸਤੇ ਕਾਰ ਵੀ ਦਿੰਦੇ ਹਾਂ
MELT Approved
You can pick Hours of training according to your availability
Mr. Malhi: 778-444-0111
Certified Instructor/Examiner
PAUL: 778-444-3444
Email:info@orientdrivingschool.com
Web:www.orientdrivingschool.com

# ਖਾਲਸਾ ਰਾਜ ਦੀ ਸਥਾਪਤੀ ਲਈ ਅਮਰੀਕਾ ਦੇ ਲਾਸ ਏਂਜਲਸ ਵਿੱਚ ਜਨਮਤ ਸੰਗ੍ਰਿਹ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ

ਲਾਸ ਏਂਜਲਸ: ਅਮਰੀਕਾ ਦੇ ਲਾਸ ਏਂਜਲਸ ਵਿੱਚ ਖਾਲਸਾ ਰਾਜ ਦੀ ਸਥਾਪਤੀ ਲਈ ਚਲ ਲਹਿਰ ਤਹਿਤ ਇੱਕ ਜਨਮਤ ਸੰਗ੍ਰਿਹਿ ਹੋਇਆ। ਸਿੱਖ ਭਾਈਚਾਰੇ ਨੇ ਇਸ ਅੰਦਰ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸਨੂੰ ਦਹਾਕਿਆਂ ਦੇ ਕਥਿਤ ਭਾਰਤੀ ਜ਼ੁਲਮ ਤੋਂ ਆਪਣੀ ਲੰਬੇ ਸਮੇਂ ਤੋਂ ਉਡੀਕੀ ਜਾ ਰਹੀ ਆਜ਼ਾਦੀ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ। ਤਕਰੀਬਨ 38 ਹਜਾਰ ਤੋਂ ਵੱਧ ਵੋਟਾਂ ਪਾਈਆਂ ਗਈਆਂ ਸਨ ਜਿਨ੍ਹਾਂ ਲਈ ਸਿਵਿਕ ਸੈਂਟਰ ਦੇ ਬਾਹਰ ਰਾਤ 1 ਵਜੇ ਤੋਂ ਹੀ ਲਾਈਨਾਂ ਲੱਗਣੀਆਂ ਸ਼ੁਰੂ ਹੋ ਗਈਆਂ ਸਨ। ਐਸਐਫਜੇ ਵਲੋਂ ਰਾਏਸ਼ੁਮਾਰੀ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ, ਸਿੱਖ ਕਾਰਕੁਨ ਇਸਨੂੰ ਇੱਕ ਸੁਤੰਤਰ ਖਾਲਿਸਤਾਨ ਦੀ ਸਥਾਪਨਾ ਲਈ ਆਪਣੇ ਸੰਘਰਸ਼ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਮੰਨ ਰਹੇ ਹਨ। ਜਿਕਰਯੋਗ ਹੈ ਕਿ ਕੈਨੇਡੀਅਨ ਨਾਗਰਿਕ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਇੱਕ ਵੱਖਰੇ ਸਿੱਖ ਵਤਨ ਦੀ ਵਕਾਲਤ ਕਰਨ ਵਾਲੀ ਇਸ ਲਹਿਰ ਨੇ ਤੇਜ਼ੀ ਫੜ ਲਈ ਹੈ। ਜਾਂਚਾਂ ਨੇ ਭਾਰਤ ਦੀ ਖੁਫੀਆ ਏਜੰਸੀ, ਰਾਅ, ਦੀ ਉਸਦੀ ਹੱਤਿਆ ਵਿੱਚ ਸ਼ਮੂਲੀਅਤ ਵੱਲ ਇਸ਼ਾਰਾ ਕੀਤਾ ਹੈ, ਜਿਸ ਨਾਲ ਕੈਨੇਡਾ ਅਤੇ ਭਾਰਤ ਵਿਚਕਾਰ ਸਬੰਧ ਹੋਰ ਤਣਾਅਪੂਰਨ ਹੋ ਗਏ ਹਨ। ਵਿਦੇਸ਼ਾਂ ਵਿੱਚ ਸਿੱਖ ਆਗੂਆਂ ਦੀਆਂ ਨਿਸ਼ਾਨਾ ਬਣਾ ਕੇ ਕੀਤੀਆਂ ਗਈਆਂ ਹੱਤਿਆਵਾਂ ਨੇ ਭਾਰਤ ਦੀ ਵਿਸ਼ਵਵਿਆਪੀ ਸਾਖ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ, ਜਿਸ ਵਿੱਚ ਕਈਆਂ ਨੇ ਵਿਦੇਸ਼ੀ ਕਾਰਵਾਈਆਂ ਵਿੱਚ ਇਸਦੀ ਕਥਿਤ ਸ਼ਮੂਲੀਅਤ 'ਤੇ ਸਵਾਲ ਉਠਾਏ ਹਨ। ਵਿਸ਼ਲੇਸ਼ਕਾਂ ਦਾ ਤਰਕ ਹੈ ਕਿ ਭਾਰਤ ਦਾ ਵਿਦੇਸ਼ੀ ਅੱਤਵਾਦ ਵਿੱਚ ਸ਼ਾਮਲ ਹੋਣ ਦਾ ਇਤਿਹਾਸ ਰਿਹਾ ਹੈ, ਅਤੇ ਜਨਮਤ ਸੰਗ੍ਰਿਹਿ ਇੱਕ ਸੰਦੇਸ਼ ਵਜੋਂ ਕੰਮ ਕਰਦਾ ਹੈ ਕਿ ਸਿੱਖ, ਭਾਵੇਂ ਉਹ ਦੁਨੀਆ ਵਿੱਚ ਕਿਤੇ ਵੀ ਹੋਣ, ਸਵੈ-ਨਿਰਣੇ ਦੀ ਆਪਣੀ ਖੋਜ ਵਿੱਚ ਦ੍ਰਿੜ ਰਹਿੰਦੇ ਹਨ। ਵਧਦੀ ਅੰਤਰਰਾਸ਼ਟਰੀ ਜਾਂਚ ਦੇ ਵਿਚਕਾਰ, ਭਾਰਤ ਵਿੱਚ ਧਾਰਮਿਕ ਘੱਟ ਗਿਣਤੀਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਵਧਦੀਆਂ ਜਾ ਰਹੀਆਂ ਹਨ। ਸਿੱਖ ਹੋਣ ਜਾਂ ਮੁਸਲਿਮ, ਬਹੁਤ ਸਾਰੇ ਲੋਕ ਮੰਨਦੇ ਹਨ ਕਿ ਘੱਟ ਗਿਣਤੀਆਂ ਨੂੰ ਦੇਸ਼ ਦੇ ਅੰਦਰ ਵਧਦੇ ਖ਼ਤਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰਾਏਸ਼ੁਮਾਰੀ ਤੋਂ ਇੱਕ ਮਜ਼ਬੂਤ ਸੰਦੇਸ਼ ਜਾਣ ਦੀ ਉਮੀਦ ਹੈ ਕਿ ਸਿੱਖ ਭਾਈਚਾਰਾ ਇੱਕ ਸੁਤੰਤਰ ਵਤਨ ਦੀ ਪ੍ਰਾਪਤੀ ਲਈ ਇੱਕਜੁੱਟ ਹੈ। ਵੱਖ ਵੱਖ ਦੇਸ਼ਾਂ ਤੋ ਭਾਰੀ ਗਿਣਤੀ ਅੰਦਰ ਸਿੱਖ ਕਾਰਕੁਨ੍ਹਾਂ ਨੇ ਇਸ ਜਨਮਤ ਸੰਗ੍ਰਿਹ ਵਿਚ ਸੇਵਾ ਨਿਭਾਈ ਸੀ ਜਿਨ੍ਹਾਂ ਵਿਚ ਕੈਨੇਡਾ ਤੋ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ ਸਮੇਤ ਬਹੁਤ ਸਾਰੇ ਸਿੱਖ ਨੇਤਾ ਵੀਂ ਪਹੁੰਚੇ ਹੋਏ ਸਨ।ਜਨਮਤ ਸੰਗ੍ਰਿਹ ਕਰਵਾਣ ਵਾਲੇ ਪ੍ਰਬੰਧਕਾਂ ਨੇ ਅਗਲੀ ਵੋਟਿੰਗ ਅਮਰੀਕਾ ਦੇ ਵਾਸ਼ਿੰਗਟਨ ਡੀ ਸੀ ਵਿਖ਼ੇ 17 ਅਗਸਤ ਨੂੰ ਰੱਖੀ ਹੈ।

# ਯੂਪੀ ਵਾਸੀਆਂ ਦੀਆਂ ਉਮੀਦਾਂ ਤੇ ਖਰੀ ਨਹੀਂ ਉੱਤਰੀ ਭਾਜਪਾ:ਮਾਇਆਵਤੀ

ਲਖਨਊ- ਬਹੁਜਨ ਸਮਾਜ ਪਾਰਟੀ ਮੁਖੀ ਮਾਇਆਵਤੀ ਨੇ ਅੱਜ ਕਿਹਾ ਕਿ ਉੱਤਰ ਪ੍ਰਦੇਸ਼ ਵਿੱਚ ਭਾਜਪਾ ਸਰਕਾਰ ਆਪਣੇ ਅੱਠ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਦੀਆਂ ਉਮੀਦਾਂ ਤੇ ਪੂਰੀ ਤਰ੍ਹਾਂ ਖਰੀ ਨਹੀਂ ਉਤਰੀ। ਉਨ੍ਹਾਂ ਦਾਅਵਾ ਕੀਤਾ ਕਿ 2017 ਵਿੱਚ ਭਾਜਪਾ ਦੇ ਸੂਬੇ ਦੀ ਸੱਤਾ ਸੰਭਾਲਣ ਮਗਰੋਂ ਅਮਨ ਕਾਨੂੰਨ ਦੀ ਵਿਵਸਥਾ ਬਹੁਤ ਜ਼ਿਆਦਾ ਖ਼ਰਾਬ ਹੋ ਗਈ ਹੈ।ਉਨ੍ਹਾਂ ਦੀਆਂ ਇਹ ਟਿੱਪਣੀਆਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਵੱਲੋਂ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਏ ਜਾਣ ਤੋਂ ਬਾਅਦ ਆਈਆਂ ਹਨ।

ਮਾਇਆਵਤੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਕਿਹਾ, ਨਾ ਕਾਂਗਰਸ, ਨਾ ਭਾਜਪਾ, ਅਤੇ ਨਾ ਹੀ ਕਿਸੇ ਹੋਰ ਪਾਰਟੀ ਨੂੰ ਆਪਣੇ ਸਿਆਸੀ ਲਾਹੇ ਲਈ ਸਾਡੇ ਦੇਸ਼ ਦੇ ਸੰਵਿਧਾਨ ਨੂੰ ਬਦਲਣ ਦੀ ਇਜਾਜ਼ਤ ਦਿੱਤੀ ਜਾਵੇਗੀ, ਖਾਸ ਕਰ ਰਾਖਵੇਂਕਰਨ ਦੇ ਮਾਮਲੇ ਵਿੱਚ।ਲੋੜ ਪੈਣ ਤੇ ਬਸਪਾ ਅਜਿਹੀ ਕਿਸੇ ਵੀ ਕੋਸ਼ਿਸ਼ ਖ਼ਿਲਾਫ਼ ਸੰਘਰਸ਼ ਲਈ ਪੂਰੀ ਤਰ੍ਹਾਂ ਤਿਆਰ ਹੈ।













# ਇੰਜੀਨੀਅਰ ਰਾਸ਼ਿਦ ਨੂੰ ਹਿਰਾਸਤ ਦੌਰਾਨ ਸੰਸਦ ਦੀ ਕਾਰਵਾਈ ਵਿੱਚ ਹਿੱਸਾ ਲੈਣ ਦੀ ਇਜਾਜ਼ਤ

ਦਿੱਲੀ ਹਾਈ ਕੋਰਟ ਨੇ ਅਤਿਵਾਦੀ ਫ਼ੰਡਿਗ ਨਾਲ ਜੁੜੇ ਇੱਕ ਮਾਮਲੇ ਵਿਚ ਜੇਲ ਵਿਚ ਬੰਦ ਜੰਮੂ ਕਸ਼ਮੀਰ ਦੇ ਸਾਂਸਦ ਅਬਦੁਲ ਰਾਸ਼ਿਦ ਸ਼ੇਖ ਨੂੰ 'ਹਿਰਾਸਤ ਵਿਚ' ਸੰਸਦ ਦੇ ਮੌਜੂਦਾ ਸੈਸ਼ਨ ਦੀ ਕਾਰਵਾਈ ਵਿਚ ਹਿੱਸਾ ਲੈਣ ਦੀ ਇਜਾਜ਼ਤ ਦੇ ਦਿੱਤੀ ਗਈ ਹੈ।

ਜਸਟਿਸ ਚੰਦਰਧਾਰੀ ਸਿੰਘ ਅਤੇ ਅਨੂਪ ਜੈਰਾਮ ਭੰਭਾਨੀ ਦੇ ਬੈਂਚ ਨੇ ਕਿਹਾ ਕਿ ਪੁਲਿਸ ਇੰਜੀਨੀਅਰ ਰਾਸ਼ਿਦ ਨੂੰ 26 ਮਾਰਚ ਤੋਂ 4 ਅਪ੍ਰੈਲ ਤੱਕ ਹਰ ਰੋਜ਼ ਸੰਸਦ ਭਵਨ ਲੈ ਕੇ ਜਾਵੇਗੀ ਅਤੇ ਕਾਰਵਾਈ ਖ਼ਤਮ ਹੋਣ ਤੋਂ ਬਾਅਦ ਉਸਨੂੰ ਵਾਪਸ ਜੇਲ ਲੈ ਕੇ ਆਵੇਗੀ।

ਬੈਂਚ ਨੇ ਕਿਹਾ ਕਿ ਜਦੋਂ ਤੱਕ ਰਾਸ਼ਿਦ ਜੇਲ ਤੋਂ ਬਾਹਰ ਹੈ, ਉਸ ਨੂੰ ਮੋਬਾਈਲ ਫ਼ੋਨ ਜਾਂ ਲੈਂਡਲਾਈਨ ਦੀ ਵਰਤੋਂ ਕਰਨ ਜਾਂ ਮੀਡੀਆ ਨਾਲ ਗੱਲਬਾਤ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ।

ਰਾਸ਼ਿਦ 2017 ਦੇ ਅਤਿਵਾਦੀ ਫੰਡਿੰਗ ਮਾਮਲੇ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਅਫਅ) ਦੇ ਤਹਿਤ ਮੁਕੱਦਮੇ ਦਾ ਸਾਹਮਣਾ ਕਰ ਰਿਹਾ ਹੈ। ਉਸਨੇ 10 ਮਾਰਚ ਦੇ ਹੇਠਲੀ ਅਦਾਲਤ ਦੇ ਹੁਕਮ ਨੂੰ ਚੁਣੌਤੀ ਦਿੱਤੀ ਸੀ, ਜਿਸ ਦੇ ਤਹਿਤ ਉਸਨੂੰ ਲੋਕ ਸਭਾ ਦੀ ਕਾਰਵਾਈ ਵਿੱਚ ਹਿੱਸਾ ਲੈਣ ਲਈ 4 ਅਪ੍ਰੈਲ ਤੱਕ ਹਿਰਾਸਤ ਪੈਰੋਲ ਜਾਂ ਅੰਤਰਿਮ ਜ਼ਮਾਨਤ ਤੋਂ ਇਨਕਾਰ ਕਰ ਦਿੱਤਾ ਗਿਆ ਸੀ।

# ਇੱਕੋ ਵੇਰ ਵਾਪਰ ਗਿਆ ਕਿੰਨਾ ਕੁਝ...

ਨਿਊਜ਼ੀਲੈਂਡ ਦਾ ਪ੍ਰਧਾਨ..ਦਿੱਲੀ ਭਾਸ਼ਣ ਦੀ ਸ਼ੁਰੂਆਤ ਸਤਿ ਸ੍ਰੀ ਅਕਾਲ ਤੋਂ..ਸਾਮਣੇ ਬੈਠੇ ਸੁੰਨ..ਫੇਰ ਆਖਿਆ..ਸਾਡੇ ਮੁਲਖ ਬੋਲਣ ਦੀ ਅਜਾਦੀ..ਅਸੀਂ ਕਿਸੇ ਨੂੰ ਬਿਨਾ ਵਜਾ ਡੱਕ ਨੀ ਸਕਦੇ!

ਅਮਰੀਕਾ ਦੀ ਤੁਲਸੀ ਗੈਬਰਟ..ਭਾਸ਼ਣ ਦੀ ਸ਼ੁਰੂਆਤ ਜੈ ਸ਼੍ਰੀ ਕ੍ਰਿਸ਼ਨਾ ਨਾਲ..ਇੱਕ ਭੁਲੇਖਾ ਜਰੂਰ ਪਾਇਆ ਕੇ ਇਥੋਂ ਦੀ ਹੀ ਧੀ ਹਾਂ..ਪਰ ਅਖੀਰ..ਪੰਚਾ ਦਾ ਕਿਹਾ ਸਿਰ ਮੱਥੇ ਪਰਨਾਲਾ ਓਥੇ ਦਾ ਓਥੇ..ਪੰਨੂ ਕਤਲ ਸਾਜਿਸ਼ ਵਾਲੇ ਮਸਲੇ ਵਿੱਚ ਕੋਈ ਢਿੱਲ ਰਿਆਇਤ ਨਹੀਂ..!

ਨਿਊਯੌਰਕ ਜੇਲ ਅੰਦਰ ਨਿਖਿਲ ਗੁਪਤਾ..ਸਾਨੂੰ ਨਹਿਰ ਵਾਲੇ ਪੁਲ ਤੇ ਬੁਲਾ ਕੇ..ਖੌਰੇ ਮਾਹੀ ਕਿਥੇ ਰਹਿ ਗਿਆ..ਮੈਨੂੰ ਅੰਗਰੇਜੀ ਸਮਝ ਨੀ ਆਉਂਦੀ..ਦੁਭਾਸ਼ੀਏ ਦਾ ਬੰਦੋਬਸਤ ਕਰੋ..ਕੋਈ ਮਿਲਣ ਵੀ ਨਹੀਂ ਆਉਂਦਾ..ਡਰਾਉਣੇ ਕੈਦੀਆਂ ਤੋਂ ਵੀ ਦੂਰ ਰਖਿਆ ਜਾਵੇ..ਕੀ ਖੱਟਿਆ ਮੁਹਬੱਤਾਂ ਪਾ ਕੇ..ਐਵੇਂ ਬਦਨਾਮ ਹੋ ਗਏ..!

ਡਿੱਗੀ ਖ਼ੋਤੀ ਤੋਂ..ਗੁਸੇ ਘੁਮਿਆਰਾਂ ਤੇ..ਡੇਢ ਅਰਬ ਅਬਾਦੀ ਵਾਲਾ ਮੁਲਖ..ਹਜਾਰਾਂ ਲੱਖਾਂ ਮਸਲੇ ਹੋਰ..ਪਰ ਪਾਰਲੀਮੈਂਟ ਵਿੱਚ ਦਿੱਤੇ ਡਿਬ੍ਰੂਗੜ ਦੇ ਹਵਾਲੇ ਤੋਂ ਪਿੰਡ ਵਾਲਾ ਮਾਸਟਰ ਰੋਸ਼ਨ ਲਾਲ ਚੇਤੇ ਆ ਗਿਆ..ਕੇਰਾਂ ਨਾਲਦੇ ਪਿੰਡੋਂ ਦੁੱਧ ਲੈਣ ਗਏ ਨੂੰ ਕਾਲੇ ਢੱਗੇ ਨੇ ਢਾਹ ਲਿਆ..ਮਸਾਂ ਖਲਾਸੀ ਹੋਈ..ਮਗਰੋਂ ਕਿੰਨੇ ਸਾਲ ਜਦੋਂ ਵੀ ਕੋਈ ਉਸ ਪਿੰਡੋਂ ਪੜਨੇ ਪਿਆ ਕਰੇ ਤਾਂ ਸਭ ਤੋਂ ਪਹਿਲਾ ਸਵਾਲ..ਕਾਲਾ ਹੈ ਕੇ ਮੁੱਕ ਗਿਆ..!

ਹਿੱਲੇ ਪਏ ਨੇ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਬ ਨੂੰ ਵੀ ਠਿੱਠ ਜਿਹਾ ਕਰ ਮਾਰਿਆ..ਕੌਣ ਦੱਸੇ ਜਿਸਨੇ ਵੀ ਮੱਥਾ ਲਾਇਆ ਫਨਾਹ ਹੋ ਗਿਆ..ਨਾਲਦੇ ਝੋਲੀ ਚੁੱਕ ਵੀ ਗੁੰਮ..ਕੁੱਲੂ ਵਾਲੇ ਬਿਰਤਾਂਤ ਮਗਰੋਂ ਹੁਣ ਜੈਪੁਰ ਗੱਡੀ ਤੇ ਇੰਗਲੈਂਡ ਕਨੇਡਾ ਅਮਰੀਕਾ ਦੇ ਝੰਡਿਆਂ ਵਾਲੇ ਸਟਿੱਕਰ ਖਾਲਿਸਤਾਨੀ ਹੋ ਗਏ..ਮੂਰਖਾਂ ਦਾ ਮੰਚ..ਹਰ ਬੰਦਾ ਸਰਪੰਚ..ਕੁੱਕੜ ਰੰਗ ਬਿਰੰਗੇ..ਬਾਂਗਾਂ ਇੱਕੋ ਜਿਹੀਆਂ..ਨੁਕਰੇ ਵੱਖੋ ਵੱਖ..ਵਾਗਾਂ ਇੱਕੋ ਜਿਹੀਆਂ..ਗੱਲ ਤਾਂ ਬਣਦੀ ਜੇ ਇਹਨਾਂ ਮੁਲਖਾਂ ਤੋਂ ਆਏ ਸੈਲਾਨੀਆਂ ਨੂੰ ਵੀ ਵਾਪਿਸ ਮੋੜੋ..ਇਥੇ ਕੀ ਲੈਣ ਆਏ ਓ ਖਾਲਿਸਤਾਨੀਆਂ ਦੇ ਹਿਮਾਇਤਿਓ..ਪਰ ਉਹ ਡਾਲਰ ਪੌਂਡ ਲਿਆਉਂਦੇ..ਚੁੱਲ੍ਹੇ ਚੌਂਕੇ ਚੱਲਦੇ..ਸੋ ਘੋੜੇ ਨਾਲ ਦੋਸਤੀ ਤੇ ਦੁੰਮ ਨਾਲ ਵੈਰ ਰੱਖਣਾ ਮਜਬੂਰੀ..ਓਹੀ ਮਜਬੂਰੀ ਜਿਸ ਤਹਿਤ ਕਦੇ ਅਕਬਰ ਜਹਾਂਗੀਰ ਨੂੰ ਧੀਆਂ ਭੈਣਾਂ ਦੇ ਡੋਲੇ ਤੋਰੇ..ਸੌ ਹੱਥ ਰੱਸਾ ਸਿਰੇ ਤੇ ਗੰਢ..ਕਾਵਾਂ ਆਖੇ ਨਾ ਢੋਲ ਪਾਟੇ ਤੇ ਨਾ ਕਦੇ ਢੱਗੇ ਹੀ ਮਰੇ!

ਪੋਹ ਦੇ ਜਨਮੇ ਨੂੰ ਸੌਣ ਭਾਦਰੋਂ ਵਾਲੀ ਹਰੀ ਐਨਕ ਲਵਾ ਤੀ..ਹੁਣ ਹਰ ਪਾਸੇ ਹਰਿਆਵਲ ਵੇਖੀ ਜਾਂਦਾਂ..ਕੁਲ ਜਹਾਨ ਹੀ ਖਾਲਿਸਤਾਨੀ..ਨਜਰ ਦਾ ਇਲਾਜ ਹੈ ਪਰ ਨਜਰੀਏ ਦਾ ਨੀ..ਚਾਰੇ ਬੰਨੇ ਅੰਨੀਂ ਪਈ ਹੋਈ..ਨਫਰਤੀ ਬਿਰਤਾਂਤ..ਧੱਕੇ ਨਾਲ ਗਲ਼ ਪਈ ਜਾਂਦੀ ਭੀੜ..ਹਿੰਸਕ ਮਾਨਸਿਕਤਾ..ਭੀੜ ਤੰਤਰ ਵਾਲੀ ਭਾਵਨਾ..!

ਬੱਸ ਇੱਕੋ ਗੱਲ ਪੱਲੇ ਬੰਨ੍ਹ ਲੈਣੀ ਚਾਹੀਦੀ..ਵਿਸਾਹ ਕਦੇ ਨੀ ਖਾਣਾ..ਭਾਵੇਂ ਆਟੇ ਦੀਆਂ ਗਊਆਂ ਬਣਾ ਕੇ ਸਹੁੰਆਂ ਵੀ ਕਿਓਂ ਨਾ ਚੁੱਕ ਲੈਣ..ਸੰਘੀਆਂ ਦੀ ਬੀ ਟੀਮ ਵੀ ਪੂਰੀ ਸਰਗਰਮ..ਪਿਆਦੇ ਵੱਖੋ ਵੱਖ ਥਾਈਂ ਫਿੱਟ ਹੋ ਗਏ..ਸਹੁਰਿਆਂ ਘਰੋਂ ਨਿੱਕਲ ਆਈ ਕੁਪੱਤੀ ਭੂਆ ਵਾਂਙ..ਦਰਾਣੀਆਂ ਜਿਠਾਣੀਆਂ ਦੀ ਜਾਨ ਦਾ ਖਉ..ਅੱਡੋ-ਅੱਡੀ ਕਮਰੇ ਮੱਲ ਲਏ..!

ਅੰਤ ਨੂੰ ਤੜੀ ਪਾਰ ਲਈ..

ਇੱਜਤਾਂ ਸ਼ੋਹਰਤਾਂ ਚਾਹਤਾਂ ਉਲਫ਼ਤਾਂ..ਕੋਈ ਸ਼ੈ ਵੀ ਇਥੇ ਸਦੀਵੀਂ ਰਹਿੰਦੀ ਨਾ..!

ਅੱਜ ਜਿਥੇ ਤੂੰ ਏਂ..ਕੱਲ ਕੋਈ ਹੋਰ ਸੀ..ਆਹ ਵੀ ਇੱਕ ਦੌਰ ਹੈ..ਉਹ ਵੀ ਇੱਕ ਦੌਰ ਸੀ!

**ਹਰਪ੍ਰੀਤ ਸਿੰਘ ਜਵੰਦਾ**

FIXMAN
GLASS REPAIR LTD
Auto
Residential
Commercial
"We Are The Clear Choice"
GLASS EXPRESS
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫ਼ਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000

Mandeep Dhaliwal
www.fixmanglass.com Email:fixmanglass@gmail.com

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ
www.singhsabhasurrey.com
8115, 132 ਸਟਰੀਟ, ਸਰੀ, ਬੀ.ਸੀ. V3W 4N5

ਗੁਰਦੁਆਰਾ ਸਾਹਿਬ ਦੇ ਹਰ ਰੋਜ਼ ਦੇ ਪ੍ਰੋਗਰਾਮ
ਸਵੇਰੇ
ਦਰਵਾਜ਼ੇ ਖੁੱਲ੍ਹਣ ਦਾ ਸਮਾਂ ਅਤੇ ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ ਜੀ: 4.00 ਵਜੇ
ਸਹਿਜ ਪਾਠ:4.30-6.00 ਵਜੇ
ਆਸਾ ਕੀ ਵਾਰ: 6.00-7.45
ਅਰਦਾਸ/ਹੁਕਮਨਾਮਾ:7.45-8.00 ਵਜੇ
ਕਥਾ ਹੁਕਮਨਾਮਾ: 8:00-8:30 ਵਜੇ
ਕੀਰਤਨ:8.30-9.40 ਵਜੇ
ਕਥਾ:9.40-10.30 ਵਜੇ
ਢਾਡੀ:10.30-11.30
ਸਮਾਪਤੀ
ਸ਼ਾਮ ਦੇ ਦੀਵਾਨ
ਚੌਂਕੀ ਸੋਦਰ: 4.30-5.00
ਪਾਠ ਸੋਦਰ:5.00-5.30
ਗੁਰਬਾਣੀ ਕੀਰਤਨ:5.30-6.40
ਕਥਾ:6.40-7.15
ਢਾਡੀ:7.15-8.00
ਸਮਾਪਤੀ

ਸੁਖਮਨੀ ਸਾਹਿਬ ਦਾ ਪਾਠ ਅਤੇ ਸਿਮਰਨ
ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ: ਹਰ ਮੰਗਲਵਾਰ 11.30 ਤੋਂ 1.30 ਵਜੇ ਤੱਕ

ਇਸ ਹਫਤੇ ਗੁਰਦਵਾਰਾ ਸਾਹਿਬ ਵਿਖੇ ਸ਼ਹੀਦੀ ਦਿਹਾੜਾ ਸ. ਭਗਤ ਸਿੰਘ, ਰਾਜਗੁਰੂ, ਸੁਖਦੇਵ, ਸ਼ਹੀਦੀ ਭਾਈ ਸੁਬੇਗ ਸਿੰਘ, ਭਾਈ ਸ਼ਾਹਬਾਜ ਸਿੰਘ ਅਤੇ ਸ਼ਹੀਦੀ ਦਿਹਾੜਾ ਭਾਈ ਬਲਵੰਤ ਸਿੰਘ ਖੁਰਦਪੁਰ ਦਾ ਮਨਾਇਆ ਜਾਵੇਗਾ ਅਤੇ 2 ਸ੍ਰੀ ਅਖੰਡਪਾਠ ਦੀ ਸੇਵਾ ਹੋਵੇਗੀ:
1. ਨਗਰ ਧਾਲੀਵਾਲ ਦੋਨਾ ਦੀ ਸੰਗਤ ਵੱਲੋਂ 2. ਨਗਰ ਝੰਡੇ ਜ਼ਿਲ੍ਹਾ ਲੁਧਿਆਣਾ ਦੀ ਸੰਗਤ ਵੱਲੋਂ
ਇਹ ਅਖੰਡਪਾਠ ਸਾਹਿਬ 28 ਮਾਰਚ ਦਿਨ ਸ਼ੁੱਕਰਵਾਰ ਸਵੇਰੇ 9.30 ਵਜੇ ਆਰੰਭ ਹੋਣਗੇ ਅਤੇ ਭੋਗ 30 ਮਾਰਚ ਦਿਨ ਐਤਵਾਰ ਸਵੇਰੇ 9.30 ਵਜੇ ਪਾਏ ਜਾਣਗੇ। ਉਪਰੰਤ ਖੁੱਲ੍ਹੇ ਦੀਵਾਨ ਸਜਣਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

*29 ਮਾਰਚ ਦਿਨ ਸ਼ਨਿੱਚਰਵਾਰ ਸਵੇਰੇ10 ਵਜੇ 2 ਅਨੰਦਕਾਰਜ ਹੋਣਗੇ:
1. ਬੱਚੀ ਅਮਨਪ੍ਰੀਤ ਕੌਰ ਅਤੇ ਕਾਕਾ ਪਵਨਦੀਪ ਸਿੰਘ 2. ਬੱਚੀ ਰਮਨਦੀਪ ਕੌਰ ਅਤੇ ਕਾਕਾ ਹਰਮਨ ਸਿੰਘ
*29 ਮਾਰਚ ਦਿਨ ਸ਼ਨਿੱਚਰਵਾਰ ਸ਼ਾਮ ਦੇ ਕੀਰਤਨ ਅਤੇ ਲੰਗਰਾਂ ਦੀ ਸੇਵਾ ਬੀਬੀ ਮਨਜੀਤ ਕੌਰ ਗਿੱਲ ਪਰਿਵਾਰ ਵੱਲੋਂ ਹੋਵੇਗੀ।
*30 ਮਾਰਚ ਦਿਨ ਐਤਵਾਰ ਸਵੇਰੇ 11 ਵਜੇ ਸਵ.ਭਾਈ ਹਰਦਿਆਲ ਸਿੰਘ ਧਨੋਆ ਦਾ ਰਿਵਰ ਸਾਈਡ ਡੈਲਟਾ ਵਿਖੇ ਅੰਤਮ ਸਸਕਾਰ ਹੋਵੇਗਾ। ਉਪਰੰਤ ਗੁਰੂਘਰ ਵਿਖੇ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ ਦੁਪਹਿਰ 12.30 ਵਜੇ ਹੋਵੇਗੀ।
*30 ਮਾਰਚ ਦਿਨ ਐਤਵਾਰ ਦੁਪਹਿਰ 12.30 ਵਜੇ ਸਵ.ਬੀਬੀ ਰੇਸ਼ਮ ਕੌਰ ਭਿੰਡਰ ਦਾ ਰਿਵਰ ਸਾਈਡ ਡੈਲਟਾ ਵਿਖੇ ਅੰਤਮ ਸਸਕਾਰ ਹੋਵੇਗਾ। ਉਪਰੰਤ ਗੁਰੂਘਰ ਵਿਖੇ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ ਦੁਪਹਿਰ 2 ਵਜੇ ਹੋਵੇਗੀ।
*30 ਮਾਰਚ ਦਿਨ ਐਤਵਾਰ ਦੁਪਹਿਰ 2 ਵਜੇ ਸਵ. ਭਾਈ ਬਲਜੀਤ ਸਿੰਘ ਰੰਧਾਵਾ ਦਾ ਰਿਵਰ ਸਾਈਡ ਡੈਲਟਾ ਵਿਖੇ ਅੰਤਮ ਸਸਕਾਰ ਹੋਵੇਗਾ। ਉਪਰੰਤ ਗੁਰੂਘਰ ਵਿਖੇ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ ਸ਼ਾਮ 3.30 ਵਜੇ ਹੋਵੇਗੀ।
*30 ਮਾਰਚ ਦਿਨ ਐਤਵਾਰ ਸ਼ਾਮ ਦੇ ਕੀਰਤਨ ਅਤੇ ਲੰਗਰਾਂ ਦੀ ਸੇਵਾ ਭਾਈ ਪ੍ਰਿਤਪਾਲ ਸਿੰਘ ਸੰਘੇੜਾ ਪਰਿਵਾਰ ਵੱਲੋਂ ਆਪਣੀ ਬੱਚੀ ਦੇ ਅਨੰਦ ਕਾਰਜ ਦੀ ਖੁਸ਼ੀ ਵਿਚ ਹੋਵੇਗੀ।
*1 ਅਪ੍ਰੈਲ ਦਿਨ ਮੰਗਲਵਾਰ ਸਵੇਰੇ 10 ਵਜੇ ਬੀਬੀ ਗੁਰਦੀਪ ਕੌਰ ਗਿੱਲ ਦਾ ਰਿਵਰ ਸਾਈਡ ਡੈਲਟਾ ਵਿਖੇ ਅੰਤਮ ਸਸਕਾਰ ਹੋਵੇਗਾ। ਉਪਰੰਤ ਗੁਰੂਘਰ ਵਿਖੇ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ ਸਵੇਰੇ 11.30 ਵਜੇ ਹੋਵੇਗੀ।
*1 ਅਪ੍ਰੈਲ ਦਿਨ ਮੰਗਲਵਾਰ ਦੁਪਹਿਰ 1 ਵਜੇ ਭਾਈ ਸੁਰਜੀਤ ਸਿੰਘ ਦਾ ਰਿਵਰ ਸਾਈਡ ਡੈਲਟਾ ਵਿਖੇ ਅੰਤਮ ਸਸਕਾਰ ਹੋਵੇਗਾ। ਉਪਰੰਤ ਗੁਰੂਘਰ ਵਿਖੇ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ ਸ਼ਾਮ ਵਜੇ ਹੋਵੇਗੀ।

ਵਿਸ਼ੇਸ਼ ਨੋਟ:ਸੋਮਵਾਰ ਤੋਂ ਵੀਰਵਾਰ ਸੰਥਿਆ ਕਲਾਸ ਅਤੇ ਵਿਆਕਰਣ ਕਲਾਸ ਸ਼ਾਮ 7-8 ਵਜੇ ਤੱਕ
ਰਾਗੀ ਜਥੇ:ਭਾਈ ਜਸਵੰਤ ਸਿੰਘ ਅੰਮ੍ਰਿਤਸਰ ਵਾਲੇ ਭਾਈ ਪ੍ਰਿਤਪਾਲ ਸਿੰਘ ਬੰਗਲਾ ਸਾਹਿਬ ਵਾਲੇ
ਕਥਾਵਾਚਕ:ਭਾਈ ਨਿਸ਼ਾਨ ਸਿੰਘ
ਢਾਡੀ ਜਥਾ:ਭਾਈ ਜਗਜੀਵਨ ਸਿੰਘ ਅਰਜਨਵਾਲ ਵਾਲੇ
ਕਿਸੇ ਪਰਿਵਾਰ ਨੇ ਕੋਈ ਵੀ ਪ੍ਰੋਗਰਾਮ ਬੁੱਕ ਕਰਵਾਉਣਾ ਹੋਵੇ ਤਾਂ ਪ੍ਰਬੰਧਕਾਂ ਨਾਲ ਸੰਪਰਕ ਕਰੋ
ਫੋਨ:604-590-3232, 604-590-3224

# ਸੰਸਦ ’ਚ ਬੋਲਣ ਨਹੀਂ ਦਿੱਤਾ ਜਾਂਦਾ:ਰਾਹੁਲ

ਨਵੀਂ ਦਿੱਲੀ: ਕਾਂਗਰਸ ਦੇ ਸੰਸਦ ਮੈਂਬਰ ਅਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇੱਕ ਗੰਭੀਰ ਦੋਸ਼ ਲਗਾਉਦਿਆਂ ਕਿਹਾ ਹੈ ਕਿ ਜਦੋਂ ਵੀ ਉਹ ਸਦਨ ’ਚ ਕੁਝ ਵੀ ਕਹਿਣ ਲਈ ਖੜ੍ਹੇ ਹੁੰਦੇ ਹਨ ਤਾਂ ਮੈਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ। ਉਨ੍ਹਾਂ ਇਹ ਗੱਲ ਉਦੋਂ ਕਹੀ ਜਦੋਂ ਰਾਹੁਲ ਸਦਨ ’ਚ ਬੋਲਣ ਲਈ ਖੜ੍ਹੇ ਹੋਏ ਅਤੇ ਕਾਰਵਾਈ ਮੁਲਤਵੀ ਕਰ ਦਿੱਤੀ ਗਈ।ਲੋਕ ਸਭਾ ਸਪੀਕਰ ਓਮ ਬਿਰਲਾ ਨੇ ਰਾਹੁਲ ਗਾਂਧੀ ਨੂੰ ਸਦਨ ’ਚ ਨਿਯਮਾਂ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਸੀ। ਰਾਹੁਲ ਗਾਂਧੀ ਇਸ ਸਲਾਹ ’ਤੇ ਕੁਝ ਕਹਿਣਾ ਚਾਹੁੰਦੇ ਸਨ, ਇਸ ਲਈ ਉਹ ਖੜ੍ਹੇ ਹੋ ਗਏ, ਪਰ ਫਿਰ ਸਦਨ ਦੀ ਕਾਰਵਾਈ ਮੁਲਤਵੀ ਕਰ ਦਿੱਤੀ ਗਈ।ਓਮ ਬਿਰਲਾ ਨੇ ਰਾਹੁਲ ਗਾਂਧੀ ਨੂੰ ਸਦਨ ਦੇ ਆਚਰਣ ਅਤੇ ਮਰਿਆਦਾ ਦੀ ਪਾਲਣਾ ਕਰਨ ਲਈ ਕਿਹਾ ਸੀ।ਉਨ੍ਹਾਂ ਕਿਹਾ ਸੀ ਕਿ ਕੁਝ ਅਜਿਹੀਆਂ ਘਟਨਾਵਾਂ ਵਾਪਰੀਆਂ ਹਨ, ਜੋ ਸਦਨ ਲਈ ਢੁੱਕਵੀਆਂ ਨਹੀਂ ਸਨ, ਇਸ ਲਈ ਸਦਨ ਦੀ ਮਰਿਆਦਾ ਬਣਾਈ ਰੱਖਣੀ ਚਾਹੀਦੀ ਹੈ।ਰਾਹੁਲ ਗਾਂਧੀ ਨੇ ਕਿਹਾ, ਪਿਛਲੇ 7-8 ਦਿਨਾ ਤੋਂ ਮੈਨੂੰ ਬੋਲਣ ਨਹੀਂ ਦਿੱਤਾ ਗਿਆ। ਇਹ ਨਵਾਂ ਤਰੀਕਾ ਹੈ। ਡੈਮੋਕ੍ਰੇਸੀ ’ਚ ਸਰਕਾਰ ਅਤੇ ਵਿਰੋਧੀ ਧਿਰ ਦੀ ਇੱਕ ਜਗ੍ਹਾ ਹੁੰਦੀ ਹੈ। ਇੱਥੇ ਵਿਰੋਧੀ ਧਿਰ ਦੀ ਜਗ੍ਹਾ ਹੈ ਹੀ ਨਹੀਂ।ਇੱਥੇ ਸਿਰਫ਼ ਸਰਕਾਰ ਦੀ ਜਗ੍ਹਾ ਹੈ। ਪਿਛਲੇ ਦਿਨੀਂ ਪ੍ਰਧਾਨ ਮੰਤਰੀ ਕੁੰਭ ਮੇਲੇ ਬਾਰੇ ਬੋਲੇ। ਮੈਂ ਕਹਿਣਾ ਚਾਹੁੰਦਾ ਸੀ ਕਿ ਕੁੰਭ ਬਹੁਤ ਚੰਗਾ ਹੋਇਆ। ਬੇਰੁਜ਼ਗਾਰੀ ਦੇ ਬਾਰੇ ’ਚ ਬੋਲਣਾ ਚਾਹੁੰਦਾ ਸੀ, ਪਰ ਬੋਲਣ ਨਹੀਂ ਦਿੱਤਾ।ਸਦਨ ਬਿਲਕੁੱਲ ਨਾਨ-ਡੈਮੋਕ੍ਰੇਟਿਕ ਸਟਾਇਲ ਨਾਲ ਚਲਾਇਆ ਜਾ ਰਿਹਾ ਹੈ। ਇਸ ਦੌਰਾਨ ਵਿਰੋਧੀ ਧਿਰ ਦੇ 70 ਸਾਂਸਦ ਲੋਕਸਭਾ ਸਪੀਕਰ ਓਮ ਬਿਰਲਾ ਨੂੰ ਮਿਲੇ। ਸਾਂਸਦਾਂ ਨੇ ਸਪੀਕਰ ਨੂੰ ਆਪਣੀ ਨਾਰਾਜ਼ਗੀ ਪ੍ਰਗਟਾਈ।

# ਤਕੜੇ ਦਾ ਸੱਤੀਂ ਵੀਹੀਂ ਸੌ, ਤੇ ....

(ਸ਼ੰਭੂ ਅਤੇ ਖਨੌਰੀ ਹੱਦਾਂ ਤੇ ਹੋਈਆਂ ਕਾਰਵਾਈਆਂ ਦੇ ਅਹਿਮ ਪੱਖ)

ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਵੱਡੀ ਗਿਣਤੀ ‘ਚ ਪੁਲਿਸ ਕਾਮਿਆਂ ਨੂੰ ਵਰਤ ਕੇ ਸ਼ੰਭੂ ਅਤੇ ਖਨੌਰੀ ਹੱਦ ਤੋਂ ਮੋਰਚਾ ਜ਼ਬਰੀ ਚੱਕ ਦਿੱਤਾ ਗਿਆ।ਕੇਂਦਰ ਅਤੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨਾਲ ਬੈਠਕ ਲਈ ਸੱਦੇ ਗਏ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ ਅਤੇ ਕਈ ਹੋਰ ਆਗੂਆਂ ਨੂੰ ਬੈਠਕ ਤੋਂ ਬਾਅਦ ਵਾਪਿਸ ਮੁੜਦਿਆਂ ਪੁਲਿਸ ਵੱਲੋਂ ਰਾਹ ਚ ਰੋਕ ਕੇ ਹੀ ਗ੍ਰਿਫਤਾਰ ਕਰ ਲਿਆ ਗਿਆ । ਇਸ ਤੋਂ ਇਲਾਵਾ ਮਨਜੀਤ ਸਿੰਘ ਰਾਏ, ਕਾਕਾ ਕੋਟੜਾ ਅਤੇ ਲਈ ਹੋਰ ਆਗੂ ਪੁਲਿਸ ਗ੍ਰਿਫ਼ਤ ਚ ਹਨ।

ਜਿਸ ਤਰੀਕੇ ਨਾਲ ਕਿਸਾਨਾਂ ਤੇ ਇਹ ਕਾਰਵਾਈ ਪਾਈ ਗਈ, ਉਸਦੀ ਕੁਝ ਨੁਕਤਿਆਂ ਤੋਂ ਵਿਆਖਿਆ ਹੇਠਾਂ ਕੀਤੀ ਗਈ ਹੈ :

ਗ੍ਰਿਫ਼ਤਾਰੀ ਦਾ ਤਰੀਕਾ ਬਿਲਕੁਲ ਗ਼ਲਤ ਸੀ।ਇੰਞ ਸਮਝੌਤੇ ਲਈ ਸੱਦ ਕੇ ਵਾਪਿਸ ਟਿਕਾਣੇ ਵੱਲ ਪਰਤਦਿਆਂ ਦੀ ਗ੍ਰਿਫਤਾਰੀ ਕਰਨੀ ਕਾਇਰਾਨਾ ਹਰਕਤ ਹੈ।ਅਜਿਹਾ ਪਹਿਲਾਂ ਬਹੁਤ ਘੱਟ ਹੋਇਆ ਹੈ ।

ਸੰਘਰਸ਼ ਹੱਕੀ ਮੰਗਾਂ ਲਈ ਹੈ।ਮੱਥਾ ਸਰਕਾਰ ਨਾਲ ਲੱਗਾ ਹੈ। ਸਰਕਾਰ ਦੀ ਘੁੰਡੀ ਕਾਰੋਬਾਰੀ ਮਰੋੜ ਰਹੇ ਨੇ। ਪਰ “ਕਿਸਾਨ ਬਨਾਮ ਸਰਕਾਰ (ਅਤੇ ਕਾਰੋਬਾਰੀ ਘਰਾਣੇ)” ਨੂੰ “ਕਿਸਾਨ ਬਨਾਮ ਸਭ” ਬਣਾ ਕੇ ਪੇਸ਼ ਕੀਤਾ ਜਾ ਰਿਹਾ ਹੈ । ਇਸ ਪੇਸ਼ਕਾਰੀ ‘ਚੋਂ ਅਸੀਂ ਵੇਖਣਾ ਹੈ ਕਿ ‘ਸਭ’ ‘ਚ ਸਰਕਾਰ ਤੇ ਕਾਰੋਬਾਰੀਆਂ ਤੋਂ ਬਿਨ੍ਹਾਂ ਕੋਈ ਹੋਰ ਹੈ ਵੀ ਕਿ ਨਹੀਂ?

ਬਿੰਬ ਸਿਰਜਣਾ ਅਤੇ ਰਾਸ਼ਟਰਵਾਦ ਦੀਆਂ ਐਨਕਾਂ ਚੋਂ ਵੇਖਦਿਆਂ ਬਹੁਤਿਆਂ ਨੂੰ ਇਹ ਵਹਿਮ ਰਹਿੰਦਾ ਹੈ ਕਿ ਰਾਜ ਲੋਕਤੰਤਰ ਦਾ ਹੈ । ਪਹਿਲਾਂ ਹੋਈਆਂ ਅਨੇਕਾਂ ਕਾਰਵਾਈਆਂ ਵਾਂਗ ਕੱਲ੍ਹ ਦੀ ਕਾਰਵਾਈ ਨੇ ਇਹ ਸਪੱਸ਼ਟ ਕੀਤਾ ਹੈ ਕਿ ਰਾਜ ਲੋਕਤੰਤਰ ਦਾ ਨਹੀਂ, ਕੁਲੀਨ ਤੰਤਰ (ਵੱਡੇ ਘਰਾਣੇ, ਰਸੂਖਦਾਰ ਵਿਅਕਤੀ ਅਤੇ ਧਿਰਾਂ ਆਦਿ) ਦਾ ਹੈ ।

ਕਿਸਾਨ ਅੰਦੋਲਨ ਮੁੱਖ ਤੌਰ ਤੇ ਕੇਂਦਰ ਵੱਲ ਸੇਧਿਤ ਹੈ । ਪਰ ਕਾਰਵਾਈ ਪੰਜਾਬ ਸਰਕਾਰ ਵੱਲੋਂ ਪਾਈ ਗਈ ਹੈ। ਇਹ ਸਪੱਸ਼ਟ ਕਰਦਾ ਹੈ ਕਿ ਕੋਈ ਵੀ ਸਰਕਾਰ ਕਿਸਾਨ ਹਿੱਤ ‘ਚ ਨਹੀਂ ਹੈ। ਕੇਂਦਰ ਅਤੇ ਪੰਜਾਬ ਚ ਸੱਤਾ ਤੇ ਕਾਬਜ ਧਿਰਾਂ ਵੀ ਵੱਖ ਵੱਖ ਹਨ।ਕਾਰਵਾਈ ਇਹ ਵੀ ਸਪੱਸ਼ਟ ਕਰਦੀ ਹੈ ਕਿ ਵੱਖ ਵੱਖ ਝੰਡਿਆਂ ਵਾਲੀਆਂ ਰਾਜਸੀ ਧਿਰਾਂ ਲਈ ਕਿਸਾਨ ਹਿੱਤ ਅਹਿਮ ਨਹੀਂ ਨੇ ।

ਅਜੇ ਪਿੱਛੇ ਜਹੇ ਹੀ ਦਸ ਹਜ਼ਾਰ ਪੁਲਸੀਆਂ ਦੀ ਭਰਤੀ ਕਰ ਚੁੱਕੀ ਪੰਜਾਬ ਸਰਕਾਰ ਨੇ ਮੁੜ੍ਹ ਦਸ ਹਜ਼ਾਰ ਪੁਲਸੀਏ ਹੋਰ ਭਰਤੀ ਕਰਨ ਦਾ ਐਲਾਨ ਕੀਤਾ ਹੈ। ਐਨੀ ਭਰਤੀ ਕਾਹਦੇ ਲਈ ? ਕੀ ਚੋਰੀ ਡਾਕੇ ਰੁਕੇ ਹਨ? ਕੀ ਲੁੱਟਾਂ - ਖੋਹਾਂ ਘਟੀਆਂ ਹਨ ? ਜੁਆਬ ਨਾਂਹ ਵੱਲ ਜਾਂਦਾ ਹੈ।ਹਾਲ ਹੀ ‘ਚ ਪੁਲਿਸ ਵੱਲੋਂ ਬਣਾਏ ਮੁਕਾਬਲਿਆਂ ਬਾਰੇ ਵੱਡੇ ਸੁਆਲ ਜ਼ਰੂਰ ਖੜ੍ਹੇ ਹੋਏ ਹਨ।ਐਨੀ ਭਰਤੀ ਪੰਜਾਬ ਨੂੰ ਪੁਲਿਸ ਸਟੇਟ ਬਣਾ ਕੇ ਲੋਕਾਂ ਨੂੰ ਕਿਸਦੇ ਅਧੀਨ ਰੱਖਣ ਲਈ ਹੈ ?

ਅੱਜ ਇੱਕੋ ਅਖਬਾਰ ਦੇ ਇੱਕੋ ਸਫ਼ੇ ਤੇ ਦੋ ਖਬਰਾਂ ਛਪੀਆਂ ਹਨ। ਵਿੱਤ ਮੰਤਰੀ ਸਾਬ ਆਖ ਰਹੇ ਨੇ ਕਿ ਉਹ ਕਿਸਾਨਾਂ ਦੇ ਨਾਲ ਖੜ੍ਹੇ ਹਨ ਪਰ ਉਸੇ ਖ਼ਬਰ ਦੇ ਸਾਹਮਣੇ ਲੱਗੀ ਖ਼ਬਰ ਤੋਂ ਪਤਾ ਲੱਗਦੈ ਕਿ ਉਹ ਅਸਲ ਚ ਕੇਂਦਰ ਨਾਲ ਖੜ੍ਹੇ ਹਨ।ਪੰਜਾਬ ਦੋਗਲੇ ਬੰਦਿਆਂ ਨੂੰ ਰਦੱਦਾ ਰਿਹਾ ਹੈ। ਇਹ ਵੀ ਪੰਜਾਬ ਵਾਸੀਆਂ ਲਈ ਚਿੰਤਨ ਦਾ ਵਿਸ਼ਾ ਹੈ ਕਿ ਦੋਹਰੇ ਕਿਰਦਾਰਾਂ ਵਾਲੇ ਲੋਕ ਕਿਵੇਂ ਆਗੂ ਬਣ ਗਏ ਹਨ ਜਾਂ ਬਣ ਰਹੇ ਹਨ ।

ਪੰਜਾਬ ਸਰਕਾਰ ਦੇ ਨੁਮਾਇੰਦੇ ਵਾਰ - ਵਾਰ ਇਸ ਗੱਲ ਦਾ ਦਾਅਵਾ ਕਰ ਰਹੇ ਹਨ ਕਿ ਉਹ ਕਿਸਾਨਾਂ ਦੇ ਨਾਲ ਖੜੇ ਹਨ। ਕਿਸਾਨਾਂ ਦੀ ਲੜਾਈ ਕੇਂਦਰ ਸਰਕਾਰ ਨਾਲ ਹੈ, ਇਸ ਲਈ ਉਹ ਪੰਜਾਬ ਦੇ ਹਾਈਵੇ ਨਾ ਰੋਕਣ, ਸੂਬੇ ਦੀ ਤਰੱਕੀ ਵਿੱਚ ਵਿਘਨ ਨਾ ਪਾਉਣ । ਉਹ ਆਖ ਰਹੇ ਹਨ ਕਿ ਕਿਸਾਨ ਪੰਜਾਬ ਦੀ ਆਰਥਿਕਤਾ ਅਤੇ ਉਦਯੋਗਾਂ ਦੇ ਵੈਰੀ ਬਣ ਕੇ ਉਭਰ ਰਹੇ ਹਨ।ਪਰ ਵੱਡੇ ਘਰਾਣਿਆਂ ਦੀਆਂ ਭਾਈਵਾਲੀਆਂ ਪੂਜਦਿਆਂ ਅਤੇ ਸਿਆਸੀ ਨਫ਼ਿਆਂ ਨੂੰ ਤਰਾਸ਼ਦਿਆਂ ਉਹ ਇਹ ਗੱਲ ਅਣਗੌਲਿਆਂ ਕਰ ਰਹੇ ਹਨ ਕਿ ਕੋਈ ਵੀ ਸੂਬਾ ਅਤੇ ਕੋਈ ਵੀ ਧਰਤੀ ਉਥੋਂ ਦੇ ਲੋਕਾਂ ਨਾਲ ਹੁੰਦੀ ਹੈ ਨਾ ਕਿ ਕੇਵਲ ਹਾਈਵੇ ਪ੍ਰੋਜੈਕਟਾਂ ਅਤੇ ਕਾਰਖਾਨਿਆਂ ਨਾਲ। ਪੰਜਾਬ ਕਿਸਾਨਾਂ, ਮਜ਼ਦੂਰਾਂ, ਕਿਰਤੀਆਂ ਦੀ ਸਾਂਝੀ ਧਰਤੀ ਹੈ ਨਾ ਕਿ ਇਕੱਲੇ ਕਾਰਖਾਨੇਦਾਰਾਂ ਦੀ।

ਅੱਜ ਜੋ ਸਮਾਂ ਚੱਲ ਰਿਹਾ ਹੈ ਇਹ ਪੰਜਾਬ ਉੱਤੇ ਪਹਿਲੀ ਵਾਰ ਨਹੀਂ ਆਇਆ ਤੇ ਨਾ ਹੀ ਆਖਰੀ ਵਾਰ ਆਇਆ ਹੈ।ਐਸੇ ਸਮਿਆਂ ਦਾ ਪੰਜਾਬੀਆਂ ਨੇ ਹਮੇਸ਼ਾ ਡੱਟ ਕੇ ਮੁਕਾਬਲਾ ਕੀਤਾ ਹੈ। ਪੰਜਾਬ ਦੀ ਅਵਾਮ ਨੂੰ ਡਰਾਉਣਾ ਔਖੀ ਗੱਲ ਹੈ। ਸੋ ਆਓ ਸਾਰੇ ਆਪਣੇ ਮੁੱਦਿਆਂ ਅਤੇ ਸੰਘਰਸ਼ ਤੇ ਜਾਗਰੂਕ ਹੋਈਏ ਚੇਤਨ ਹੋਈਏ, ਇਕੱਠੇ ਹੋਈਏ ਅਤੇ ਪਹਿਰੇਦਾਰੀ ਕਰੀਏ ਤਾਂ ਜੋ ਪੰਜਾਬ ਦਾ ਆਉਣ ਵਾਲਾ ਭਵਿੱਖ ਸੰਵਾਰ ਸਕੀਏ ।

ਖੇਤੀਬਾੜੀ ਅਤੇ ਵਾਤਾਵਰਣ ਜਾਗਰੂਕਤਾ ਕੇਂਦਰ

# ਸਮੇਂ ਦੀ ਤੋਰ

ਬੜੀ ਮੀਸਣੀ ਪਰ ਬੜੀ ਤਿਖੀ ਸਮੇ ਦੀ ਤੋਰ।

ਸਮਾ ਸ਼ੇਰ ਤਰਾਂ ਝਪਟਾ ਨਹੀ ਮਾਰਦਾ ਨਾਗਵਲ ਪਾਓਂਦਾ ਸਮਾ। ਪੋਲੇ ਪੋਲੇ, ਸਹਿਜੇ ਸਹਿਜੇ ਜਿਹੇ ਤੇ ਚਲੋ ਜੀ ਸ਼ਿਕਾਰ ਦੇ ਆਨੇ ਬਾਹਰ ਤੇ ਚਲੋ ਚਕ ਲਓ ਬਈ ਬਾਬਾ ਆਪਦਾ।

ਬਚਪਨ ਜਾਂ ਜਵਾਨੀ ਵੇਲੇ ਤਾਂ ਕੌਣ ਪੁੱਛਦਾ ਸਮੇ ਨੂੰ ਪੰਜਾਹਾਂ ਕੁ ਤੇ ਜਾ ਕੇ ਸਮਾ ਝੌਲੇ ਜਿਹੇ ਪਾਓਂਣ ਲਗ ਜਾਦਾ ਕਿ ਭਲਵਾਨਾ ਤਗੜਾ ਹੋ ਆ ਰਿਹਾ ਈ ਮੈਂ ਮੌਰੀਂ ਚੜਿਆ।

ਸੱਠਾਂ ਦੇ ਗੇੜ ਤਕ ਤਾਂ ਦੇਹ ਖੁਦ ਹੀ ਦਰਵਾਜੇ ਖੜਕਾ ਖੜਕਾ ਦਸਣ ਲਗ ਜਾਂਦੀ ਕਿ ਲਗਦਾ ਤੇਰਾ ਪਹੁੰਚ ਚਲਿਆ ਈ ਉਠ ਖੜ ਹੁਣ ਤਾਂ।

ਕਦੇ ਕੁੰਡੀ ਖੜਕ ਜਾਂਦੀ, ਕਦੇ ਕੋਈ ਤਖਤੀ ਚੀਕਣ ਲਗਦੀ, ਕਦੇ ਰੰਗ ਲਹਿ ਗਿਆ, ਕਿਤਿਓਂ ਰੋਗਨ ਉਡ ਗਿਆ, ਕਿਤੇ ਚੁਗਾਟਾਂ ਹਿਲ ਗਈਆਂ ਕਿਤਿਓਂ ਚੂਲਾਂ।

ਅਖਾਂ ਨਾ ਨਚਾਓਂਣ ਵਾਲੀ ਦੇਹ ਉਪਰਲਾ ਮੂੰਹ ਝੁਰੜ ਕੇ ਸੁਕੀ ਮੂਲੀ ਵਰਗਾ ਹੋ ਜਾਂਦਾ। ਬਥੇਰੀਆਂ ਵਿਥਾਂ ਭਰੀਆਂ ਰੰਗ ਲਾ ਲਾ ਪਰ ਉਜੜੇ ਥੇਹਾਂ ਉਪਰ ਹੁਣ ਫੁਲ ਕਾਹਨੂੰ ਉਗਣੇ ਸਨ।

ਕਰੰਟ ਪੈਂਦੇ ਮਾਈਕ ਨੂੰ ਹਥ ਲਾਓਂਣ ਤੇ 'ਊਈਈ' ਨਿਕਲੀ ਤਰਾਂ ਉਠਣ ਸਮੇ ਇਵੇਂ ਕੁ ਦੇ ਵਾਜੇ ਆਪੇ ਈ ਵਜਣ ਲਗ ਜਾਂਦੇ ਦੇਹੀ ਦੇ। ਮੁਛ ਹੇਠਾਂ ਡਿਗਣ ਲਗਦੀ, ਸਿਰ ਬਧੀ ਠੋਕਵੀਂ ਪਗ ਢਿਲੀ ਜਿਹੀ ਹੋਣ ਲਗਦੀ, ਬਥੇਰਾ ਕਸਣ ਦੀ ਕੋਸ਼ਿਸ਼ ਕਰਦਾ ਪਰ ਮੋਢੇ ਆਪੇ ਈ ਸੁੰਗੜ ਸੁੰਗੜ ਜਾਣ ਲਗਦੇ।

ਹੋਰ ਕੁਝ ਤਾਂ ਬਚਦਾ ਨਹੀ ਕਰਨ ਨੂੰ ਬੰਦਾ ਔਰਤ ਦੇ ਮੋਢੇ ਹਥ ਰਖੀ ਐਨੀਵਰਸੀਆਂ ਦੀਆਂ ਬਾਤਾਂ ਪਾਓਂਦਾ ਕਹਿ ਰਹਿਆ ਹੁੰਦਾ ਪਤਾ ਹੀ ਨਹੀ ਲਗਾ ਸਮੇ ਦਾ। ਸੁਣਨ ਵਾਲਾ ਸੋਚਦਾ ਚਲ ਲਗ ਤਾਂ ਗਿਆ ਨਾ।

ਮੇਲੇ ਵਿਚ ਨਿਆਣਾ ਗੁਆਚੇ ਤਰਾਂ ਬੰਦਾ ਕੁਝ ਲਭਣ ਲਭਣ ਕਰ ਰਿਹਾ ਹੁੰਦਾ ਪਰ ਸਮਝ ਨਹੀ ਆਓਂਦੀ ਕੀ।

ਜਿੰਦਗੀ ਨੂੰ 10-10 ਸਾਲਾਂ ਦੀਆਂ ਜਰਬਾਂ ਦੇ ਦੇ ਬੰਦਾ ਜਦ ਲੰਘੇ ਸਮੇ ਬਾਰੇ ਸੋਚਦਾ ਤਾਂ ਅਖ ਝਪਕਣ ਤਰਾਂ ਜਾਪਦਾ ਕਿ ਹੈਂਅ! ਇਨੀ ਛੇਤੀ?

ਗੁਰਦੇਵ ਸਿੰਘ ਸੱਧੇਵਾਲੀਆ


T&S Transportation
Hiring Owner Operators & Drivers



ਟੀ ਐਂਡ ਐਸ ਟਰਾਂਸਪੋਰਟੇਸ਼ਨ ਨੂੰ ਬੀ ਸੀ ਤੋਂ ਉਨਟੇਰੀਓ,ਬੀ ਸੀ ਤੋਂ ਅਲਬਰਟਾ ਅਤੇ ਬੀ ਸੀ ਤੋਂ ਅਮਰੀਕਾ ਚੱਲਣ ਵਾਲੇ ਓਨਰ ਅਪਰੇਟਰ ਅਤੇ ਡਰਾਈਵਰ ਜਲਦ ਤੋਂ ਜਲਦ ਚਾਹੀਦੇ ਹਨ।

ਅਸੀਂ ਓਨਰ ਅਪਰੇਟਰਾਂ ਲਈ ਫਾਇਨੈਂਸਿੰਗ ਵੀ ਕਰਵਾ ਕੇ ਦੇ ਸਕਦੇ ਹਾਂ

ਸਾਡੇ ਕੋਲ LMIO ਹਨ।ਲੋੜਵੰਦ ਸੰਪਰਕ ਕਰ ਸਕਦੇ ਹਨ

ਹੋਰ ਜਾਣਕਾਰੀ ਲਈ ਫੋਨ ਕਰੋ
604-607-0333



THE GRAND TAJ
BANQUET HALL
Khalsa Business Centre, 84th Ave. & 128th St., Surrey



CATERING SERVICE & MUSIC ARRANGEMENT
Caterings ~ Weddings ~ Engagements ~ Birthdays ~ Conferences & much more

ਗੁਰਦਵਾਰਾ ਸਾਹਿਬ ਦੀ ਕੇਟਰਿੰਗ
ਖਾਸ ਕੀਮਤਾਂ ਤੇ ਲੈਣ ਲਈ ਅੱਜ ਹੀ ਫੋਨ ਕਰੋ
604-599-4342
Fax: 604-599-4818
Email: grandtaj@grandtaj.com
www.grandtaj.com

Our Facilities Are Perfect For:
WEDDINGS * RECEPTION
BIRTHDAY PARTIES
ANNIVERSARIES
CORPORATE FUNCTIONS
BUSINESS MEETINGS

Capacity from 100 to 1200

Ladies Parties Special

# Home Improvement

## A-CLASS Appliance Rep.

*Stove *Fridges
*Washer *Dryers
*Dishwasher *Freezer
*Garburator *Hot Water Tank
*Hot Water Heating Furnace



GURJIT
CERTIFIED TECHNICIAN
(24Hrs)

Off: 604-543-6239

#103-12465-82Ave Surrey, BC

## A-CLASS Electric Ltd.

*House *Commercial *Industrial *Renovation
*Town Houses Wiring *Build-In Vaccum
*Security System & Monitoring
*Intercom's Video Monitored Intercom

FREE ESTIMATES

Cell: 604-351-2538
Tel:604-596-5474



MANJIT

CLASS "A" CERTIFIED & LICENCED ELECTRICIANS

## ਸੰਦਲ ਰੈਨੋਵੇਸ਼ਨ

Your's Complete Home Renovation

* ਫਰੇਮਿੰਗ
* ਡਰਾਈਵਾਲ
* ਪੇਂਟਿੰਗ
* ਟਾਈਲਜ਼
* ਲੈਮੀਨੇਟ
* ਇਲੈਕਟ੍ਰੀਕਲ
* ਪਲਬਿੰਗ
* ਕਾਰਪੇਟ
* ਰੂਫਿੰਗ ਦਾ ਕੰਮ
* ਸਨਡੈਕ ਦੀ ਰਿਪੇਅਰ

ਮੁਫਤ ਐਸਟੀਮੇਟ ਲਈ ਸੰਪਰਕ ਕਰੋ

ਭਿੰਦਰ : 604-725-6270

ਅਸੀਂ ਪੂਰੇ ਘਰ ਦੀ ਰੈਨੋਵੇਸ਼ਨ ਸਮੇਤ ਪਲਬਿੰਗ, ਹੀਟਿੰਗ, ਇਲੈਕਟ੍ਰੀਕਲ ਆਦਿ ਬਹੁਤ ਵਾਜਿਬ ਕੀਮਤਾਂ 'ਤੇ ਕਰਦੇ ਹਾਂ

## ਲੱਖੀ ਰੈਨੋਵੇਸ਼ਨ

- ਵਾਸ਼ਰੂਮ ਅਤੇ ਕਿਚਨ ਦੀ ਰੈਨੋਵੇਸ਼ਨ
- ਬੇਸਮੈਂਟ ਦੀ ਰੈਨੋਵੇਸ਼ਨ
- ਡੋਰ ਐਂਡ ਮੋਲਡਿੰਗ
- ਵਲੇਮੀਨੇਟ ਫਲੋਰਿੰਗ ਅਤੇ ਬੇਸਬੋਰਡ
- ਫਲੋਰ ਅਤੇ ਵਾਲ ਟਾਈਲਜ਼
- ਪੁਰਾਣਾ ਅਤੇ ਨਵਾਂ ਪੁਰਾਣਾ ਸਨਡੈਕ
- ਘਰ ਨੂੰ ਵਧਾਉਣਾ
- ਪੇਟਿੰਗ
- ਕਾਰਪੇਂਟਰੀ
- ਪੌੜੀਆਂ
- ਫਿਨਸ਼ਿੰਗ
- ਫਰੇਮਿੰਗ



15 ਸਾਲਾ ਦਾ ਤਜ਼ਰਬਾ

ਹੋਰ ਜਾਣਕਾਰੀ ਲਈ ਫੋਨ ਕਰੋ :
ਪੂਰਾ ਕੰਮ ਸਮੇਂ ਅਤੇ ਵਾਜਿਬ ਰੇਟ 'ਤੇ ਗਰੰਟੀ ਨਾਲ ਕਰਦੇ ਹਾਂ

ਅਸੀਂ ਤਸੱਲੀਬਖਸ਼ ਕੰਮ ਕਰਦੇ ਹਾਂ

ਲੱਖਵਿੰਦਰ ਸੈਂਹਬੀ : 604-621-0206
lakhwindersembhi@yahoo.ca


## DAWN RENOVATION

Commercial & Residential

ਹਰ ਤਰ੍ਹਾਂ ਦੀ ਰੂਫਿੰਗ ਦਾ ਕੰਮ ਵੀ ਕੀਤਾ ਜਾਂਦਾ ਹੈ

ਬੇਸਮੈਂਟ ਰੈਨੋਵੇਸ਼ਨ * ਵਾਸ਼ਰੂਮ * ਕਿਚਨ ਅਤੇ ਸਨਡੈਕ * ਪਲਬਿੰਗ / ਹੀਟਿੰਗ * ਪੇਂਟਿੰਗ* ਹਰ ਤਰ੍ਹਾਂ ਦੀ ਬਿਜਲੀ ਦਾ ਕੰਮ।

Certified Electrician, Builder, Construction & Development



ਨਵੇਂ ਅਤੇ ਪੁਰਾਣੇ ਘਰਾਂ ਦੀ ਰੈਨੋਵੇਸ਼ਨ ਦੇ ਮਾਹਿਰ ਦਲਜੀਤ ਸਿੰਘ ਧਾਮੀ ਜਾਂ ਇੰਦਰਜੀਤ ਸਿੰਘ ਨੂੰ ਮੁਫਤ ਐਸਟੀਮੇਟ ਲੈਣ ਲਈ ਫੋਨ ਕਰੋ

604-716-3534 / 778-881-0236
daljitsinghdhami@gmail.com

## Up-To-Date Finishing

ਅਸੀਂ ਪੁਰਾਣੇ ਘਰਾਂ ਦੀ ਹਰ ਤਰ੍ਹਾਂ ਦੀ ਰੈਨੋਵੇਸ਼ਨ ਕਰਦੇ ਹਾਂ

We are specialized in Custom Wood Working:
Residential & Commercial Renovations

- Doors
- Mouldings
- Fire Place
- Base Board
- Hardy Plank
- Wood Floor




Sanjeev Dhir 778.320.9413
sanjeevkumarsk52@gmail.com

## BT LINE PAINTING CO.

ਟੋਪਲਾਈਨ ਪੇਂਟਿੰਗ ਅਸੀਂ ਸਨਡੈਕ ਵੀ ਬਣਾਉਂਦੇ ਹਾਂ

SPECIALIZING IN:

Spray & Roller Panting * Interior & Exterior * Pressure Washing*

ਅਸੀਂ ਰੀ-ਰੂਫੀਂਗ, ਫਰੇਮਿੰਗ ਅਤੇ ਡਰਾਈਵਾਲ ਦਾ ਕੰਮ ਵੀ ਕਰਦੇ ਹਾਂ।

ਹਰ ਕਿਸਮ ਦੀ ਰੈਨੋਵੇਸ਼ਨ, ਵਾਸ਼ਰੂਮ, ਹਾਰਡਵੂਡ ਫਲੋਰਿੰਗ, ਬੇਸਮੈਂਟ, ਟਾਈਲਾਂ ਆਦਿ
ਕਮਰਸ਼ੀਅਲ ਐਂਡ ਰੈਜ਼ੀਡੈਂਸ਼ੀਅਲ * ਕੁਆਲਟੀ ਵਰਕ * ਵਾਜਬ ਰੇਟ

For FREE estimates call Mr. Kulwant Singh Boyal

Cell: 604-340-7497 Res: 604-543-8064

## STORM ELECTRIC LTD.

Residential & Commercial

Licenced & Bonded

*All Kinds Of Electrical Service
*Best Rate
*Friendly Service
*Quality Workmanship

Mandeep Dhaliwal
(Certified Electrician)


778-994-7207
Email:stormelectricltd@gmail.com

# HOME IMPROVEMENT


## TOOR LANDSCAPING & FENCE

RESIDENTIAL & COMMERCIAL

- ਅਸੀਂ ਨਵੇਂ ਅਤੇ ਪੁਰਾਣੇਂ ਘਰਾਂ ਵਿੱਚ ਫੈਂਸ ਲਾਉਣ ਦਾ ਕੰਮ ਕਰਦੇ ਹਾਂ।
- 2X3 ਦਾ ਫਰੇਮ ਸੋਲਿਡ $210 ਦਾ ਪੈਨਲ
- ਪੁਰਾਣੀਂ ਚੁੱਕ ਕੇ ਲੈ ਜਾਂਦੇ ਹਾਂ।
- ਕੰਮ ਦੀ ਪੂਰੀ ਪੂਰੀ ਗਰੰਟੀ ਹੈ।
- ਸਾਡੇ ਰੇਟ ਬਹੁਤ ਹੀ ਵਾਜ਼ਬ ਹਨ।



ਅਸੀਂ ਸਪੈਸ਼ਲ ਰੇਟਾਂ ਤੇ ਫੈਂਸ ਲਾਉਂਦੇ ਹਾਂ

ਅਸੀਂ ਲੋਹੇ ਅਤੇ ਵਾਈਨਲ ਦੀ ਫੈਂਸ ਵੀ ਲਾਉਂਦੇ ਹਾਂ


ਹੋਰ ਜਾਣਕਾਰੀ ਲਈ ਜਗਤਾਰ ਨੂੰ ਫੋਨ ਕਰੋ

ਅਸੀਂ ਮਸ਼ਰੂਮ ਦਾ ਢੇਰ ਡਿਲੀਵਰ ਕਰਦੇ ਹਾਂ ਅਤੇ ਪਾ ਕੇ ਵੀ ਜਾਂਦੇ ਹਾਂ।

**604-729-3225**

ਅਸੀਂ ਸਨ ਡੈੱਕ ਦੇ ਸਟੈਪ ਵੀ ਬਣਾਉਂਦੇ ਹਾਂ।
ਅਸੀਂ ਕਾਂਵਾਂ ਦਾ ਪੁੱਟਿਆ ਹੋਇਆ ਘਾਹ ਵੀ ਫਿਕਸ ਕਰਦੇ ਹਾਂ

## RIGHT TOUCH PAINTING Co.



Residential & Commercial

- Interior & Exterior Painting
- Roller, Brush & Spray Painting
- Stucco Painting
- Re-Painting
- Fast & Friendly Service

Special Discount on Repaint

ਸਾਨੂੰ ਕੰਮ ਵਾਸਤੇ ਤਜਰਬੇਕਾਰ ਵਰਕਰਾਂ ਦੀ ਲੋੜ ਹੈ।
ਤਨਖਾਹ ਤਜਰਬੇ ਅਨੁਸਾਰ ਵਧੀਆ ਦਿੱਤੀ ਜਾਵੇਗੀ

**Call Ratinder: 604-765-3419**

## SINGH RAJ

RENOVATION CO.

We noticed your house needs minor repair
Unsure ofyourhousehold fixtures?
Just to replace or repair? **Get it Done Today!**

We guaranteed Singh Raj Renovation is the smartest choice for household small jobs

*Residential Wooden Stairs Jobs
*Residential Doors & Lock Jobs
*Painting & Cleaning Jobs
*Wooden Cabinets Repair & Paint
*Minor Electrical Trouble Shooting & Replacement of Lights, Washroom fans, Range hoods
*Touble Shooting in Plumbing *Replacement of Tiles, Taps, Faucets.

SPECIALISTS IN
Maintain+Repair & New Installation
Reasonable Rates
20Yrs Exprienced

**Call Raj: 778-229-9261**


## Ambrosia Renovation

Your's Complete Home Renovation

* ਫਰੇਮਿੰਗ
* ਡਰਾਈਵਾਲ
* ਪੇਂਟਿੰਗ
* ਟਾਈਲਜ਼
* ਲੈਮੀਨੇਟ
* ਇਲੈਕਟ੍ਰੀਕਲ
* ਪਲਬਿੰਗ
* ਕਾਰਪੈਟ
* ਰੂਫਿੰਗ ਦਾ ਕੰਮ
* ਸਨਡੈਕ ਦੀ ਰਿਪੇਅਰ

**Sunny : 778-951-1699**

ਪੁਰਾਣੇ ਘਰਾਂ ਦੀ ਮੁਕੰਮਲ ਰੇਨੋਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲੰਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ



**Contact for Kitchen Cabinet & Counter Tops in Homes**

ਘਰ ਜਾਂ ਬੇਸਮੈਂਟ ਰਿਪੇਅਰ ਕਰਵਾਉਣ ਲਈ ਸੰਪਰਕ ਕਰੋ

**236-234-4081**

## HHR RENOVATIONS

ਪੁਰਾਣੇ ਘਰਾਂ ਅਤੇ ਕਮਰਸ਼ਿਅਲ ਬਿਲਡਿੰਗਾਂ ਦੀ ਮੁਕੰਮਲ ਰੇਨੋਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ।

ਸਮੇਂ ਸਿਰ ਭਰੋਸੇਯੋਗ ਕੰਮ ਕੀਤਾ ਜਾਂਦਾ ਹੈ

Residential & Commerical

*Free Estimate*

ਬ੍ਰੈਂਡ ਨਿਊ ਬੇਸਮੈਂਟ ਅਤੇ ਪੂਰੇ ਪੁਰਾਣੇ ਘਰ ਦੀ ਰੇਨੋਵੇਸ਼ਨ ਦੇ ਮਾਹਿਰ

ਪੂਰੇ ਲੋਅਰਮੇਨ ਲੈਂਡ ਵਿਚ ਸਰਵਿਸ ਕਰਦੇ ਹਾਂ

**Paul 778-823-1056**

## KING 73 RENO LTD.

We Do All Kind Of Renovation

* ਫਰੇਮਿੰਗ * ਡਰਾਈਵਾਲ * ਪੇਂਟਿੰਗ * ਟਾਈਲਾਂ
* ਸਨਡੈੱਕ ਦੀ ਰਿਪੇਅਰ * ਲੈਮੀਨੇਟ * ਵਾਸ਼ਰੂਮ
* ਕਿਚਨ * ਐਕਸਟਰਾ ਰੂਮ ਐਡੀਸ਼ਨ
* ਇਲੈਕਟ੍ਰੀਕਲ * ਪਲੰਬਿੰਗ * ਰੂਫਿੰਗ ਦਾ ਕੰਮ



22 ਸਾਲ ਦਾ ਤਜਰਬਾ

FREE ESTIMATES

ਅਸੀਂ ਸਨਡੈੱਕ ਅਤੇ ਪੌੜੀਆਂ ਵੀ ਰਿਪੇਅਰ ਕਰਦੇ ਹਾਂ

ਵੱਡੀ ਜਾਂ ਛੋਟੀ ਜੌਬ, ਹਰ ਪ੍ਰਕਾਰ ਦੀ ਰੈਨੋਵੇਸ਼ਨ ਫਰੀ ਐਸਟੀਮੇਟ ਵਾਸਤੇ ਤਜਰਬੇਕਾਰ ਗੁਰਦੀਪ ਸਿੰਘ ਨਾਲ ਸੰਪਰਕ ਕਰੋ :

ਸਾਨੂੰ ਵਰਕਰਾਂ ਦੀ ਵੀ ਲੋੜ ਹੈ।

Gurdeep S. Gill **778.896.4555**

king73renoltd@gmail.com www.king73reno.com

## ਜਨਮ ਦਿਨ ’ਤੇ ਵਿਸ਼ੇਸ਼

# ਡਾ. ਬੀ.ਆਰ. ਅੰਬੇਦਕਰ



ਡਾ. ਭੀਮ ਰਾਓ ਅੰਬੇਦਕਰ ਨੂੰ ਮਾਨਵਤਾ ਦਾ ਮਸੀਹਾ ਕਿਹਾ ਜਾਣਾ ਉਚਿਤ ਹੈ। ਉਹਨਾਂ ਦਾ ਸੰਪੂਰਨ ਜੀਵਨ ਸੰਘਰਸ਼ ਦੀ ਇਕ ਲੰਬੀ ਕਹਾਣੀ ਹੈ। ਸੰਘਰਸ਼ ਆਪਣੇ ਲਈ ਨਹੀਂ ਬਲਕਿ ਸਮਾਜ ਦੇ ਹੇਠਲੇ ਵਰਗ ਦੇ ਲੋਕਾਂ ਦੇ ਲਈ ਜੋ ਕਈ ਸਾਲਾਂ ਤੱਕ ਸਮਾਜ ਦੀਆਂ ਖੋਖਲੀਆਂ ਮਾਨਵਤਾਂ, ਰੂੜੀਆਂ ਅਤੇ ਧਰਮ ਦੇ ਕਾਰਣ ਆਪਣੇ ਅਧਿਕਾਰਾਂ ਤੋਂ ਵਾਂਝੇ ਰਹੇ। ਜਾਤ-ਪਾਤ, ਊਚ-ਨੀਚ ਅਤੇ ਵਰਣ ਭੇਦ ਦੇ ਕਾਰਣ ਲੱਖਾਂ ਲੋਕ ਜੋ ਨਾ ਕੇਵਲ ਪ੍ਰਗਤੀ ਦੇ ਰਸਤੇ ’ਤੇ ਇਕ ਕਦਮ ਵੀ ਲਾ ਚਲ ਸਕੇ ਬਲਕਿ ਜਿਨ੍ਹਾਂ ਨਾਲ ਬੁਰਾ ਸਲੂਕ ਕੀਤਾ ਜਾਂਦਾ ਸੀ। ਵਰਣ ਭੇਦ, ਊਚ-ਨੀਚ ਦੀਆਂ ਦੀਵਾਰਾਂ ਏਨ੍ਹੀਆਂ ਉਚੀਆ ਅਤੇ ਮਜ਼ਬੂਤ ਸਨ ਕਿ ਇਨ੍ਹਾਂ ਨੂੰ ਢਾਹੁਣਾ ਅਸੰਭਵ ਸੀ। ਡਾ. ਅੰਬੇਦਕਰ ਲੇ ਇਸ ਦੀਵਾਰ ’ਤੇ ਜ਼ੋਰਦਾਰ ਹਮਲੇ ਕੀਤੇ। ਉਹ ਲੱਖਾਂ ਬੇਸਹਾਰਾ, ਗ਼ਰੀਬ, ਹੇਠਲੀ ਸ਼੍ਰੇਣੀ ਦੇ ਲੋਕਾਂ ਦੀ ਆਵਾਜ਼ ਸਨ। ਉਨ੍ਹਾਂ ਨੇ ਉਨ੍ਹਾਂ ਲੋਕਾਂ ਦੀ ਅਗਵਾਈ ਕੀਤੀ ਅਤੇ ਇਨ੍ਹਾਂ ਵਿਚ ਇਕ ਨਵੀਂ ਚੇਤਨਾ ਪੂਰਵਕ ਕ੍ਰਾਂਤੀ ਦੀ ਰੌਸ਼ਨੀ ਪੈਦਾ ਕੀਤੀ ਅਤੇ ਸਮਾਜ ਦੀਆਂ ਮਜ਼ਬੂਰੀਆਂ ਦਾ ਜ਼ਹਿਰ ਪੀ ਕੇ ਜੀਵਿਤ ਸੁਕਰਾਤ ਬਣ ਗਏ।

ਡਾ. ਭੀਮ ਰਾਓ ਅੰਬੇਦਕਰ ਦਾ ਜਨਮ 14 ਅਪ੍ਰੈਲ 1891 ਨੂੰ ਸ੍ਰੀਮਤੀ ਭੀਮਾ ਬਾਈ ਦੀ ਕੁੱਖ ਤੋਂ ਹੋਇਆ। ਉਨ੍ਹਾਂ ਦੇ ਪਿਤਾ ਜੀ ਸੂਬੇਦਾਰ ਸ੍ਰੀ ਰਾਓ ਦਾਸ ਜੀ ਮਹਾਰਾਸ਼ਟਰ ਦੇ ਰਤਨਾਗਿਰੀ ਜਿਲ੍ਹੇ ਵਿਚ ਅੰਬਾਵੜੇ ਪਿੰਡ ਦੇ ਰਹਿਣ ਵਾਲੇ ਸਨ। ਉਨ੍ਹਾਂ ਦੇ ਪਿਤਾ ਜੀ ਮਰਾਠੀ, ਹਿਸਾਬ ਅਤੇ ਅੰਗਰੇਜ਼ੀ ਦੇ ਚੰਗੇ ਗਿਆਤਾ ਸਨ। ਘਰ ਦਾ ਵਾਤਾਵਰਣ ਧਾਰਮਿਕ ਸੀ ਅਤੇ ਪਰਿਵਾਰ ਵਿਚ ਕਰੀਬ ਪੰਥੀ ਵਿਚਾਰਾਂ ਦਾ ਪੂਰਾ ਪ੍ਰਭਾਵ ਸੀ।

ਬਾਲਕ ਭੀਮ ਨੂੰ ਵਿਦਿਆਰਥੀ ਜੀਵਨ ਵਿਚ ਹੀ ਛੂਤ-ਛਾਤ ਦੇ ਕੌੜੇ ਅਨੁਭਵਾਂ ’ਚੋਂ ਗੁਜ਼ਰਨਾ ਪਿਆ। ਇਕ ਵਾਰੀ ਦੀ ਗੱਲ ਹੈ ਕਿ ਬਾਲਕ ਭੀਮ ਭਿਅੰਕਰ ਬਾਰਿਸ਼ ਤੋਂ ਬਚਣ ਲਈ ਇਕ ਮਕਾਨ ਦੇ ਬਰਾਮਦੇ ਵਿਚ ਖੜ੍ਹਾ ਸੀ। ਸਵਰਨ ਜਾਤੀ ਮਕਾਨ ਮਾਲਿਕ ਨੂੰ ਜਦ ਬਾਲਕ ਦੀ ਜਾਤੀ ਦਾ ਪਤਾ ਲਗਾ ਕਿ ਉਸ ਨੇ ਬਾਲਕ ਨੂੰ ਬਸਤੇ ਸਮੇਤ ਬਰਸਾਤ ਦੀ ਚਿੱਕੜ ਵਿਚ ਧਕੇਲ ਦਿੱਤਾ।

ਬਾਲਕ ਭੀਮ ਨੂੰ ਇਸ ਤਰ੍ਹਾਂ ਦੇ ਅਨੇਕਾਂ ਹੀ ਅਪਮਾਨ ਸਹਿਣੇ ਪਏ। ਨਾਈ ਉਸਦੇ ਵਾਲ ਨਹੀਂ ਕੱਟਦਾ ਅਤੇ ਅਧਿਆਪਕ ਉਸ ਨੂੰ ਸੰਸਕ੍ਰਿਤ ਪੜ੍ਹਾਉਣ ਲਈ ਤਿਆਰ ਨਹੀਂ ਸੀ, ਪਰ ਇਸ ਨਾਲ ਉਸ ਦਾ ਸਾਹਸ, (ਹੌਸ਼ਲਾ) ਬਲ ਹੋਰ ਮਜ਼ਬੂਤ ਹੋਇਆ। ਮੁਸ਼ਿਕਲਾਂ, ਮੁਸੀਬਤਾਂ ਅਤੇ ਸਮਾਜ ਦੇ ਬੂਰੇ ਵਿਵਹਾਰ ਨੇ ਉਨ੍ਹਾਂ ਨੂੰ ਸੋਨੇ ਦੀ ਤਰ੍ਹਾਂ ਬਣਾ ਦਿੱਤਾ ਸੀ, ਜੋ ਅੱਗ ਵਿਚ ਤਪ ਕੇ ਕੁੰਦਨ ਬਣ ਜਾਂਦਾ ਹੈ। ਉਨ੍ਹਾਂ ਦੇ ਅੰਦਰ ਆਤਮ ਵਿਸ਼ਵਾਸ, ਆਤਮ ਬਲ, ਦ੍ਰਿੜਤਾ ਉਤਪੰਨ ਹੋਈ ਅਤੇ ਬਚਨ ਵਿਚ ਹੀ ਫੌਲਾਦੀ ਇਰਾਦਾ ਬਣਾ ਲਿਆ ਕਿ ਛੂਤ-ਛਾਤ ਦੇ ਕਲੰਕ ਦੇ ਵਿਰੁੱਧ ਸੰਘਰਸ਼ ਕਰਨਗੇ। ਸਾਧਨਾਂ ਦੀ ਕਮੀ ਅਤੇ ਮੁਸ਼ਿਕਲਾਂ ਕਦੀ ਵੀ ਉਨ੍ਹਾਂ ਦੇ ਇਰਾਦੇ ਨਾ ਬਦਲ ਸਕੀਆਂ। ਜਦੋਂ ਉਨ੍ਹਾਂ ਦੇ ਪਿਤਾ ਜੀ ਸੇਵਾ ਮੁਕਤ ਹੋਏ ਤਾਂ ਸਾਰਾ ਪਰਿਵਾਰ ਇਕ ਹੀ ਕੋਠੜੀ ਵਿਚ ਰਹਿੰਦਾ ਸੀ ਅਤੇ ਉਥੇ ਰਾਤ ਨੂੰ ਜਦ ਸਾਰੇ ਪਰਿਵਾਰ ਦੇ ਮੈਂਬਰ ਸੌਂ ਜਾਂਦੇ ਤਾਂ ਉਹ ਛੋਟਾ ਜਿਹਾ ਬੱਚਾ (ਭੀਮ) ਉਠ ਕੇ ਪੜ੍ਹਨਾ ਸ਼ੁਰੂ ਕਰ ਦਿੰਦਾ।

ਸੰਨ 1907 ਵਿਚ ਮੈਟ੍ਰਿਕ ਅਤੇ 1912 ਵਿਚ ਬੀ.ਏ. ਦਾ ਇਮਤਿਹਾਨ ਪਾਸ ਕੀਤਾ। ਉਨ੍ਹਾਂ ਦੀ ਵਿਦਵਤਾ ਅਤੇ ਤੀਖਣ ਬੁੱਧੀ ਨੂੰ ਦੇਖ ਕੇ 1913 ਵਿਚ ਬੜੌਦਾ ਦੇ ਮਹਾਰਾਜ ਨੇ ਉਨ੍ਹਾਂ ਨੂੰ ਵਜ਼ੀਫਾ ਦੇ ਕੇ ਉਚ ਸਿੱਖਿਆ ਲਈ ਅਮਰੀਕਾ ਭੇਜਿਆ। ਉਹ 1913 ਤੋਂ 1917 ਈ. ਤੱਕ ਅਮਰੀਕਾ ਤੇ ਇੰਗਲੈਂਡ ਵਿਚ ਰਹੇ। ਉਨ੍ਹਾਂ ਦੇ ਅਰਥ ਸ਼ਾਸ਼ਤਰ, ਰਾਜਨੀਤੀ ਸ਼ਾਸ਼ਤਰ ਅਤੇ ਕਾਨੂੰਨ ਦਾ ਗਹਿਰਾ ਅਧਿਐਨ ਕੀਤਾ ਅਤੇ ਪੀ.ਐਚ.ਡੀ. ਦੀ ਡਿਗਰੀ ਹਾਸਲ ਕੀਤੀ। ਉਹ ਬੜੌਦਾ ਹਦੇ ਮਹਾਰਾਨਾ ਦੇ ਪ੍ਰਸ਼ਾਸਨ ਵਿਚ ਸੈਨਿਕ ਸਚਿਵ (ਸਕੱਤਰ) ਦੇ ਅਹੁਦੇ ’ਤੇ ਨਿਯੁੱਕਤ ਹੋਏ ਪਰ ਦਫ਼ਤਰ ਵਿਚ ਦੂਰ-ਵਿਵਹਾਰ ਦੇ ਕਾਰਣ, ਛੂਤ-ਛਾਤ ਦੇ ਸ਼ਰਾਪ ਦੇ ਕਾਰਣ ਉਨ੍ਹਾਂ ਨੇ ਇਹ ਅਹੁੱਦਾ ਛੱਡ ਦਿੱਤਾ। ਵਕਾਲਤ ਪੇਸ਼ਾ ਆਪਣਾ ਕੇ ਉਨ੍ਹਾਂ ਨੇ ਹੇਠਲੇ ਵਰਗ ਦੇ ਕਲਿਆਣ ਲਈ ਕਾਰਜਸ਼ੀਲਤਾ ਸ਼ੁਰੂ ਕਰ ਦਿੱਤੀ। ਸਮਾਜਿਕ ਸਮਤਾਵਾਦ, ਦੇਸ਼ ਦੀ ਆਜ਼ਾਦੀ, ਸਮੰਤਵਾਦ ਹੇਠਲੇ ਵਰਗ ਦੀ ਵਿਦਿਆ ਲਈ ਸੰਘਰਸ਼ ਤੇਜ਼ ਕਰ ਦਿੱਤੇ। 1927 ਵਿਚ ਡਾ. ਅੰਬੇਦਕਰ ਬੁੰਬਈ ਵਿਧਾਨ ਪ੍ਰੀਸ਼ਦ ਲਈ ਚੁਣੇ ਗਏ। ਇਸੇ ਦੌਰਾਨ ਉਨ੍ਹਾਂ ਨੇ ਕਈ ਉਚੇ ਅਹੁਦੇ ਹਾਸਲ ਕੀਤੇ ਅਤੇ ਬਹੁਤ ਸਾਰੀਆਂ ਪੁਸਤਕਾਂ ਦੀ ਰਚਨਾ ਕੀਤੀ। ਇਸੇ ਦਰਾਨ ਗਾਂਧੀ ਜੀ ਅਤੇ ਹੋਰ ਰਾਸ਼ਟਰੀ ਨੇਤਾਵਾਂ ਨੇ ਵੀ ਸਮਾਜ ਵਿਚਲੇ ਛੂਤ-ਛਾਤ ਦੇ ਕਲੰਕ ਨੂੰ ਮਿਟਾਉਣ ਲਈ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਹਨ।

ਭਾਰਤ ਆਜ਼ਾਦ ਹੋਣ ਤੋਂ ਬਾਅਦ ਉਨ੍ਹਾਂ ਨੂੰ ਸੰਵਿਧਾਨ ਦੀ ਰਚਨਾ ਦਾ ਕਾਰਜਭਾਰ ਸੌਂਪਿਆ ਗਿਆ। ਉਨ੍ਹਾਂ ਦੀ ਅਗਵਾਈ ਵਿਚ ਨਾ ਕੇਵਲ ਸੰਵਿਧਾਨ ਦੀ ਰਚਨਾ ਹੋਈ, ਬਲਕਿ ਕਾਨੂੰਨ, ਜਾਤ-ਪਾਤ ਦੀ ਸਮਾਪਤੀ ਦੀ ਨੀਂਹ ਰੱਖੀ ਗਈ। ਆਜ਼ਾਦ ਭਾਰਤ ਦੇ ਉਹ ਪਹਿਲੇ ਕਾਨੂੰਨ ਮੰਤਰੀ ਬਣੇ। ਉਨ੍ਹਾਂ ਦਾ ਵਿਸ਼ਵਾਸ ਬੁੱਧ ਧਰਮ ਤੇ ਅਟੁੱਟ ਸੀ। ਉਹ ਮਹਾਤਮਾ ਬੁੱਧ ਦੇ ਪ੍ਰਸ਼ੰਸਕ ਸਨ ਅਤੇ ਬੁੱਧ ਧਰਮ ਨੂੰ ਗ੍ਰਹਿਣ ਕਰ ਲਿਆ ਸੀ। ਡਾ. ਭੀਮ ਰਾਓ ਅੰਬੇਦਕਰ ਨੂੰ ਸੱਚੀ ਸ਼ਰਧਾਂਜ਼ਲੀ ਇਹੋ ਹੀ ਹੋ ਸਕਦੀ ਹੈ ਕਿ ਸਭਨਾਂ ਨੂੰ ਯੋਗਤਾ ਦੇ ਆਧਾਰ ’ਤੇ ਸਮਾਜ ਵਿਚ, ਜੀਵਨ ਵਿਚ ਮਾਨ-ਸਨਮਾਨ ਮਿਲੇ।

ਬਲਵਿੰਦਰ ਬਾਲਮ
276/11, ਓਂਕਾਰ ਨਗਰ,
ਗੁਰਦਾਸਪੁਰ-143521
ਮੋ. 98156-254089

# ਪੰਜਾਬ ਵਿਧਾਨ ਸਭਾ ’ਚ ਖਹਿਰਾ ਨੂੰ ਬੋਲਣ ਦੀ ਇਜਾਜ਼ਤ ਨਾ ਮਿਲਣ ’ਤੇ ਹੋਇਆ ਹੰਗਾਮਾ



ਚੰਡੀਗੜ੍ਹ-ਕਾਂਗਰਸ ਦੇ ਵਿਧਾਇਕਾਂ ਨੇ ਸੋਮਵਾਰ ਨੂੰ ਪਾਰਟੀ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਕਥਿਤ ਤੌਰ ’ਤੇ ਸਦਨ ਵਿੱਚ ਬੋਲਣ ਦਾ ਮੌਕਾ ਨਾ ਦਿੱਤੇ ਜਾਣ ਦੇ ਵਿਰੋਧ ਵਿਚ ਪੰਜਾਬ ਵਿਧਾਨ ਸਭਾ ਵਿੱਚੋਂ ਵਾਕਆਊਟ ਕੀਤਾ। ਸਿਫ਼ਰ ਕਾਲ ਦੌਰਾਨ ਭੁਲੱਥ ਦੇ ਵਿਧਾਇਕ ਖਹਿਰਾ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਧਿਆਨ ਸਦਨ ਵਿੱਚ ਮੁੱਦੇ ਉਠਾਉਣ ਦੀ ਇਜਾਜ਼ਤ ਦੇਣ ਲਈ ਮੰਗਿਆ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੀ ਖਹਿਰਾ ਦੇ ਸਮਰਥਨ ਵਿੱਚ ਖੜ੍ਹੇ ਹੋ ਗਏ ਅਤੇ ਸਪੀਕਰ ਨੂੰ ਉਨ੍ਹਾਂ ਨੂੰ ਬੋਲਣ ਦੀ ਇਜਾਜ਼ਤ ਦੇਣ ਦੀ ਅਪੀਲ ਕੀਤੀ। ਜਦੋਂ ਖਹਿਰਾ ਸਪੀਕਰ ਤੋਂ ਉਨ੍ਹਾਂ ਨੂੰ ਬੋਲਣ ਦੀ ਇਜਾਜ਼ਤ ਦੇਣ ਦੀ ਮੰਗ ਕਰਦੇ ਰਹੇ ਸੀ ਤਾਂ ਸੰਧਵਾਂ ਨੇ ਵਿਧਾਇਕ ਨੂੰ ਕਿਹਾ ਕਿ ਇਹ ਉਨ੍ਹਾਂ ਦਾ ਅਧਿਕਾਰ ਹੈ ਕਿ ਸਦਨ ਵਿੱਚ ਕਿਸ ਨੂੰ ਬੋਲਣ ਦਾ ਮੌਕਾ ਦਿੱਤਾ ਜਾਵੇ। ਇਸ ਤੋਂ ਬਾਅਦ ਖਹਿਰਾ ਬੈਠ ਗਏ। ਕੁਝ ਮਿੰਟਾਂ ਬਾਅਦ, ਖਹਿਰਾ ਫਿਰ ਆਪਣੀ ਸੀਟ ਤੋਂ ਉੱਠੇ ਅਤੇ ਸਪੀਕਰ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਕਿਸਾਨੀ ਨਾਲ ਸਬੰਧਤ ਮੁੱਦੇ ਉਠਾਉਣ ਦੀ ਇਜਾਜ਼ਤ ਦਿੱਤੀ ਜਾਵੇ। ਹਾਲਾਂਕਿ ਸਪੀਕਰ ਨੇ ਵਿਧਾਇਕ ਸੰਦੀਪ ਜਾਖੜ ਨੂੰ ਸਦਨ ਵਿੱਚ ਬੋਲਣ ਦੀ ਇਜਾਜ਼ਤ ਦਿੱਤੀ। ਜਦੋਂ ਖਹਿਰਾ ਨੇ ਬੋਲਣ ਦੀ ਇਜਾਜ਼ਤ ਨਾ ਮਿਲਣ ’ਤੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ, ਤਾਂ ਸੰਧਵਾਂ ਨੇ ਉਨ੍ਹਾਂ ਨੂੰ ਕਿਹਾ, “ਤੁਸੀਂ ਇੱਕ ਸਤਿਕਾਰਯੋਗ ਮੈਂਬਰ ਨੂੰ ਪੰਜਾਬ ਦੇ ਲੋਕਾਂ ਦੇ ਮੁੱਦੇ ਚੁੱਕਣ ਤੋਂ ਰੋਕ ਰਹੇ ਹੋ।”ਇਸ ਤੋਂ ਬਾਅਦ ਵਿਚ ਕਾਂਗਰਸੀ ਵਿਧਾਇਕ ਵਾਕਆਊਟ ਕਰਨ ਤੋਂ ਪਹਿਲਾਂ ਸਦਨ ਦੇ ਵਿਚਾਲੇ ਗਏ। ਇਸ ਦੌਰਾਨ ਕਾਂਗਰਸੀ ਵਿਧਾਇਕ ਰਾਣਾ ਗੁਰਜੀਤ ਸਿੰਘ ਅਤੇ ਹਰਦੇਵ ਸਿੰਘ ਲਾਡੀ ਕੁਝ ਸਮੇਂ ਲਈ ਬੈਠੇ ਰਹੇ, ਪਰ ਬਾਅਦ ਵਿੱਚ ਵਾਕਆਊਟ ਕਰ ਗਏ। ਪੰਜਾਬ ਵਿਧਾਨ ਸਭਾ ਦੀ ਕਾਰਵਾਈ ਦੌਰਾਨ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵਲੋਂ ਪੰਜਾਬ ਦੇ ਨੌਜਵਾਨਾਂ ਨੂੰ ਮਿਲਣ ਵਾਲੀਆਂ ਸਰਕਾਰੀ ਨੌਕਰੀਆਂ ਦਾ ਮੁੱਦਾ ਚੁੱਕਿਆ ਗਿਆ। ਸਦਨ ’ਚ ਬੋਲਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਇਕ ਵਾਈਟ ਪੇਪਰ ਜਾਰੀ ਕਰਕੇ ਸਦਨ ’ਚ ਪੇਸ਼ ਕੀਤਾ ਜਾਵੇ। ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਜਿਨ੍ਹਾਂ ਨੌਜਵਾਨਾਂ ਨੂੰ ਨੌਕਰੀਆਂ ਮਿਲੀਆਂ ਹਨ, ਉਨ੍ਹਾਂ ਦੀ ਪੂਰੀ ਜਾਣਕਾਰੀ ਜਿਵੇਂ ਕਿ ਉਨ੍ਹਾਂ ਦਾ ਨਾਂ, ਉਨ੍ਹਾਂ ਦੇ ਮਾਪਿਆਂ ਦੇ ਨਾਂ, ਪਿੰਡ ਅਤੇ ਜਿਸ ਡਿਪਾਰਟਮੈਂਟ ਵਿਚ ਨੌਕਰੀ ਮਿਲੀ ਉਸ ਸਬੰਧੀ ਸਾਰੀ ਜਾਣਕਾਰੀ ਵਾਈਟ ਪੇਪਰ ’ਚ ਦਿੱਤੀ ਜਾਵੇ। ਨਾਲ ਇਹ ਵੀ ਦੱਸਿਆ ਜਾਵੇ ਕਿ ਪੰਜਾਬ ਦੇ ਕਿੰਨੇ ਤੇ ਕਿੰਨੇ ਗ਼ੈਰ ਪੰਜਾਬੀਆਂ ਨੂੰ ਨੌਕਰੀ ਮਿਲੀ ਹੈ। ਇਸ ਦੇ ਨਾਲ ਹੀ ਵਾਈਟ ਪੇਪਰ ’ਚ ਇਹ ਵੀ ਜਾਣਕਾਰੀ ਹੋਵੇ ਕਿ ਹੁਣ ਤੱਕ ਸੂਬੇ ’ਚ ਜਿੰਨੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲੀਆਂ ਹਨ, ਉਨ੍ਹਾਂ ’ਚੋਂ ਕਿੰਨੇ ਪੰਜਾਬੀ ਹਨ ਅਤੇ ਗੈਰ-ਪੰਜਾਬੀ ਕਿੰਨੇ ਹਨ।ਉਨ੍ਹਾਂ ਕਿਹਾ ਕਿ ਸਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਕਿਹੜੇ ਜ਼ਿਲ੍ਹੇ ਦੇ ਨੌਜਵਾਨ ਨੂੰ ਕਿਸ ਵਿਭਾਗ ਵਿਚ ਨੌਕਰੀ ਮਿਲੀ ਹੈ।

SUPER SANDHU
ਸਾਨੂੰ ਕੈਨਰੀ, ਨਰਸਰੀ ਅਤੇ ਗਰੀਨ ਹਾਊਸ ਵਿਚ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ।

ਸਾਡੇ ਨਾਲ ਅੱਜ ਹੀ ਸੰਪਰਕ ਕਰੋ
Gary Varing: 604-807-3910
Charlie Sandhu: 604-864-7711

FRASERVIEW MEATS
The Name of Guaranteed Quality Meats

Number One Quality Meat in Lower Mainland
We also sell cooked chicken We take orders for all occassion
Serving You Since 1993
Try our Special Chicken Tikkar

Jagir S. Nagra
604-592-2900
#102-12047-80th Ave. Surrey (Besides Mega Fruticana)
www.fraserviewmeats.com


# ਸ਼ਿੰਦੇ ਖਿਲਾਫ਼ ਟਿੱਪਣੀਆਂ ਮਾਮਲੇ ’ਚ ਕਾਮੇਡੀਅਨ ਕੁਨਾਲ ਕਾਮਰਾ ਨੂੰ ਇਕ ਹੋਰ ਨੋਟਿਸ ਜਾਰੀ

ਮੁੰਬਈ:ਮੁੰਬਈ ਪੁਲੀਸ ਨੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਖਿਲਾਫ਼ ਕਥਿਤ ਅਪਮਾਨਜਨਕ ਟਿੱਪਣੀਆਂ ਕੀਤੇ ਜਾਣ ਨਾਲ ਸਬੰਧਤ ਕੇਸ ਵਿਚ ਸਟੈਂਡ-ਅਪ ਕਾਮੇਡੀਅਨ ਕੁਨਾਲ ਕਾਮਰਾ ਨੂੰ ਇਕ ਹੋਰ ਨੋਟਿਸ ਜਾਰੀ ਕੀਤਾ ਹੈ।

ਅਧਿਕਾਰੀਆਂ ਮੁਤਾਬਕ ਇਸ ਦੂਜੇ ਨੋਟਿਸ ਵਿਚ 36 ਸਾਲਾ ਕਾਮੇਡੀਅਨ ਨੂੰ ਖਾਰ ਪੁਲੀਸ ਥਾਣੇ ਵਿਚ ਦਰਜ ਕੇਸ ਵਿਚ ਤਫ਼ਤੀਸ਼ੀ ਅਧਿਕਾਰੀ ਅੱਗੇ ਪੇਸ਼ ਹੋਣ ਲਈ ਕਿਹਾ ਗਿਆ ਹੈ। ਕੇਸ ਸ਼ਿਵ ਸੈਨਾ ਵਿਧਾਇਕ ਮੁਰਜੀ ਪਟੇਲ ਦੀ ਸ਼ਿਕਾਇਤ ’ਤੇ ਦਰਜ ਕੀਤਾ ਗਿਆ ਹੈ। ਉਂਝ ਇਹ ਸਪਸ਼ਟ ਨਹੀਂ ਹੈ ਕਿ ਕਾਮਰਾ ਨੂੰ ਪੁੱਛ-ਪੜਤਾਲ ਲਈ ਕਿਹੜੇ ਦਿਨ ਸੱਦਿਆ ਗਿਆ ਹੈ।ਪੁਲੀਸ ਨੇ ਕਾਮਰਾ ਨੂੰ ਪਹਿਲਾ ਨੋਟਿਸ ਮੰਗਲਵਾਰ ਨੂੰ ਜਾਰੀ ਕੀਤਾ ਸੀ ਤੇ ਮਾਣਹਾਨੀ ਕੇਸ ਦੀ ਕਾਰਵਾਈ ਸ਼ੁਰੂ ਹੋਣ ਦੇ ਹਵਾਲੇ ਨਾਲ ਖ਼ੁਦ ਪੇਸ਼ ਹੋਣ ਦੀ ਤਾਕੀਦ ਕੀਤੀ ਸੀ। ਸੂਤਰਾਂ ਮੁਤਾਬਕ ਕਾਮਰਾ ਨੇ ਪਹਿਲੇ ਨੋਟਿਸ ਤੋਂ ਬਾਅਦ ਪੁਲੀਸ ਅੱਗੇ ਪੇਸ਼ ਹੋਣ ਲਈ ਇਕ ਹਫ਼ਤੇ ਦਾ ਸਮਾਂ ਮੰਗਿਆ ਸੀ।







## ਕਾਮਰਾ ਦੀ ਪੈਰੋਡੀ ਤੋਂ ਸ਼ਿੰਦੇ ਦੇ ਸੈਨਿਕ ਭੜਕੇ

ਮੁੰਬਈ:ਪੁਲਸ ਨੇ ਸੋਮਵਾਰ ਉੱਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਦੇ ਯੁਵਾ ਧੜੇ ਯੁਵਾ ਸੈਨਾ ਦੇ 11 ਮੈਂਬਰਾਂ ਨੂੰ ਹੈਬੀਟੈਟ ਕਾਮੇਡੀ ਸਥਾਨ ਦੀ ਭੰਨਤੋੜ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। ਇਹ ਸਮੂਹ ਸਟੈਂਡਅੱਪ ਕਾਮੇਡੀਅਨ ਕੁਨਾਲ ਕਾਮਰਾ ਵੱਲੋਂ ਯੂਟਿਊਬ ’ਤੇ ਅਪਲੋਡ ਕੀਤੇ ਗਏ ਆਪਣੇ ਹਾਲ ਹੀ ਦੇ ਕਾਮੇਡੀ ਵਿਸ਼ੇਸ਼ ‘ਨਯਾ ਭਾਰਤ’ ’ਤੇ ਕੀਤੀਆਂ ਗਈਆਂ ਕਥਿਤ ਅਪਮਾਨਜਨਕ ਟਿੱਪਣੀਆਂ ਦਾ ਵਿਰੋਧ ਕਰ ਰਿਹਾ ਸੀ।

ਪੁਲਸ ਅਨੁਸਾਰ ਨੌਜਵਾਨ ਸਮੂਹ ਉਸ ਸਮੇਂ ਸਥਾਨ ਦੇ ਅੰਦਰ ਗਿਆ, ਜਦੋਂ ਕਾਮੇਡੀਅਨ ਰਜਤ ਸੂਦ ਦਾ ਲਾਈਵ ਸ਼ੋਅ ਚੱਲ ਰਿਹਾ ਸੀ, ਉਸ ਨੂੰ ਸ਼ੋਅ ਰੋਕਣ ਲਈ ਮਜਬੂਰ ਕੀਤਾ ਗਿਆ ਅਤੇ ਭੰਨਤੋੜ ਕੀਤੀ ਗਈ। ਸ਼ਿਵ ਸੈਨਾ ਨੇ ਕਾਮਰਾ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ’ਤੇ ਸਖਤ ਇਤਰਾਜ਼ ਜਤਾਇਆ ਹੈ।

ਕਾਮਰਾ ਨੇ ਸ਼ਿੰਦੇ ਨੂੰ ਗ਼ੱਦਾਰ ਕਹਿ ਕੇ ਦਿਲ ਤੋਂ ਪਾਗਲ ਹੈ ਫਿਲਮ ਦੇ ਗਾਣੇ ਦੀ ਪੈਰੋਡੀ ਗਾਈ ਸੀ। ਇਸ ਵਿੱਚ 2022 ਵਿੱਚ ਸ਼ਿੰਦੇ ਵੱਲੋਂ ਆਪਣੇ ਪ੍ਰਧਾਨ ਊਧਵ ਠਾਕਰੇ ਵਿਰੁੱਧ ਬਗਾਵਤ ਦਾ ਜ਼ਿਕਰ ਸੀ।

ਇਸ ਦੌਰਾਨ ਮਹਾਰਾਸ਼ਟਰ ਵਿੱਚ ਵਿਰੋਧੀ ਗੱਠਜੋੜ ਨੇ ਕਾਨੂੰਨ ਵਿਵਸਥਾ ਦੇ ਵਿਗੜਨ ਲਈ ਮਹਾਯੁਤੀ ਸਰਕਾਰ ਦੀ ਆਲੋਚਨਾ ਕੀਤੀ ਹੈ ਅਤੇ ਸ਼ਿਵ ਸੈਨਾ (ਯੂ ਬੀ ਟੀ) ਦੇ ਅਰਵਿੰਦ ਸਾਵੰਤ ਨੇ ਕਿਹਾ ਹੈ ਕਿ ਕਾਮਰਾ ਵੱਲੋਂ ਬੋਲਿਆ ਗਿਆ ਹਰ ਸ਼ਬਦ ਸਹੀ ਹੈ। ਸ਼ਿੰਦੇ ਸੈਨਾ ਦੇ ਸੰਜੇ ਨਿਰੂਪਮ ਨੇ ਦੋਸ਼ ਲਗਾਇਆ ਕਿ ਜਿਸ ਥਾਂ ’ਤੇ ਇਹ ਸ਼ੋਅ ਰਿਕਾਰਡ ਕੀਤਾ ਗਿਆ ਸੀ, ਉਸ ਦੀ ਬੁਕਿੰਗ ਦਾ ਪੈਸਾ ਊਧਵ ਠਾਕਰੇ ਦੇ ਘਰ ਮਾਤੋਸ਼੍ਰੀ ਤੋਂ ਆਇਆ ਸੀ ਅਤੇ ਇਸੇ ਲਈ ਏਕਨਾਥ ਸ਼ਿੰਦੇ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਉਨ੍ਹਾ ਅੱਗੇ ਦੋਸ਼ ਲਗਾਇਆ ਕਿ ਕਾਮਰਾ ‘ਰਾਹੁਲ ਗਾਂਧੀ ਅਤੇ ਕਾਂਗਰਸ ਈਕੋ ਸਿਸਟਮ’ ਦਾ ਹਿੱਸਾ ਹੈ। ਪੁਲਸ ਨੇ ਕੁਨਾਲ ਕਾਮਰਾ ਖਿਲਾਫ ਵੀ ਕੇਸ ਦਰਜ ਕੀਤਾ ਹੈ। ਇਹੀ ਨਹੀਂ, ਪੁਲਸ ਨੇ ਸ਼ਿਵ ਸੈਨਾ ਦੇ ਉਨ੍ਹਾਂ 40 ਵਰਕਰਾਂ ਖਿਲਾਫ ਵੀ ਕੇਸ ਦਰਜ ਕੀਤਾ ਹੈ, ਜਿਨ੍ਹਾਂ ਮੁੰਬਈ ਦੇ ਖਾਰ ਇਲਾਕੇ ਵਿਚ ਹੈਬੀਟੈਟ ਸਟੂਡੀਓ ਤੇ ਹੋਟਲ ਦੀ ਕਥਿਤ ਭੰਨਤੋੜ ਕੀਤੀ। ਦਾਅਵਾ ਕੀਤਾ ਜਾਂਦਾ ਹੈ ਕਿ ਕਾਮਰਾ ਦਾ ਸ਼ੋਅ ‘ਗੱਦਾਰ’ ਇਸੇ ਸਟੂਡੀਓ ਵਿੱਚ ਫਿਲਮਾਇਆ ਗਿਆ ਸੀ, ਜਿਸ ਵਿੱਚ ਸ਼ਿੰਦੇ ਖਿਲਾਫ ਕਥਿਤ ਟਿੱਪਣੀਆਂ ਕੀਤੀਆਂ ਗਈਆਂ ਸਨ। ਪੁਲਸ ਨੇ ਕਿਹਾ ਕਿ ਵੱਡੀ ਗਿਣਤੀ ਸ਼ਿਵ ਸੈਨਾ ਵਰਕਰ ਐਤਵਾਰ ਰਾਤ ਨੂੰ ਹੋਟਲ ਦੇ ਬਾਹਰ ਇਕੱਤਰ ਹੋ ਗਏ। ਉਨ੍ਹਾਂ ਹੋਟਲ ਤੇ ਇਸ ਵਿਚਲੇ ਸਟੂਡੀਓ ਦੀ ਕਥਿਤ ਭੰਨਤੋੜ ਕੀਤੀ। ਕਾਬਿਲੇਗੌਰ ਹੈ ਕਿ ਹੈਬੀਟੈਟ ਸਟੂਡੀਓ ਉਹੀ ਥਾਂ ਹੈ, ਜਿੱਥੇ ਵਿਵਾਦਿਤ ਸ਼ੋਅ ‘ਇੰਡੀਆ’ਜ਼ ਗੌਟ ਲੇਟੈਂਟ’ ਫਿਲਮਾਇਆ ਗਿਆ ਸੀ। ਸ਼ਿਵ ਸੈਨਾ ਵਿਧਾਇਕ ਮੁਰਜੀ ਪਟੇਲ ਨੇ ਕਾਮਰਾ ਖਿਲਾਫ ਸ਼ਿਕਾਇਤ ਦਰਜ ਕਰਾਈ। ਸੋਸ਼ਲ ਮੀਡੀਆ ’ਤੇ ਵਾਇਰਲ ਹੋਈ 2 ਮਿੰਟ ਦੀ ਵੀਡੀਓ ਵਿੱਚ ਕਾਮਰਾ ਸੱਤਾਧਾਰੀ ਐੱਨ ਸੀ ਪੀ ਤੇ ਸ਼ਿਵ ਸੈਨਾ ਦਾ ਮਖੌਲ ਉਡਾਉਂਦਾ ਨਜ਼ਰ ਆਉਂਦਾ ਹੈ। ਉੱਧਰ, ਬ੍ਰਿਹਨ ਮੁੰਬਈ ਮਿਊਂਸਪਲ ਕਾਰਪੋਰੇਸ਼ਨ ਨੇ ਯੂਨੀਕੌਂਟੀਨੈਂਟਲ ਹੋਟਲ ਵਿਖੇ ਹੈਬੀਟੈਟ ਸਟੂਡੀਓ ਨੂੰ ਇਹ ਕਹਿ ਕੇ ਢਾਹੁਣਾ ਸ਼ੁਰੂ ਕਰ ਦਿੱਤਾ ਕਿ ਇਹ ਐਨਕਰੋਚਮੈਂਟ ਕਰਕੇ ਬਣਾਇਆ ਗਿਆ ਹੈ। ਅਧਿਕਾਰੀਆਂ ਮੁਤਾਬਕ ਸਟੂਡੀਓ ਦੋ ਹੋਟਲਾਂ ਵਿਚਾਲੇ ਕਬਜ਼ੇ ਕੀਤੀ ਥਾਂ ’ਤੇ ਬਣਾਇਆ ਗਿਆ ਹੈ।


ਪੰਜਾਬੀ, ਹਿੰਦੀ ਵਿੱਚ ਵੀ ਗੱਲ ਕਰਦੇ ਹਾਂ

Rx FAMILY CARE PHARMACY

- FREE blister/bubble packing for better compliance
- FREE delivery
- OPEN 7 days a week *including* **Holidays**
- FULL line of home health care/ostomy/wound care
- FULL line of vitamins, supplements, herbs & homeopathy

* ਫਰੀ ਬਲਿਸਟਰ / ਬੱਬਲ ਪੈਕਿੰਗ, ਇੱਛਾ ਮੁਤਾਬਿਕ * ਮੁਫਤ ਡਲਿਵਰੀ
* ਹਫਤੇ ਦੇ ਸੱਤੇ ਦਿਨ ਤੇ ਛੁੱਟੀ ਦੇ ਦਿਨ ਵੀ ਖੁੱਲੇ ਰਹਿੰਦੇ ਹਾਂ
* ਹਰ ਤਰਾਂ ਦੀਆਂ ਸਿਹਤ ਸੇਵਾਵਾਂ ਸਬੰਧੀ ਸਭ ਦੁਆਈਆਂ, ਅਸਟੋਮੀ, ਜਖਮ ਕੇਅਰ
* ਹਰ ਤਰਾਂ ਦੇ ਵਿਟਾਮਿਨ, ਸਪਲੀਮੈਂਟ, ਹਰਬਲ WE DO TRAVEL SHOTS
* ਹੋਮਿਓਪੈਥਿਕ ਦਵਾਈਆਂ ਲਈ ਬੀ ਸੀ ਦੀ ਨੰਬਰ 1 ਫਾਰਮੇਸੀ

FREE CONSULTATIONS

Open Hours
Sun:10:00 AM - 4:00 PM
Mon to Thurs:7:00 AM - 8:00 PM
Fri: 7AM - 8 PM Sat:9 AM - 6PM

- ਫ਼ਲੂ ਦੇ ਟੀਕੇ ਲਗਾਏ ਜਾਂਦੇ ਹਨ।
- ਸ਼ੂਗਰ ਟੈਸਟ ਕੀਤਾ ਜਾਂਦਾ ਹੈ
- ਟਰੈਵਲ ਕਰਨ ਲਈ ਜਾ ਇੰਡੀਆ ਜਾਣ ਲਈ ਕਿਹੜੇ ਕਿਹੜੇ ਸ਼ਾਟਸ/ਟੀਕੇ ਲਗਵਾਉਣੇ ਚਾਹੀਦੇ ਹਨ, ਉਸਦੀ ਸਲਾਹ ਵੀ ਦਿੰਦੇ ਹਾਂ।

| SURREY | DELTA | WHITE ROCK |
|---|---|---|
| 12815 96 Ave, Surrey | 8925-120 Street, Delta | 1539 Johnston Road |
| Ph:604-581-1900 | Ph:604-599-4318 | Ph:604-536-1300 |



ਕੇਟਰਿੰਗ ਦੀ ਦੁਨੀਆ ਵਿਚ ਮੰਨਿਆ ਪ੍ਰਮੰਨਿਆ ਨਾਮ

ਸ਼ਾਹੀ ਕੇਟਰਿੰਗ ਸਵੀਟਸ & ਬੈਂਕੁਇਟ ਹਾਲ

ਹਰ ਪ੍ਰਕਾਰ ਦੀ ਤਾਜਾ ਸਵਾਦਲੀ ਮਠਿਆਈ ਵਧੀਆ ਰੇਟ ਤੇ ਖਰੀਦੋ

ਅਸੀਂ ਈਟਾਲੀਅਨ, ਗਰੀਕ ਅਤੇ ਜਰਮਨ ਡਿਸ਼ਿਜ ਵੀ ਤਿਆਰ ਕਰਦੇ ਹਾਂ





ਬੈਂਕੁਇਟ ਹਾਲ 150 ਸੀਟਾਂ ਵਾਲਾ

ਘਰ ਆ ਕੇ ਤੰਦੂਰ ਲਾ ਕੇ ਬਾਰਬੀਕਿਯੂ ਅਤੇ ਕੇਟਰਿੰਗ ਵੀ ਕਰਦੇ ਹਾਂ




50 ਤੋਂ ਲੈ ਕੇ 1000 ਬੰਦਿਆਂ ਤੱਕ ਦੀ ਪਾਰਟੀ ਦੀ ਕੇਟਰਿੰਗ ਕਰਦੇ ਹਾਂ

ਗੁਰਦੁਆਰਾ ਸਾਹਿਬ ਲਈ ਸਪੈਸ਼ਲ ਰੇਟ



ਕੁਲਵਿੰਦਰ ਸਿੰਘ ਪੂਨੀ

12815, 85 Ave Surrey BC. | www.shahicaterers.ca | Email: kspooni95@hotmail.de

778-928-4522, 778-565-4141, 778-565-3232

# ਵਿਰੋਧੀ ਧਿਰ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੇ ਨੇ ਸਪੀਕਰ:ਖਹਿਰਾ

ਚੰਡੀਗੜ੍ਹ-ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੇ ਦੂਜੇ ਦਿਨ ਅੱਜ ਕਾਂਗਰਸ ਦੇ ਵਿਧਾਇਕਾਂ ਨੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਕਥਿਤ ਤੌਰ ਤੇ ਸਦਨ ਵਿੱਚ ਬੋਲਣ ਦਾ ਮੌਕਾ ਨਾ ਦਿੱਤੇ ਜਾਣ ਦੇ ਵਿਰੋਧ ਵਿੱਚ ਪੰਜਾਬ ਵਿਧਾਨ ਸਭਾ ਵਿੱਚੋਂ ਵਾਕਆਊਟ ਕੀਤਾ।ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਨੇ ਵਿਧਾਨ ਸਭਾ ਫ਼ਰਸਤੁੋਂਚੋਂ ਵਾਕਆਊਟ ਕਰਨ ਤੋਂ ਬਾਅਦ ਕਿਹਾ ਕਿ ਸਪੀਕਰ ਵੱਲੋਂ ਵਿਰੋਧੀਆਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸੇ ਲਈ ਸਦਨ ਵਿੱਚੋਂ ਵਿਰੋਧੀ ਧਿਰ ਦੇ ਵਿਧਾਇਕਾਂ ਨੂੰ ਬੋਲਣ ਦਾ ਸਮਾਂ ਘੱਟ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਪੀਕਰ ਵੱਲੋਂ ਪਿਛਲੇ ਸਾਲ ਤੋਂ ਉਨ੍ਹਾਂ ਨੂੰ ਵਿਧਾਨ ਸਭਾ ਦੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਰੋਕਿਆ ਜਾ ਰਿਹਾ ਹੈ। ਸ੍ਰੀ ਖਹਿਰਾ ਨੇ ਕਿਹਾ ਕਿ ਉਸ ਵੱਲੋਂ ਸਿਫ਼ਰ ਕਾਲ ਵਿੱਚ ਕਿਸਾਨੀ ਦੀ ਗੱਲ ਕੀਤੀ ਜਾਣੀ ਸੀ, ਜਿਸ ਲਈ ਉਸ ਨੇ ਆਪਣੀ ਗੱਲ ਰੱਖਣ ਲਈ 10 ਵਾਰ ਵਿਧਾਨ ਸਭਾ ਵਿੱਚ ਹੱਥ ਖੜ੍ਹਾ ਕੀਤਾ ਪਰ ਵਿਧਾਨ ਸਭਾ ਸਪੀਕਰ ਵੱਲੋਂ ਉਨ੍ਹਾਂ ਨੂੰ ਬੋਲਣ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਕੁੱਲ 117 ਵਿਧਾਇਕਾਂ ਵਿੱਚੋਂ ਕਾਂਗਰਸੀ ਵਿਧਾਇਕਾਂ ਨੂੰ ਬਣਦਾ ਸਮਾਂ ਨਹੀਂ ਦਿੱਤਾ ਜਾ ਰਿਹਾ, ਬਲਕਿ ਸੱਤਾਧਾਰੀ ਧਿਰ ਦੇ ਵਿਧਾਇਕਾਂ ਨੂੰ ਸਮਾਂ ਦਿੱਤਾ ਜਾ ਰਿਹਾ ਹੈ। ਸਪੀਕਰ ਵੱਲੋਂ ਵਿਰੋਧੀ ਧਿਰ ਨੂੰ ਚੁੱਪ ਕਰਵਾ ਕੇ ਲੋਕਤੰਤਰੀ ਬਹਿਸ ਦੇ ਮੂਲ ਅਰਥਾਂ ਫ਼ਰਸਤੁੋਤੇ ਹਮਲਾ ਕੀਤਾ ਜਾ ਰਿਹਾ ਹੈ, ਜਿਸ ਨੂੰ ਬਰਾਦਸ਼ਤ ਨਹੀਂ ਕੀਤਾ ਜਾਵੇਗਾ।

# ਥਾਈਲੈਂਡ ਦੀ ਪ੍ਰਧਾਨ ਮੰਤਰੀ ਖ਼ਿਲਾਫ਼ ਬੇਭਰੋਸਗੀ ਮਤਾ ਪੇਸ਼

ਬੈਂਕਾਕ- ਥਾਈ ਪ੍ਰਧਾਨ ਮੰਤਰੀ ਪੈਤੋਂਗਤਾਰਨ ਸ਼ਿਨਵਾਤਰਾ ਨੂੰ ਅੱਜ ਸੰਸਦ ਵਿੱਚ ਬੇਭਰੋਸਗੀ ਮਤੇ ਦਾ ਸਾਹਮਣਾ ਕਰਨਾ ਪਿਆ ਕਿਉਂਕਿ ਵਿਰੋਧੀ ਧਿਰ ਨੇ ਦੋਸ਼ ਲਗਾਇਆ ਕਿ ਉਹ ਆਪਣੇ ਪਿਤਾ, ਜੋ ਕਿ ਇਕ ਸਾਬਕਾ ਪ੍ਰਧਾਨ ਮੰਤਰੀ ਵੀ ਹਨ, ਤੋਂ ਅਣਉਚਿਤ ਢੰਗ ਨਾਲ ਪ੍ਰਭਾਵਿਤ ਹੈ ਅਤੇ ਦੇਸ਼ ਨੂੰ ਗਲਤ ਤਰੀਕੇ ਨਾਲ ਚਲਾ ਰਹੀ ਹੈ। ਪੈਤੋਂਗਤਾਰਨ ਜਿਨ੍ਹਾਂ ਨੇ ਪਿਛਲੇ ਸਾਲ ਅਹੁਦਾ ਸੰਭਾਲਿਆ ਸੀ, ਨੂੰ ਬੁੱਧਵਾਰ ਨੂੰ ਆਪਣੇ ਸੱਤਾਧਾਰੀ ਗੱਠਜੋੜ ਦੇ ਸਮਰਥਨ ਨਾਲ ਆਪਣੇ ਪਹਿਲੇ ਬੇਭਰੋਸਗੀ ਮਤੇ ਤੋਂ ਬਚਣ ਦੀ ਆਸ ਹੈ। ਸੰਸਦ ਵਿੱਚ ਵਿਰੋਧੀ ਧਿਰ ਦੇ ਨੇਤਾ ਨੱਥਾਫੋਂਗ ਰੂਏਂਗਪਨਿਆਵੁਤ ਨੇ ਕਿਹਾ ਕਿ ਪੈਤੋਂਗਤਾਰਨ ਦੇਸ਼ ਦੀਆਂ ਕਈ ਪੁਰਾਣੀਆਂ ਸਮੱਸਿਆਵਾਂ ਦਾ ਹੱਲ ਕਰਨ ਵਿੱਚ ਅਸਫ਼ਲ ਰਹੀ ਹੈ, ਜਿਨ੍ਹਾਂ ਵਿੱਚ ਧੀਮਾ ਅਰਥਚਾਰਾ, ਹਵਾ ਪ੍ਰਦੂਸ਼ਣ, ਅਪਰਾਧ ਅਤੇ ਭ੍ਰਿਸ਼ਟਾਚਾਰ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੈਤੋਂਗਤਾਰਨ ਦੀ ਸਰਕਾਰ ਉਨ੍ਹਾਂ ਦੇ ਪਰਿਵਾਰ ਅਤੇ ਉਨ੍ਹਾਂ ਦੇ ਪਿਤਾ ਤੇ ਸਾਬਕਾ ਪ੍ਰਧਾਨ ਮੰਤਰੀ ਥਾਕਸਿਨ ਸ਼ਿਨਵਾਤਰਾ ਦੇ ਹਿੱਤਾਂ ਦੀ ਸੇਵਾ ਕਰ ਰਹੀ ਹੈ। ਥਾਕਸਿਨ ਸ਼ਿਨਵਾਤਰਾ ਕਾਫੀ ਜ਼ਿਆਦਾ ਵਿਵਾਦਤ ਸਿਆਸੀ ਵਿਅਕਤੀ ਹਨ। ਪੈਤੋਂਗਤਾਰਨ ਫਿਊ ਥਾਈ ਪਾਰਟੀ ਦੀ ਮੁਖੀ ਹਨ ਜੋ ਕਿ ਥਾਕਸਿਨ ਨਾਲ ਜੁੜੀਆਂ ਲੋਕਪ੍ਰਿਯ ਪਾਰਟੀਆਂ ਦੀ ਲੜੀ ਵਿੱਚ ਨਵੀਂ ਹੈ। ਉਨ੍ਹਾਂ ਨੂੰ 2006 ਦੇ ਫੌਜ ਵੱਲੋਂ ਕੀਤੇ ਤਖ਼ਤਾਪਲਟ ਵਿੱਚ ਹਟਾ ਦਿੱਤਾ ਗਿਆ ਸੀ। ਉਹ ਜਲਾਵਤਨ ਹੋ ਗਏ ਸਨ ਅਤੇ ਹਾਲ ਹੀ ਵਿੱਚ ਥਾਈਲੈਂਡ ਪਰਤੇ ਹਨ। ਥਾਕਸਨ ਲਗਪਗ ਦੋ ਦਹਾਕਿਆਂ ਤੋਂ ਡੂੰਘੀ ਸਿਆਸੀ ਵੰਡ ਦੇ ਕੇਂਦਰ ਵਿੱਚ ਰਹੇ ਹਨ।

# ਭਾਰਤ ’ਚ ਘੱਟ ਗਿਣਤੀਆਂ ਸੁਰੱਖਿਅਤ ਹਨ:ਰਿਜੀਜੂ

ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਭਾਰਤ ਵਿੱਚ ਘੱਟ ਗਿਣਤੀਆਂ ਸੁਰੱਖਿਅਤ ਹਨ ਅਤੇ ਇਸ ਦੇ ਉਲਟ ਝੂਠੇ ਦਾਅਵਿਆਂ ਦਾ ਖੰਡਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਘੱਟ ਗਿਣਤੀ ਭਾਈਚਾਰੇ ਰਾਸ਼ਟਰ ਨਿਰਮਾਣ ਵਿੱਚ ਇੱਕ ਵੱਡੀ ਭੂਮਿਕਾ ਨਿਭਾਉਂਦੇ ਰਹਿਣਗੇ।

ਰਾਸ਼ਟਰੀ ਘੱਟ ਗਿਣਤੀ ਕਮਿਸ਼ਨ (ਐਨਸੀਐਮ) ਦੁਆਰਾ ਆਯੋਜਿਤ ਰਾਜ ਘੱਟ ਗਿਣਤੀ ਕਮਿਸ਼ਨਾਂ ਦੇ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ, ਰਿਜੀਜੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2047 ਤੱਕ ਭਾਰਤ ਨੂੰ ਵਿਕਸਤ ਭਾਰਤ ਬਣਾਉਣ ਦਾ ਸੱਦਾ ਦਿੱਤਾ ਹੈ।

ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਨੇ ਕਿਹਾ, ‘‘ਇਸ ਯਤਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਦਾ ਯੋਗਦਾਨ ਮਹੱਤਵਪੂਰਨ ਹੋਣਾ ਚਾਹੀਦਾ ਹੈ। ਘੱਟ ਗਿਣਤੀ ਭਾਈਚਾਰਿਆਂ ਨੇ ਪਹਿਲਾਂ ਵੀ ਰਾਸ਼ਟਰ ਨਿਰਮਾਣ ਵਿੱਚ ਬਹੁਤ ਯੋਗਦਾਨ ਪਾਇਆ ਹੈ ਅਤੇ ਭਵਿੱਖ ਵਿੱਚ ਵੀ ਅਜਿਹਾ ਕਰਦੇ ਰਹਿਣਗੇ।’’

# ਸਫ਼ਰ ਟੈਕਸੀ ਕਾ

ਸਰਦਾਰ ਜੀ: - ਅ ਛ ਥੋੜਾ ਕੰਮ ਕਰ ਦੋ, ਜ਼ੁਕਾਮ ਲਗ ਜਾਏਗਾ ਮੁਝੇ।

ਡਰਾਈਵਰ: - ਜੀ ਸਰ, ਆਜ ਕੱਲ ਕਾ ਮੌਸਮ ਇਸੀ ਤਰਾਂ ਕਾ ਹੈ, ਦਿੱਲੀ ਅਬ ਰਹਿਨੇ ਲਾਇਕ ਨਹੀਂ ਰਹੀ, ਕੋਈ ਕਾਮ-ਧੰਧਾ ਭੀ ਨਹੀਂ ਰਹਾ, ਘਰ ਕੇ ਖਰਚੇ ਬੜੀ ਮੁਸ਼ਕਿਲ ਸੇ ਚਲ ਰਹੇ ਹੈਂ।

ਸਰਦਾਰ ਜੀ: - ਤੁਮਾਰਾ ਨਾਮ ਕਯਾ ਹੈ, ਕਿਤਨੇ ਬੱਚੇ ਹੈ ਤੁਮਾਰੇ ਔਰ ਕਹਾਂ ਪੜ੍ਹਤੇ ਹੈਂ ?

ਡਰਾਈਵਰ: - ਸਰ ਮੇਰਾ ਨਾਮ ਮੁਕੇਸ਼ ਹੈ ਅਤੇ ਮੇਰਾ ਇਕ ਬੇਟਾ ਹੈ ਜੋ ਡੌਨ ਬੋਸਕੋ ਮੇਂ ਪੜ੍ਹਤਾ ਹੈ।

ਸਰਦਾਰ ਜੀ: - ਹੈਰਾਨ ਹੁੰਦਿਆ, ਅਭੀ ਤੁਮ ਕਹਿ ਰਹੇ ਥੇ ਕਿ ਕੋਈ ਕਾਮ-ਧੰਧਾ ਨਹੀਂ ਹੈ, ਫਿਰ ਤੁਮ ਇਤਨੇ ਬੜੇ ਸਕੂਲ ਕੀ ਇਤਨੀ ਜ਼ਿਆਦਾ ਫੀਸ ਕੈਸੇ ਦੇਤੇ ਹੋ? ਜੋ ਕਿ ਮੇਰੇ ਮੁਤਾਬਿਕ ਕਮ ਸੇ ਕਮ 5000/6000 ਰੁਪਏ ਮਹੀਨਾ ਹੋਗੀ....

ਡਰਾਈਵਰ: - ਸਰ, ਮੇਰੇ ਬੱਚੇ ਕੀ ਫੀਸ ਸਿਰਫ ਏਕ ਹਜ਼ਾਰ ਹੈ, ਕਿਤਾਬੇਂ ਅਤੇ ਸਕੂਲ ਕੀ ਡਰੈਸ ਭੀ ਫ੍ਰੀ ਹੈ, ਔਰ ਮੈਂ ਅਗਰ ਏਕ ਹਜ਼ਾਰ ਨਾ ਦੇ ਪਾਉ ਤੋ ਭੀ ਪੂਰੀ ਸਪੋਰਟ ਕਰਤੇ ਹੈਂ, ਕਿਉਂਕਿ ਮੈਂ ਕ੍ਰਿਸਚੀਅਨ ਹੂੰ। ਸਕੂਲ ਕੇ ਬਾਕੀ ਬੱਚੋਂ (ਮਤਲਬ ਦੂਸਰੇ ਧਰਮਾਂ ਕੇ) ਸੇ ਪੂਰੀ ਫੀਸ ਲੇਤੇਂ ਹੈ ਔਰ ਡੋਨੇਸ਼ਨ ਭੀ,

ਸਰ ਆਪ ਸਿੱਖ ਹੋ, ਆਪਕੇ ਸਕੂਲਾਂ ਮੇਂ ਤੋ ਏਕ ਭੀ ਪੈਸਾ ਨਹੀ ਲਗਤਾ ਹੋਗਾ, ਸਿੱਖ ਬੱਚੇ ਕਾ

ਔਰ ਸ਼ਾਇਦ ਖਾਣਾ ਭੀ ਫ੍ਰੀ ਮਿਲਤਾ ਹੋਗਾ ?

ਸੋਚਤਾ ਹੂੰ ਸਿੱਖ ਬਣ ਜਾਊਂ, ਬੱਚਾ ਭੀ ਫ੍ਰੀ ਪੜ੍ਹ ਜਾਏਗਾ ਔਰ ਖਾਨੇ ਕੇ ਭੀ ਪੈਸੇ ਬਚੇਂਗੇ ?

ਸਰਦਾਰ ਜੀ: - ਹੈਰਾਨ ਹੁੰਦਿਆਂ,

ਤੁਮ੍ਹੇਂ ਕਿਸ ਨੇ ਬਤਾਯਾ ਕਿ ਸਿੱਖੋਂ ਕੇ ਬੱਚੇ ਆਪਣੇ ਸਕੂਲੋਂ ਮੇਂ ਫ੍ਰੀ ਮੇ ਪੜ੍ਹਤੇ ਹੈ ਔਰ ਉਨ੍ਹਕੋ ਖਾਨਾ ਭੀ ਫ੍ਰੀ ਮਿਲਤਾ ਹੈ ?

ਡਰਾਈਵਰ: - ਅਰੇ ਸਰ, ਪੂਛਨਾ ਕਿਸ ਸੇ ਹੈ, ਆਪ ਸਿਖ ਭਾਈ ਇੰਤਨੇ ਕਰੋੜੋਂ ਕੇ ਲੰਗਰ ਫ੍ਰੀ ਲਗਾਤੇ ਹੋ,

ਲਾਖੋਂ ਲੋਗੋਂ ਕੋ ਲੰਗਰ ਬਾਂਟਤੇ ਹੋ,

ਪੜਾਈ ਤੋ ਫ੍ਰੀ ਹੋਗੀ ਹੀ.....

ਮੇਰੇ ਜੈਸੇ ਜ਼ਰੂਰਤਮੰਦ ਸਿੱਖਾਂ ਕੀ ?

# ਮੇਰੇ ਕੋਲ ਜਵਾਬ ਨਹੀਂ ਸੀ, ਜਦੋਂ ਉਸਨੇ ਕਰੋੜਾਂ ਦੇ ਲੰਗਰ ਦੀ ਗੱਲ ਕੀਤੀ ਤਾਂ ਮੇਰਾ ਹੱਥ ਉਸ ਵੇਲੇ ਮੁੱਛਾਂ ਨੂੰ ਤਾਅ ਦੇ ਰਿਹਾ ਸੀ, ਹਥ ਉਥੇ ਹੀ ਰੁਕ ਗਿਆ।

ਉਸ ਨੇ ਦੋ ਤਿੰਨ ਵਾਰ ਮੇਰੇ ਵਲ ਮੁਸਕਰਾ ਕੇ ਵੇਖਿਆ ਕਿ ਮੈਂ ਕੁਝ ਬੋਲਾਂਗਾ ,

ਪਰ ਮੈਂ ਸਾਰੇ ਰਸਤੇ ਉਸ ਤੋਂ ਆਪਣੀਆਂ ਨਜ਼ਰਾ ਛੁਪਾਂਉਦਾ ਰਿਹਾ...

ਕਾਸ਼!!!!

ਸਿੱਖ ਲੰਗਰਾਂ ਦੇ ਬਜਾਏ ਆਪਣੀ ਕੌਮ ਦੇ ਲੋੜਵੰਦ ਲੋਕਾਂ ਦੀ ਮਦਦ ਵੀ ਕਰਦੇ ...

ਪਤਾ ਨਹੀਂ ਅੱਜ ਕਿੰਨੇ ਗਰੀਬ ਸਿੱਖ ਰੁਲ ਰਹੇ ਹਨ, ਉਨ੍ਹਾਂ ਨੂੰ ਸੁਣਨ ਵਾਲਾ ਤੇ ਮਦਦ ਦੇਣ ਵਾਲਾ ਕੋਈ ਨਹੀਂ ....

ਕੀ ਇਹ ਵਿਚਾਰਨ ਯੋਗ ਨਹੀਂ????

*ਜ਼ਰੂਰੀ ਬੇਨਤੀ:-* ਕਿਰਪਾ ਕਰਕੇ ਇਸ ਮੈਸਜ ਨੂੰ ਹੋਰਾ ਸੰਗਤਾਂ ਨੂੰ ਵੀ ਭੇਜਣ ਦੀ ਕ੍ਰਿਪਾਲਤਾ ਕਰ ਦੇਣਾ ਜੀ ਲ ਸ਼ਾਇਦ ਕਿਸੇ ਇਕ ਸਿਖ ਨੂੰ ਲੰਗਰ ਦੇ ਸਹੀ ਅਰਥ ਸਮਝ ਆ ਜਾਣ।

**ਦਾਸ**
**ਮਨਮੋਹਨ ਸਿੰਘ ਸੇਵਕ**
**ਸ੍ਰੀ ਅਨੰਦਪੁਰ ਸਾਹਿਬ**
**9216732351**

**ਆਪਣੇ ਵਪਾਰ ਦੇ ਵਾਧੇ ਲਈ**
**ਇਸ਼ਤਿਹਾਰ ਪਾਉਣ ਲਈ**
**ਫੋਨ ਕਰੋ 604-590-5200**







ਸੋਫਾ ਫੈਕਟਰੀ
LOWEST PRICES IN TOWN
ਸਟੋਰ ਤੇ ਆ ਕੇ ਵੇਖੋ
Biggest Sale of the Year
ਇੱਥੇ ਹਰ ਤਰਾਂ ਦੇ ਟਰੱਕਾਂ ਦੇ ਮੇਟਰੈਸ ਅਤੇ ਫੋਮ ਦੇ ਗੱਦੇ ਮਿਲਦੇ ਹਨ।
Special Sale 3 PCS Set $1150
2 PCS SOFA & LOVE SEAT $1550
2 PCS SOFA & LOVE SEAT $1550
ਤੁਹਾਡੇ ਘਰ ਆ ਕੇ ਮਿਣਤੀ ਕਰ ਕੇ ਕਸਟਮ ਸੈਕਸ਼ਨਲ ਬਣਾਉਂਦੇ ਹਾਂ। ਤੁਸੀਂ ਆਪਣੀ ਮਰਜ਼ੀ ਦਾ ਕੱਪੜਾ ਤੇ ਰੰਗ ਸਿਲੈਕਟ ਕਰ ਸਕਦੇ ਹੋ
ਕੈਨੇਡਾ ਦੇ ਬਣੇ ਹੋਏ ਬਾਕਸ ਬੈੱਡ ਅਤੇ ਫੋਮ ਦੇ ਮੈਟਰਸ ਕਿਸੇ ਵੀ ਸਾਇਜ ਵਿਚ ਮਿਲਦੇ ਹਨ
B&B FURNITURE
12732-80TH AVE. SURREY
604.594.6533
ਪੰਜਾਬ ਕਲਾਥ ਦੇ ਬਿਲਕੁਲ ਸਾਹਮਣੇ


+91 77175-02848
+91 98146-12006
+91 99882-68982
GE
+1 778-899-1576
+1 778-207-8100
EAGLE EYE
PICK & DROP TAXI SERVICE
CAR RENTALS & TAXI SERVICE
24 HOURS DELHI AIRPORT SERVICE
ONE WAY TAXI
SELF DRIVE
TOUR PACKAGES
Long Route Tour Packages Available With Urbania 17 Seater
Near Shri Saraswati Sanskrit College Samadhiroad, Khanna 141401
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
ਫਗਵਾੜਾ ਜਲੰਧਰ ਨਕੋਦਰ
ਮੋਗਾ ਅੰਮ੍ਰਿਤਸਰ ਨਵਾਂ ਸ਼ਹਿਰ
ਲੁਧਿਆਣਾ ਚੰਡੀਗੜ੍ਹ ਫਿਲੌਰ
BOOK NOW!
24/7 CUSTOMER SUPPORT
*ਦਿੱਲੀ ਤੋਂ ਪੰਜਾਬ ਵਨ ਵੇਅ ਸਰਵਿਸ
*ਟਰੈਕਿੰਗ ਸਿਸਟਮ *24 ਘੰਟੇ ਸਰਵਿਸ
WE OFFER VARIETY OF CARS OPTION FOR YOUR COMFORT
*ਵੱਡੇ ਪਰਿਵਾਰ ਜਾਂ ਛੋਟੇ ਪਰਿਵਾਰ ਲਈ ਗੱਡੀ
*ਡਰਾਈਵਰ ਜਾਂ ਬਿਨਾ ਡਰਾਈਵਰ ਤੋਂ ਗੱਡੀ ਲੈ ਸਕਦੇ ਹੋ
BOOK CAR RENTALS
UPDOWN 160 DOLLAR TILL LUDHIANA
UPDOWN 200 DOLLAR TILL JALANDHAR
UPDOWN 300 DOLLAR TILL AMRITSAR
TAXI
ONE WAY TAXI SERVICES
FROM DELHI AIRPORT
JALANDHAR
LUDHIANA
HOSHIARPUR
CHANDIGARH
AMRITSAR
MOGA
BEST RATES